ਸੋਮਵਾਰ, 10 ਮਾਰਚ, 2025
27 ਫੱਗਣ { ਨਾਨਕਸ਼ਾਹੀ 556 / ਬਿਕਰਮੀ 2081
ਜਿਲਦ/VOL. : 73
ਅੰਕ/NO. : 279

ਰੋਜ਼ਾਨਾ
ਨਵਾਂ ਜ਼ਮਾਨਾ

DAILY NAWAN ZAMANA • MONDAY, 10 MARCH, 2025
ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160

You Tube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

ਮਨਜੀਤ ਗਾਮੀਵਾਲਾ ਦੇ ਕਾਤਲਾਂ ਦੀ ਗ੍ਰਿਫ਼ਤਾਰੀ ਲਈ ਮੋਰਚਾ ਜਾਰੀ

ਬੁਢਲਾਡਾ (ਅਸ਼ੋਕ ਲਾਕੜਾ)

ਸੀ ਪੀ ਆਈ ਦੀ ਸੂਬਾਈ ਕੌਂਸਲ ਮੈਂਬਰ ਅਤੇ ਪੰਜਾਬ ਇਸਤਰੀ ਸਭਾ ਦੀ ਮਾਨਸਾ ਜ਼ਿਲ੍ਹਾ ਪ੍ਰਧਾਨ ਕਾਮਰੇਡ ਮਨਜੀਤ ਕੌਰ ਗਾਮੀਵਾਲਾ ਦੇ ਕਤਲ ਦੇ ਮਾਮਲੇ ਨੂੰ ਲੈ ਕੇ ਇਥੇ ਸਿਵਲ ਹਸਪਤਾਲ ਵਿਖੇ ਐਤਵਾਰ ਦੂਜੇ ਦਿਨ ਵੀ ਪ੍ਰਦਰਸ਼ਨ ਜਾਰੀ ਰਿਹਾ। ਸੀ ਪੀ ਆਈ ਅਤੇ ਵੱਖ-ਵੱਖ ਸਿਆਸੀ ਤੇ ਜਨਤਕ ਜਥੇਬੰਦੀਆਂ ਦੇ ਆਗੂਆਂ ਨੇ ਪੁਲਸ ਪ੍ਰਸ਼ਾਸਨ ਅਤੇ ਪੰਜਾਬ ਸਰਕਾਰ ਦੀ ਕਰੜੀ ਆਲੋਚਨਾ ਕੀਤੀ ਅਤੇ ਰੋਹ ਭਰਪੂਰ ਨਾਅਰੇਬਾਜ਼ੀ ਕੀਤੀ। ਧਰਨੇ 'ਚ ਪੰਜਾਬ ਇਸਤਰੀ ਸਭਾ ਦੇ ਸੂਬਾਈ ਪ੍ਰਧਾਨ ਨਰਿੰਦਰ ਕੌਰ ਸੋਹਲ, ਸੂਬਾਈ ਆਗੂ ਕਾਮਰੇਡ ਦਲਜੀਤ ਕੌਰ ਅਰਸ਼ੀ ਤੇ ਅੰਮ੍ਰਿਤਪਾਲ ਕੌਰ ਜੋਗਾ ਨੇ ਕਿਹਾ ਕਿ ਮਨਜੀਤ ਕੌਰ ਗਾਮੀਵਾਲਾ ਦੇ ਕਤਲ ਦੇ ਮਾਮਲੇ ਵਿੱਚ ਪੁਲਸ ਪ੍ਰਸ਼ਾਸਨ ਦੀ ਕਾਰਗੁਜ਼ਾਰੀ ਉੱਪਰ ਸਵਾਲੀਆ ਨਿਸ਼ਾਨ ਲਗਦਾ ਹੈ, ਐਸ ਐਚ ਓ ਦੀ ਕਥਿਤ ਮਿਲੀਭੁਗਤ ਸ਼ਰੇਆਮ ਨਜ਼ਰ ਆਉਂਦੀ ਹੈ।ਉਨ੍ਹਾਂ ਦੋਸ਼ ਲਾਇਆ ਕਿ ਪੰਜਾਬ ਵਿੱਚ ਆਮ ਆਦਮੀ ਪਾਰਟੀ ਦਾ ਸ਼ਾਸਨ ਨਹੀਂ , ਸਗੋਂ ਜੰਗਲ ਰਾਜ ਹੈ।ਧਰਨੇ ਨੂੰ ਸੰਬੋਧਨ ਕਰਦਿਆਂ ਸੀ ਪੀ ਆਈ ਦੇ ਜ਼ਿਲ੍ਹਾ ਸਕੱਤਰ ਕਾਮਰੇਡ ਕ੍ਰਿਸ਼ਨ ਚੌਹਾਨ, ਕੁਲ ਹਿੰਦ ਕਿਸਾਨ

ਸਭਾ ਦੇ ਸੂਬਾ ਪ੍ਰਧਾਨ ਬਲਕਰਨ ਸਿੰਘ ਬਰਾੜ, ਆਲ ਇੰਡੀਆ ਟਰੇਡ ਯੂਨੀਅਨ ਕਾਂਗਰਸ (ਏਟਕ) ਦੇ ਸੂਬਾਈ ਆਗੂ ਐਡਵੋਕੇਟ ਕੁਲਵਿੰਦਰ ਸਿੰਘ ਉੱਡਤ, ਸੀ ਪੀ ਆਈ (ਐਮ ਐਲ) ਲਿਬਰੇਸ਼ਨ ਦੇ ਸੂਬਾਈ ਆਗੂ ਕਾਮਰੇਡ ਸੁਖਦਰਸ਼ਨ ਨੱਤ, ਭਾਰਤੀ ਕਿਸਾਨ ਯੂਨੀਅਨ ਡਕੌਂਦਾ (ਧਨੇਰ) ਦੇ ਸੂਬਾਈ ਆਗੂ ਕੁਲਵੰਤ ਸਿੰਘ ਕਿਸ਼ਨਗੜ੍ਹ, ਆਰ ਐਮ ਪੀ ਆਈ ਦੇ ਜ਼ਿਲ੍ਹਾ ਆਗੂ ਕਾਮਰੇਡ ਅਮਰੀਕ ਸਿੰਘ ਫਫੜੇ, ਸੀ ਪੀ ਆਈ (ਐਮ) ਦੇ ਜ਼ਿਲ੍ਹਾ ਸਕੱਤਰ ਐਡਵੋਕੇਟ ਸਵਰਨਜੀਤ ਦਲਿਉ, ਪ੍ਰਗਤੀਸ਼ੀਲ ਇਸਤਰੀ ਸਭਾ ਦੇ ਸੂਬਾਈ ਆਗੂ ਜਸਵੀਰ ਕੌਰ ਨੱਤ, ਭਾਰਤੀ ਕਿਸਾਨ ਯੂਨੀਅਨ ਕ੍ਰਾਂਤੀਕਾਰੀ ਦੇ ਆਗੂ ਜਗਦੇਵ ਸਿੰਘ ਚਕੇਰੀਆ, ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਦੇ ਸੂਬਾਈ ਪ੍ਰਧਾਨ ਡਾਕਟਰ ਧੰਨਾ ਮੱਲ ਗੋਇਲ ਨੇ ਕਿਹਾ ਕਿ ਜਦੋਂ ਤੱਕ ਸਾਰੇ ਦੋਸ਼ੀਆਂ ਨੂੰ ਗ੍ਰਿਫ਼ਤਾਰ ਨਹੀ ਕੀਤਾ ਜਾਂਦਾ, ਮ੍ਰਿਤਕ ਪਰਵਾਰ ਦੇ ਇੱਕ ਮੈਂਬਰ ਨੂੰ ਸਰਕਾਰੀ ਨੌਕਰੀ ਅਤੇ ਪਰਵਾਰ ਨੂੰ 10 ਲੱਖ ਰੁਪਏ ਮੁਆਵਜ਼ਾ ਨਹੀਂ ਦਿੱਤਾ ਜਾਂਦਾ, ਉਦੋਂ ਤੱਕ ਸੰਘਰਸ਼ ਜਾਰੀ ਰਹੇਗਾ ਤੇ ਮਨਜੀਤ ਕੌਰ ਗਾਮੀਵਾਲਾ ਇਨਸਾਫ ਐਕਸ਼ਨ ਕਮੇਟੀ 10 ਮਾਰਚ ਤੋਂ ਮਨਜੀਤ ਕੌਰ ਗਾਮੀਵਾਲਾ ਦੀ ਮ੍ਰਿਤਕ ਦੇਹ ਨੂੰ ਰੱਖ ਕੇ ਡੀ ਐਸ ਪੀ ਬੁਢਲਾਡਾ ਦੇ ਦਫਤਰ ਦਾ ਘਿਰਾਓ ਕਰੇਗੀ ।ਇਸ ਮੌਕੇ ਹੋਰਨਾਂ ਤੋਂ ਇਲਾਵਾ ਪੰਜਾਬ ਇਸਤਰੀ ਸਭਾ ਜ਼ਿਲ੍ਹਾ ਬਠਿੰਡਾ ਦੇ ਪ੍ਰਧਾਨ ਗੁਰਬਖਸ਼ ਕੌਰ, ਵੇਦ ਪ੍ਰਕਾਸ਼ ਬੁਢਲਾਡਾ, ਸੀਤਾਰਾਮ ਗੋਬਿੰਦਪੁਰਾ, ਜਗਸੀਰ ਸਿੰਘ ਰਾਏਕੇ, ਮਲਕੀਤ ਮੰਦਰਾ, ਕਰਨੈਲ ਸਿੰਘ ਭੀਖੀ, ਰੂਪ ਸਿੰਘ ਢਿੱਲੋਂ, ਰਤਨ ਭੋਲਾ, ਭੁਪਿੰਦਰ ਗੁਰਨੇ, ਹਰਮੀਤ ਸਿੰਘ ਬੋੜਾਵਾਲ, ਅਸ਼ੋਕ ਲਾਕੜਾ, ਗਰੀਬੂ ਬੱਛੋਆਣਾ, ਕਰਨੈਲ ਦਾਤੇਵਾਸ, ਹਰਦਿਆਲ ਸਿੰਘ ਦਾਤੇਵਾਸ, ਰਾਮ ਗੋਪਾਲ, ਹਰਕੇਸ਼ ਮੰਡੇਰ, ਤੇਜ ਰਾਮ ਅਹਿਮਦਪੁਰ, ਜਸਵੰਤ ਬੀਰੋਕੇ, ਜੱਗਾ ਸਿੰਘ ਟਾਹਲੀਆ, ਜਗਤਾਰ ਸਿੰਘ ਕਾਲਾ ਤੇ ਪਵਨ ਕੁਮਾਰ ਸ਼ਰਮਾ ਆਦਿ ਆਗੂ ਵੀ ਹਾਜ਼ਰ ਸਨ।

ਸਰਿੰਦਰਪਾਲ ਲਹੌਰੀਆ ਦਾ ਸਨਮਾਨ ਸਮਾਰੋਹ ਯਾਦਗਾਰੀ ਹੋ ਨਿੱਬੜਿਆ

ਲਹੌਰੀਆ ਨੇ ਕਿਰਤੀ ਲੋਕਾਂ ਦੀ ਬੰਦਖਲਾਸੀ ਲਈ ਅਡੋਲ ਰਹਿ ਕੇ ਏਟਕ ਦਾ ਝੰਡਾ ਬੁਲੰਦ ਰੱਖਿਆ : ਬਰਾੜ, ਧਾਲੀਵਾਲ

ਮੁਹਾਲੀ : ਬਿਜਲੀ ਕਾਮਿਆਂ ਦੀ ਸਿਰਮੌਰ ਜਥੇਬੰਦੀ ਪੀ ਐਸ ਈ ਬੀ ਇੰਪਲਾਈਜ਼ ਫੈਡਰੇਸ਼ਨ ਏਟਕ ਪੰਜਾਬ ਰਜਿਸਟਰਡ ਨੰਬਰ 41 ਦੇ ਸੂਬਾ ਜਨਰਲ ਸਕੱਤਰ ਸਰਿੰਦਰਪਾਲ ਲਹੌਰੀਆ ਦੇ ਵਿਭਾਗ ਦੀਆਂ ਸੇਵਾਵਾਂ ਤੋਂ 28 ਫਰਵਰੀ ਨੂੰ ਸੇਵਾ ਮੁਕਤ ਹੋ ਜਾਣ 'ਤੇ ਜਥੇਬੰਦੀ ਨੇ ਭਾਵੇਂ ਉਸੇ ਦਿਨ ਦਫਤਰ ਵਿੱਚ ਸ਼ਾਨਦਾਰ ਸਮਾਗਮ ਕਰਕੇ ਲਹੌਰੀਆ ਦਾ ਸਨਮਾਨ ਕੀਤਾ ਸੀ, ਪਰ ਐਤਵਾਰ ਸਥਾਨਕ 69 ਸੈਕਟਰ ਦੇ ਕਮਿਊਨਿਟੀ ਸੈਂਟਰ ਵਿਖੇ ਲਹੌਰੀਆ ਦੇ ਪਰਵਾਰ ਵੱਲੋਂ ਖੁਸ਼ੀ ਵਜੋਂ ਆਯੋਜਿਤ ਕੀਤੇ ਸਮਾਗਮ ਵਿੱਚ ਉਚੇਰੇ ਤੌਰ 'ਤੇ ਪੰਜਾਬ ਏਟਕ ਦੇ ਪ੍ਰਧਾਨ ਕਾਮਰੇਡ ਬੰਤ ਬਰਾੜ ਅਤੇ ਜਨਰਲ ਸਕੱਤਰ ਕਾਮਰੇਡ ਨਿਰਮਲ ਸਿੰਘ ਧਾਲੀਵਾਲ, ਜਥੇਬੰਦੀ ਦੇ ਸੂਬਾ ਪ੍ਰਧਾਨ ਕਾਮਰੇਡ ਗੁਰਪ੍ਰੀਤ ਸਿੰਘ ਗੰਡੀਵਿੰਡ ਤੋਂ ਇਲਾਵਾ ਸਮੁੱਚੇ ਪੰਜਾਬ ਦੇ ਵੱਖ ਵੱਖ ਸਰਕਲਾਂ ਤੋਂ ਵੱਡੀ ਗਿਣਤੀ ਵਿੱਚ ਜਥੇਬੰਦੀ ਦੇ ਆਗੂਆਂ ਅਤੇ ਭਰਾਤਰੀ ਜਥੇਬੰਦੀਆਂ ਸਮੇਤ ਰਿਸ਼ਤੇਦਾਰਾਂ ਨੇ ਭਰਵੀਂ ਸ਼ਮੂਲੀਅਤ ਕੀਤੀ, ਜਿਸ ਨਾਲ ਇਹ ਸਮਾਗਮ ਯਾਦਗਾਰੀ ਹੋ ਨਿੱਬੜਿਆ।

ਇਸ ਸਮਾਗਮ ਵਿੱਚ ਇਕੱਤਰ ਹਾਜ਼ਰੀਨ ਨੂੰ ਸੰਬੋਧਨ ਕਰਦਿਆਂ ਕਾਮਰੇਡ ਬੰਤ ਬਰਾੜ ਅਤੇ ਕਾਮਰੇਡ ਨਿਰਮਲ ਸਿੰਘ ਧਾਲੀਵਾਲ ਨੇ ਕੇਂਦਰ ਦੀ ਮੋਦੀ ਅਤੇ ਪੰਜਾਬ ਦੀ ਭਗਵੰਤ ਮਾਨ ਸਰਕਾਰ ਵੱਲੋਂ ਪੂੰਜੀਪਤੀਆਂ ਦੇ ਪੱਖ ਦੀਆਂ ਲੋਕ ਅਤੇ ਮੁਲਾਜ਼ਮ ਮਾਰੂ ਨੀਤੀਆਂ ਘੜਨ ਦੀ ਜ਼ੋਰਦਾਰ ਨਿੰਦਾ ਕਰਦੇ ਹੋਏ ਕਿਹਾ ਕਿ ਲਹੌਰੀਆ ਨੇ ਪੂਰੀ ਸੇਵਾ ਇਮਾਨਦਾਰੀ ਨਾਲ ਕਰਦੇ ਹੋਏ ਇਨ੍ਹਾਂ ਲੋਕ ਮਾਰੂ ਨੀਤੀਆਂ ਵਿਰੁੱਧ ਸੰਘਰਸ਼ ਕਰਦਿਆਂ ਕਿਰਤੀ ਲੋਕਾਂ ਦੀ ਬੰਦਖਲਾਸੀ ਲਈ ਅਡੋਲ ਰਹਿ ਕੇ ਏਟਕ ਦੇ ਝੰਡੇ ਨੂੰ ਬੁਲੰਦ ਰੱਖਿਆ ਹੈ ਅਤੇ ਅੱਗੇ ਵੀ ਇਸੇ ਤਰਜ਼ 'ਤੇ ਰੱਖੇਗਾ। ਜਥੇਬੰਦੀ ਦੇ ਸੂਬਾ ਪ੍ਰਧਾਨ ਗੁਰਪ੍ਰੀਤ ਸਿੰਘ ਗੰਡੀਵਿੰਡ ਨੇ ਕਿਹਾ ਕਿ ਸਾਡਾ ਇਹ ਸਾਥੀ ਜੀਵਨ ਭਰ ਮਿਹਨਤਕਸ਼ ਲੋਕਾਂ ਦੇ ਹਿੱਤਾਂ ਦੀ ਪਹਿਰੇਦਾਰੀ ਕਰਦੇ ਹੋਏ ਭਾਈ ਲਾਲੋਆਂ ਦਾ ਸਾਥ ਦਿੰਦਾ ਰਹੇਗਾ। ਇਸ ਮੌਕੇ ਫੈਡਰੇਸ਼ਨ ਏਟਕ ਦੇ ਸੂਬਾ ਵਰਕਿੰਗ ਪ੍ਰਧਾਨ ਗੁਰਵਿੰਦਰ ਸਿੰਘ ਹਜ਼ਾਰਾ, ਬਿਜਲੀ ਮੁਲਾਜ਼ਮ ਏਕਤਾ ਮੰਚ ਦੇ ਸੂਬਾ ਜਨਰਲ ਸਕੱਤਰ ਗੁਰਵੇਲ ਸਿੰਘ ਬੱਲਪੁਰੀਆ, ਐਸੋਸੀਏਸ਼ਨ ਆਫ਼ ਜੂਨੀਅਰ ਇੰਜੀਨੀਅਰ ਦੇ ਸੂਬਾ ਪ੍ਰਧਾਨ ਇੰਜੀ: ਰਣਜੀਤ ਸਿੰਘ ਢਿੱਲੋਂ, ਪਾਵਰਕਾਮ ਅਤੇ ਟ੍ਰਾਂਸਕੋ ਪੈਨਸ਼ਨਰ ਯੂਨੀਅਨ ਦੇ ਸੂਬਾ ਆਗੂ ਰਾਜਿੰਦਰ ਸਿੰਘ ਰਾਜਪੁਰਾ, ਜਗਦੀਸ਼ ਸ਼ਰਮਾ ਮੁਹਾਲੀ, ਪੂਰਨ ਸਿੰਘ ਮਾੜੀਮੇਘਾ, ਰਾਜਕੁਮਾਰ ਤਿਵਾੜੀ, ਬਰਿਜ ਮੋਹਨ ਸ਼ਰਮਾ, ਸਰਕਲ ਪ੍ਰਧਾਨ ਮੋਹਨ ਸਿੰਘ ਗਿੱਲ ਆਦਿ ਨੇ ਲਹੌਰੀਆ ਵੱਲੋਂ ਜਥੇਬੰਦੀ ਅਤੇ ਅਦਾਰੇ ਨੂੰ ਦਿੱਤੀਆਂ ਸ਼ਾਨਦਾਰ ਸੇਵਾਵਾਂ ਦੀ ਸ਼ਲਾਘਾ ਕੀਤੀ ।

ਲਹੌਰੀਆ ਵੱਲੋਂ ਨਵਾਂ ਜ਼ਮਾਨਾ ਨੂੰ 2000 ਰੁਪਏ ਖੁਸ਼ੀ ਵਜੋਂ ਸਹਾਇਤਾ

ਸਮਾਗਮ ਵਿੱਚ ਜਥੇਬੰਦੀ ਦੀ ਸੂਬਾ ਕਮੇਟੀ ਅਤੇ ਵੱਖ ਵੱਖ ਸਰਕਲ ਯੂਨਿਟਾਂ ਦੀ ਲੀਡਰਸ਼ਿਪ ਅਤੇ ਭਰਾਤਰੀ ਜਥੇਬੰਦੀਆਂ ਸਮੇਤ ਰਿਸ਼ਤੇਦਾਰਾਂ ਦੀ ਤਰਫ਼ੋਂ ਲਹੌਰੀਆ ਅਤੇ ਉਨ੍ਹਾ ਦੀ ਪਤਨੀ ਕਵਲਜੀਤ ਕੌਰ ਨੂੰ ਯਾਦਗਾਰੀ ਤੋਹਫੇ ਅਤੇ ਸਨਮਾਨ ਚਿੰਨ੍ਹ ਭੇਟ ਕਰਕੇ ਸਨਮਾਨਤ ਕੀਤਾ ਗਿਆ । ਇਸ ਸਮਾਗਮ ਵਿੱਚ ਜਥੇਬੰਦੀ ਦੇ ਸੂਬਾ ਆਗੂ ਬਲਵਿੰਦਰ ਸਿੰਘ ਉਦੀਪੁਰ, ਰਛਪਾਲ ਸਿੰਘ ਪਾਲੀ, ਮਨਜੀਤ ਸਿੰਘ ਬਾਸਰਕੇ, ਪ੍ਰਦਿਊਮਨ ਗੌਤਮ, ਦਰਸ਼ਨ ਲਾਲ, ਗੁਰਧਿਆਨ ਸਿੰਘ, ਕਰਤਾਰ ਸਿੰਘ ਲਲਤੋਂ, ਦਵਿੰਦਰ ਸਿੰਘ ਰੋਪੜ ਜ਼ੋਨ ਕਨਵੀਨਰ ਹਸ਼ਮਤਅਲੀ, ਗੁਰਦਿਆਲ ਸਿੰਘ ਬੱਬੂ ਤੋਂ ਇਲਾਵਾ ਲਹੌਰੀਆ ਦੇ ਪਿਤਾ ਮਾਸਟਰ ਕਸ਼ਮੀਰ ਸਿੰਘ ਅਤੇ ਨਜ਼ਦੀਕੀ ਰਿਸ਼ਤੇਦਾਰ ਤਜਿੰਦਰ ਸਿੰਘ ਤੋਕੀ, ਰਾਜਦੁਲਾਰ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਜਥੇਬੰਦੀ ਦੇ ਸਰਕਲ ਪ੍ਰਧਾਨ/ਸਕੱਤਰਾਂ ਨੇ ਹਿੱਸਾ ਲਿਆ।ਲਹੌਰੀਆ ਨੇ ਨਵਾਂ ਜ਼ਮਾਨਾ ਨੂੰ 2000 ਰੁਪਏ ਖੁਸ਼ੀ ਵਜੋਂ ਸਹਾਇਤਾ ਭੇਜੀ ਹੈ।

ਧਨਖੜ ਹਸਪਤਾਲ ਦਾਖਲ

ਨਵੀਂ ਦਿੱਲੀ : ਉਪ ਰਾਸ਼ਟਰਪਤੀ ਜਗਦੀਪ ਧਨਖੜ (73) ਨੂੰ ਬੇਚੈਨੀ ਅਤੇ ਛਾਤੀ ਵਿੱਚ ਦਰਦ ਦੀ ਸ਼ਿਕਾਇਤ ਤੋਂ ਬਾਅਦ ਐਤਵਾਰ ਤੜਕੇ ਏਮਜ਼ ਦੇ ਕਾਰਡੀਓਲੋਜੀ ਵਿਭਾਗ ਦੇ ਮੁਖੀ ਡਾ. ਰਾਜੀਵ ਨਾਰੰਗ ਦੀ ਅਗਵਾਈ ਹੇਠ ਕ੍ਰਿਟੀਕਲ ਕੇਅਰ ਯੂਨਿਟ (ਸੀ ਸੀ ਯੂ) ਵਿੱਚ ਦਾਖਲ ਕਰਵਾਇਆ ਗਿਆ। ਸੂਤਰਾਂ ਨੇ ਦੱਸਿਆ ਕਿ ਉਨ੍ਹਾ ਦੀ ਹਾਲਤ ਸਥਿਰ ਹੈ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਏਮਜ਼ ਪੁੱਜ ਕੇ ਉਨ੍ਹਾ ਦਾ ਹਾਲ ਜਾਣਿਆ।

ਬਰੈਂਪਟਨ 'ਚ ਪੁਜਾਰੀ ਫੜਿਆ

ਵੈਨਕੂਵਰ : ਪੁਲਸ ਨੇ ਐਤਵਾਰ ਬਰੈਂਪਟਨ ਦੇ ਪੁਜਾਰੀ ਨੂੰ ਔਰਤ ਦਾ ਸਰੀਰਕ ਸ਼ੋਸ਼ਣ ਕਰਨ ਦੇ ਦੋਸ਼ ਹੇਠ ਗ੍ਰਿਫ਼ਤਾਰ ਕਰ ਲਿਆ। ਪੁਜਾਰੀ ਦੀ ਪਛਾਣ 69 ਸਾਲਾ ਪੰਡਤ ਅਸ਼ੋਕ ਕੁਮਾਰ ਸ਼ਰਮਾ ਵਜੋਂ ਹੋਈ ਹੈ। ਪੁਲਸ ਅਨੁਸਾਰ ਪੰਡਤ ਤਿੰਨ ਮਾਰਚ ਨੂੰ ਔਰਤ ਦੇ ਘਰ ਪੂਜਾ ਕਰਨ ਗਿਆ ਸੀ। ਔਰਤ ਨੇ ਸ਼ਿਕਾਇਤ ਕੀਤੀ ਕਿ ਪੁਜਾਰੀ ਨੇ ਮੌਕੇ ਦਾ ਫਾਇਦਾ ਉਠਾ ਕੇ ਸਰੀਰਕ ਸ਼ੋਸ਼ਣ ਕੀਤਾ ਤੇ ਫਰਾਰ ਹੋ ਗਿਆ। ਪੁਲਸ ਨੂੰ ਖਦਸ਼ਾ ਹੈ ਕਿ ਉਸ ਨੇ ਹੋਰ ਔਰਤਾਂ ਦਾ ਸ਼ੋਸ਼ਣ ਕੀਤਾ ਹੋਵੇਗਾ, ਜਿਸ ਲਈ ਉਸ ਨੇ ਅਪੀਲ ਕੀਤੀ ਹੈ ਕਿ ਅਜਿਹੀਆਂ ਹੋਰ ਪੀੜਤ ਔਰਤਾਂ ਪੁਲਸ ਕੋਲ ਸ਼ਿਕਾਇਤ ਦਰਜ ਕਰਵਾਉਣ।

ਅਮਰੀਕਾ 'ਚ ਮੰਦਰ ਦੀ ਭੰਨਤੋੜ

ਨਿਊਯਾਰਕ : ਕੈਲੀਫੋਰਨੀਆ ਵਿੱਚ ਸ਼ਰਾਰਤੀਆਂ ਨੇ ਮੰਦਰ ਦੀ ਭੰਨਤੋੜ ਕਰ ਦਿੱਤੀ। ਇਹ ਮੰਦਰ ਬੋਚਾਸਨਵਾਸੀ ਅਕਸ਼ਰ ਪੁਰਸ਼ੋਤਮ ਸਵਾਮੀਨਾਰਾਇਣ ਸੰਸਥਾ ਨਾਲ ਸੰਬੰਧਤ ਹੈ। ਮੰਦਰ ਦੇ ਬੁਲਾਰੇ ਨੇ ਦੱਸਿਆ ਕਿ ਚਿਨੋ ਹਿਲਜ਼ ਵਿੱਚ ਸ੍ਰੀ ਸਵਾਮੀਨਾਰਾਇਣ ਮੰਦਰ ਨੂੰ ਅਪਵਿੱਤਰ ਕੀਤਾ ਗਿਆ। ਉਸ ਨੇ ਇਸ ਕਾਰੇ ਤੇ ਨਫਰਤ ਫੈਲਾਉਣ ਵਾਲਿਆਂ ਵਿਰੁੱਧ ਸਖਤ ਕਾਰਵਾਈ ਦੀ ਮੰਗ ਕੀਤੀ। ਦੂਜੇ ਪਾਸੇ ਉੱਤਰੀ ਅਮਰੀਕਾ ਵਿੱਚ ਹਿੰਦੂ ਧਰਮ ਦੇ ਸਮੂਹ ਕੋਲਿਸ਼ਨ ਆਫ ਹਿੰਦੂਜ਼ ਆਫ ਨਾਰਥ ਅਮਰੀਕਾ ਨੇ ਇਸ ਮਾਮਲੇ ਤੇ ਪਿਛਲੇ ਸਮੇਂ ਦੌਰਾਨ ਵਾਪਰੀਆਂ ਅਜਿਹੀਆਂ ਘਟਨਾਵਾਂ ਦੀ ਜਾਂਚ ਦੀ ਮੰਗ ਕੀਤੀ ਹੈ।

ਮਨਜੀਤ ਕੌਰ ਦੇ ਵਹਿਸ਼ੀ ਕਤਲ ਦੀ ਇਸਤਰੀ ਆਗੂਆਂ ਵੱਲੋਂ ਸਖਤ ਨਿੰਦਾ

ਚੰਡੀਗੜ੍ਹ (ਨਵਾਂ ਜ਼ਮਾਨਾ ਸਰਵਿਸ)

ਪੰਜਾਬ ਇਸਤਰੀ ਸਭਾ ਦੀ ਜਨਰਲ ਸਕੱਤਰ ਨਰਿੰਦਰ ਸੋਹਲ, ਪ੍ਰਧਾਨ ਰਜਿੰਦਰ ਪਾਲ ਕੌਰ, ਸਰਪਰਸਤ ਨਰਿੰਦਰ ਪਾਲ ਅਤੇ ਚੇਅਰਪਰਸਨ ਕੁਸ਼ਲ ਭੰਗਾ ਨੇ ਭੈਣ ਮਨਜੀਤ ਦੇ ਕਤਲ 'ਤੇ ਜਿੱਥੇ ਗਹਿਰਾ ਦੁੱਖ ਪ੍ਰਗਟ ਕੀਤਾ, ਉਥੇ ਨਾਲ ਹੀ ਅਮਨ-ਕਾਨੂੰਨ ਦੀ ਸਥਿਤੀ 'ਤੇ ਵੀ ਪ੍ਰਸ਼ਨ ਚਿੰਨ੍ਹ ਲਾਇਆ ਹੈ।

ਆਗੂਆਂ ਨੇ ਕਿਹਾ ਕਿ ਮਾਨਸਾ ਜ਼ਿਲ੍ਹੇ ਦੇ ਪਿੰਡ ਗਾਮੀਵਾਲਾ ਦੀ ਭੈਣ ਮਨਜੀਤ ਕੌਰ ਇੱਕ ਬਹੁਤ ਵਧੀਆ ਸਮਾਜਿਕ ਕਾਰਕੁੰਨ ਸੀ, ਜੋ ਕਿ ਲੋਕਾਂ ਦੀਆਂ ਮੁਸ਼ਕਲਾਂ ਵਿੱਚ ਉਹਨਾਂ ਦਾ ਸਾਥ ਦਿੰਦੀ ਸੀ। ਕਿਹਾ ਜਾਂਦਾ ਹੈ ਕਿ ਉਹਨਾਂ ਦਾ ਕੋਈ ਜਾਇਦਾਦ ਦਾ ਝਗੜਾ ਸੀ, ਜਿਸ ਕਰਕੇ ਇਹ ਕਤਲ ਹੋਇਆ ਅਜੇ ਤੱਕ ਪੂਰੀ ਤਰ੍ਹਾਂ ਸਪੱਸ਼ਟ ਨਹੀਂ ਹੋ ਸਕਿਆ। ਫਿਰ ਵੀ ਇਸ ਤਰ੍ਹਾਂ ਦੇ ਕਤਲ ਅਮਨ-ਕਾਨੂੰਨ ਦੀ ਮਾੜੀ ਸਥਿਤੀ ਕਾਰਨ ਹੋ ਰਹੇ ਹਨ। ਸਰਕਾਰ ਨਾਗਰਿਕਾਂ ਨੂੰ ਸੁਰੱਖਿਆ ਦੇਣ ਵਿੱਚ ਨਾਕਾਮ ਹੈ। ਮਨਜੀਤ ਕੌਰ ਜੋ ਕਿ ਮਾਨਸਾ ਜ਼ਿਲ੍ਹੇ ਦੀ ਇਸਤਰੀ ਸਭਾ ਦੀ ਪ੍ਰਧਾਨ ਤੇ ਸੂਬਾ ਕਮੇਟੀ ਦੀ ਮੈਂਬਰ ਸੀ, ਅਣਥੱਕ ਵਰਕਰ ਸੀ। ਜਿਹੜੀ ਵੀ ਕਾਲ ਸੂਬੇ ਵੱਲੋਂ ਦਿੱਤੀ ਜਾਂਦੀ, ਉਹ ਉਸ 'ਤੇ ਫੁੱਲ ਚੜ੍ਹਾਉਂਦੀ ਸੀ ਅਤੇ ਜਿੱਥੇ ਵੀ ਕੋਈ ਇਸ ਸਭਾ ਦਾ ਪ੍ਰੋਗਰਾਮ ਆਉਂਦਾ, ਉਹ ਜ਼ਰੂਰ ਪਹੁੰਚਦੀ ਸੀ। ਮਾਨਸਾ ਜ਼ਿਲ੍ਹਾ ਚਾਹੇ ਲੁਧਿਆਣੇ ਤੋਂ ਕਾਫੀ ਦੂਰ ਪੈ ਜਾਂਦਾ ਹੈ, ਪਰ ਉਹ ਹਰ ਮੀਟਿੰਗ ਵਿੱਚ ਪਹੁੰਚਦੀ ਸੀ। ਅਸੀਂ ਇਸ ਗੱਲ ਤੋਂ ਬਹੁਤ ਦੁਖੀ ਹਾਂ ਕਿ ਸਾਡਾ ਮਾਨਸਾ ਜ਼ਿਲ੍ਹਾ ਭੈਣ ਮਨਜੀਤ ਬਿਨਾਂ ਖਾਲੀ ਹੋ ਜਾਏਗਾ ।ਫਿਰ ਕੋਈ ਨਵੇਂ ਵਰਕਰ ਉੱਠਣਗੇ ਅਤੇ ਸ਼ਾਇਦ ਇਸ ਖਾਲੀ ਥਾਂ ਨੂੰ ਭਰਨਗੇ ।ਵਰਨਣਯੋਗ ਹੈ ਕਿ ਭੈਣ ਮਨਜੀਤ ਦਾ ਕਤਲ ਉਸ ਦਿਨ ਹੋਇਆ, ਜਿਸ ਦਿਨ ਔਰਤਾਂ ਦੇ ਹੱਕ ਦੀ ਗੱਲ ਕੀਤੀ ਜਾਂਦੀ ਹੈ। ਔਰਤਾਂ ਨੂੰ ਇੱਜ਼ਤ-ਮਾਣ ਦੇਣ ਦੀ ਗੱਲ ਕੀਤੀ ਜਾਂਦੀ ਹੈ, ਮਤਲਬ ਕਿ ਕੌਮਾਂਤਰੀ ਇਸਤਰੀ ਦਿਹਾੜਾ ਅੱਠ ਮਾਰਚ ਵਾਲੇ ਦਿਨ। 9 ਮਾਰਚ ਨੂੰ ਮਾਨਸਾ ਜ਼ਿਲ੍ਹੇ ਦੇ ਸਾਰੇ ਆਗੂ ਅਤੇ ਵਰਕਰ ਦੋਸ਼ੀਆਂ ਦੀ ਗ੍ਰਿਫਤਾਰੀ ਦੀ ਮੰਗ ਨੂੰ ਲੈ ਕੇ ਬੁਢਲਾਡਾ ਹਸਪਤਾਲ ਦੇ ਬਾਹਰ ਧਰਨੇ 'ਤੇ ਬੈਠੇ, ਜਿਸ ਵਿੱਚ ਪੰਜਾਬ ਇਸਤਰੀ ਸਭਾ ਦੀ ਸੂਬਾ ਜਨਰਲ ਸਕੱਤਰ ਨਰਿੰਦਰ ਸੋਹਲ, ਸੂਬਾ ਮੀਤ ਪ੍ਰਧਾਨ ਅੰਮ੍ਰਿਤ ਪਾਲ ਜੋਗਾ, ਜ਼ਿਲ੍ਹਾ ਬਠਿੰਡਾ ਦੀ

10-MAR-PAGE-1.qxd 3/9/2025 8:47 PM Page 2

ਕਈ ਕਾਂਗਰਸੀ ਤੇ ਅਕਾਲੀ 'ਆਪ' 'ਚ ਸ਼ਾਮਲ

ਰਾਮਪੁਰਾ ਫੂਲ (ਦਰਸ਼ਨ ਜਿੰਦਲ)-ਹਲਕਾ ਰਾਮਪੁਰਾ ਫੂਲ ਵਿੱਚ ਸ਼੍ਰੋਮਣੀ ਅਕਾਲੀ ਦਲ ਤੇ ਕਾਂਗਰਸ ਪਾਰਟੀ ਨੂੰ ਉਸ ਸਮੇਂ ਵੱਡਾ ਝੱਟਕਾ ਲੱਗਿਆ, ਜਦੋਂ ਪਿੰਡ ਘੰਡਾ ਬੰਨ੍ਹਾ ਦੇ 31 ਕਾਂਗਰਸੀ ਤੇ ਅਕਾਲੀ ਦਲ ਦੇ ਆਗੂ ਤੇ ਵਰਕਰ ਪਰਵਾਰਾਂ ਸਮੇਤ ਹਲਕੇ ਦੇ ਵਿਧਾਇਕ ਬਲਕਾਰ ਸਿੰਘ ਸਿੱਧੂ ਦੀ ਮੌਜੂਦਗੀ ਵਿੱਚ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਗਏ।ਇਸ ਮੌਕੇ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਏ ਮਹਿੰਦਰ ਸਿੰਘ ਫੌਜੀ ਨੇ ਕਿਹਾ ਕਿ ਉਹ ਵਿਧਾਇਕ ਬਲਕਾਰ ਸਿੰਘ ਸਿੱਧੂ ਦੀ ਪ੍ਰੇਰਣਾ ਸਦਕਾ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੀਆਂ ਨੀਤੀਆਂ ਤੋਂ ਪ੍ਰਭਾਵਿਤ ਹੋ ਕੇ 'ਆਪ' ਵਿੱਚ ਸ਼ਾਮਲ ਹੋਏ ਹਨ।ਉਨ੍ਹਾਂ ਕਿਹਾ ਕਿ ਵਿਧਾਇਕ ਬਲਕਾਰ ਸਿੰਘ ਸਿੱਧੂ ਪਾਰਟੀਬਾਜ਼ੀ ਤੋਂ ਉਪਰ ਉੱਠ ਕੇ ਹਲਕੇ ਦੇ ਸਾਰੇ ਪਿੰਡਾਂ ਦਾ ਬਿਨਾਂ ਕਿਸੇ ਭੇਦਭਾਵ ਤੋਂ ਵਿਕਾਸ ਕਰ ਰਹੇ ਹਨ।ਉਨ੍ਹਾਂ ਕਿਹਾ ਕਿ ਹਲਕੇ ਨੂੰ ਅਜਿਹਾ ਲੀਡਰ ਪਹਿਲੀ ਵਾਰ ਮਿਲਿਆ ਹੈ, ਜੋ ਅਕਾਲੀ-ਕਾਂਗਰਸੀ ਵੇਖੇ ਬਿਨਾਂ ਸਾਰੇ ਲੋਕਾਂ ਲਈ ਵਧੀਆ ਭਾਵਨਾ ਨਾਲ ਕੰਮ ਕਰ ਰਹੇ ਹਨ ਤੇ ਇਸੇ ਗੱਲ ਤੋਂ ਪ੍ਰਭਾਵਿਤ ਹੋ ਕੇ ਉਹ ਉਨ੍ਹਾਂ ਦੀ ਪਾਰਟੀ ਵਿੱਚ ਸ਼ਾਮਲ ਹੋ ਰਹੇ ਹਨ।ਇਸ ਮੌਕੇ ਵਿਧਾਇਕ ਸਿੱਧੂ ਨੇ ਸ਼ਾਮਲ ਹੋਏ ਲੋਕਾਂ ਦਾ ਸਵਾਗਤ ਕੀਤਾ ਤੇ ਕਿਹਾ ਕਿ ਪਾਰਟੀ ਤੇ ਮੇਰੇ ਘਰ ਦੇ ਦਰਵਾਜ਼ੇ ਹਰ ਉਸ ਇਨਸਾਨ ਲਈ ਸਦਾ ਖੁੱਲ੍ਹ ਹਨ, ਜਿਸ ਦੀ ਨੀਅਤ ਲੋਕਾਂ ਤੇ ਪਾਰਟੀ ਪ੍ਰਤੀ ਸਾਫ ਹੈ।ਉਨ੍ਹਾ ਕਿਹਾ ਕਿ ਭਗਵੰਤ ਸਿੰਘ ਮਾਨ ਦੀ ਅਗਵਾਈ ਵਿਚ ਸਰਕਾਰ ਹਰ ਵਰਗ ਦੇ ਲੋਕਾਂ ਦੀਆਂ ਸਮੱਸਿਆਵਾਂ ਨੂੰ ਗੰਭੀਰਤਾ ਨਾਲ ਲੈ ਕੇ ਹੱਲ ਕਰ ਰਹੀ ਹੈ, ਜਿਸ ਤੋਂ ਪ੍ਰਭਾਵਿਤ ਹੋ ਕੇ ਵੱਡੀ ਗਿਣਤੀ ਲੋਕ ਆਮ ਆਦਮੀ ਪਾਰਟੀ 'ਚ ਸ਼ਾਮਲ ਹੋ ਰਹੇ ਹਨ।

ਵਿਸ਼ਵ ਮਹਿਲਾ ਦਿਵਸ ਮੌਕੇ ਅਕਾਦਮਿਕ ਸ਼ਖਸੀਅਤਾਂ ਸਨਮਾਨਤ

ਸਮਰਾਲਾ (ਸੁਰਜੀਤ ਸਿੰਘ)-ਅੰਤਰਰਾਸ਼ਟਰੀ ਮਹਿਲਾ ਦਿਵਸ ਮੌਕੇ ਜੀ ਐੱਨ ਗਰਲਜ਼ ਕਾਲਜ ਵਿੱਚ ਵਿਦਿਆਰਥਣਾਂ ਦੇ ਵੱਖ ਵੱਖ ਵਿਸ਼ਿਆਂ ਦੇ ਮੁਕਾਬਲਿਆਂ ਦਾ ਆਯੋਜਨ ਕੀਤਾ ਗਿਆ, ਜਿਨ੍ਹਾਂ ਵਿੱਚ ਮੁੱਖ ਤੌਰ ਤੇ ਅਗਨੀ ਰਹਿਤ ਖਾਣਾ ਪਕਾਉਣ ਦੀ ਤਕਨੀਕ, ਚਾਰਟ ਬਣਾਉਣੇ ਤੇ ਰੰਗੋਲੀ ਕੰਪੀਟੀਸ਼ਨ ਵੀ ਕਰਵਾਇਆ ਗਿਆ।ਕਾਲਜ ਵੱਲੋਂ ਅਕਾਦਮਿਕ ਖੇਤਰ ਵਿੱਚ ਵਧੀਆ ਕਾਰਜ ਕਰਨ ਵਾਲੀਆਂ ਤਿੰਨ ਪ੍ਰਮੁੱਖ ਸ਼ਖਸੀਅਤਾਂ, ਜਿਨ੍ਹਾਂ ਵਿੱਚ ਸ਼ਮਿੰਦਰਪਾਲ ਕੌਰ ਵਿਰਕ, ਪ੍ਰਿੰਸੀਪਲ ਅਕਾਲ ਅਕਾਦਮੀ ਰੀਠ ਖੇੜੀ, ਪ੍ਰਿੰਸੀਪਲ ਪ੍ਰਿਯੰਕਾ ਨਰਾਇਣ ਸੀਨੀਅਰ ਸੈਕੰਡਰੀ ਸਕੂਲ ਤੇ ਭੂਰੇਗੋਲ ਦੀ ਅਧਿਆਪਕਾ ਡਾ. ਆਸ਼ਾ ਕਿਰਨ ਨੂੰ ਸਨਮਾਨਤ ਕੀਤਾ ਗਿਆ।ਇਸ ਮੌਕੇ ਕੰਪੀਟੀਸ਼ਨ ਵਿੱਚ ਪਹਿਲੀ, ਦੂਸਰੀ ਤੇ ਤੀਸਰੀ ਪੁਜ਼ੀਸ਼ਨ ਹਾਸਲ ਕਰਨ ਵਾਲੀ ਵਿਦਿਆਰਥਣਾਂ ਨੂੰ ਕਾਲਜ ਵੱਲੋਂ ਕੱਪ ਦਿੱਤੇ ਗਏ ਤੇ ਬਾਕੀਆਂ ਨੂੰ ਪਾਰਟੀਸਪੇਸ਼ਨ ਸਰਟੀਫਕੇਟ ਦਿੱਤੇ ਗਏ। ਨਾਰੀ ਦਿਵਸ 'ਤੇ ਡਾ. ਜਸਪ੍ਰੀਤ ਕੌਰ ਸੰਧੂ ਮੁਖੀ, ਸਿੱਖ ਵਿਸ਼ਵ ਕੋਸ਼ ਵਿਭਾਗ ਪੰਜਾਬੀ ਯੂਨੀਵਰਸਿਟੀ ਪਟਿਆਲਾ ਵੱਲੋਂ ਵਿਸ਼ੇਸ਼ ਲੈਕਚਰ ਦਿੱਤਾ ਗਿਆ।ਇਸ ਮੌਕੇ ਡਾ. ਸਤਿਨਾਮ ਸਿੰਘ ਸੰਧੂ ਚੇਅਰਮੈਨ ਜੀ ਐੱਨ ਗਰਲਜ਼ ਕਾਲਜ ਪਟਿਆਲਾ ਵੱਲੋਂ ਆਏ ਹੋਏ ਮਹਿਮਾਨਾਂ ਨੂੰ ਕਾਲਜ ਦੀਆਂ ਵਿਦਿਆਰਥਣਾਂ ਨੂੰ ਕਾਲਜ ਵੱਲੋਂ ਦਿੱਤੀਆਂ ਜਾਣ ਵਾਲੀਆਂ ਸਹੂਲਤਾਂ ਬਾਰੇ ਚਰਚਾ ਕੀਤੀ।ਕਾਲਜ ਦੇ ਪ੍ਰਿੰਸੀਪਲ ਡਾ. ਮੰਜੂ ਵਾਲੀਆ ਨੇ ਕਿਹਾ ਕਿ ਕਾਲਜ ਵਿਚ ਵਿਦਿਆਰਥਣਾਂ ਨੂੰ ਉਤਸ਼ਾਹਤ ਕਰਨ ਲਈ ਸੱਭਿਆਚਾਰਕ, ਸਕਿੱਲ ਵਧਾਉਣ ਲਈ ਸਰਗਰਮੀਆਂ ਕਾਰਵਾਈਆਂ ਜਾਂਦੀਆਂ ਹਨ।ਅੱਜ ਦੀਆਂ ਪ੍ਰਤਿਯਗਤਵਾਂ ਮੈਡਮ ਜਸਪ੍ਰੀਤ ਕੌਰ, ਮੈਡਮ ਬਲਵਿੰਦਰ ਕੌਰ ਤੇ ਮੈਡਮ ਸਾਨੀਆ ਦੇ ਨਿਰਦੇਸ਼ਨ ਹੇਠ ਸੰਪੰਨ ਹੋਈਆਂ।ਕਾਲਜ ਡਾਇਰੈਕਟਰ ਤੇ ਅਕਾਦਮਿਕ ਪ੍ਰੋਫੈਸਰ ਸ਼ਰਵਨ ਮਦਾਨ ਨੇ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਕੀਤਾ ਤੇ ਜੇਤੂ ਵਿਦਿਆਰਥਣਾਂ ਨੂੰ ਅਸ਼ੀਰਵਾਦ ਵੀ ਦਿੱਤਾ।

ਜਥੇਦਾਰਾਂ ਨੂੰ ਅਹੁਦੇ ਤੋਂ ਹਟਾਉਣਾ ਸਿੱਖ ਕੌਮ ਦੇ ਮੱਥੇ 'ਤੇ ਕਲੰਕ : ਸਿੱਧੂ ਲੌਂਗੋਵਾਲ

ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ)-ਸ੍ਰ. ਅੰਮ੍ਰਿਤਪਾਲ ਸਿੰਘ ਸਿੱਧੂ ਲੌਂਗੋਵਾਲ ਸੀਨੀਅਰ ਆਗੂ ਆਮ ਆਦਮੀ ਪਾਰਟੀ ਨੇ ਲਿਖਤੀ ਬਿਆਨ ਰਾਹੀਂ ਕਿਹਾ ਕਿ ਸਿੱਖ ਕੌਮ ਦੀ ਸਿਰਮੌਰ ਸੰਸਥਾ ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਤੇ ਤਖਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਨੂੰ ਇਸ ਤਰ੍ਹਾਂ ਅਹੁਦੇ ਤੋਂ ਹਟਾਉਣਾ ਸਿੱਖ ਇਤਿਹਾਸ ਵਿੱਚ ਕਾਲੇ ਦਿਨ ਵਜੋਂ ਦਰਜ ਹੋ ਗਿਆ ਹੈ।ਸਿੱਖ ਕੌਮ ਦੇ ਇਤਿਹਾਸ ਵਿੱਚ ਇਸ ਤਰ੍ਹਾਂ ਕਦੇ ਵੀ ਨਹੀਂ ਹੋਇਆ ਕਿ ਇੱਕ ਧਿਰ ਨੂੰ ਫਾਇਦਾ ਪਹੁੰਚਾਉਣ ਲਈ ਕਿਸੇ ਨੇ ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਨੂੰ ਹੀ ਉਸ ਦੇ ਅਹੁਦੇ ਤੋਂ ਲਾਂਭੇ ਕਰ ਦਿੱਤਾ ਹੋਵੇ, ਇਹ ਸਿੱਖ ਕੌਮ ਦੇ ਮੱਥੇ 'ਤੇ ਕਲੰਕ ਲਾਉਣ ਦੇ ਬਰਾਬਰ ਹੈ।

ਉਨ੍ਹਾ ਕਿਹਾ ਕਿ ਸਿੱਖ ਕੌਮ ਲਈ ਅਕਾਲ ਤਖਤ ਸਾਹਿਬ ਮਹਾਨ ਹੈ ਤੇ ਸਿੱਖ ਕੌਮ ਦੀ ਸ਼ਾਨ ਹੈ।ਇਸ ਸ਼ਾਨ ਨੂੰ ਇਸ ਵਕਤ ਕਿਸ ਤਰ੍ਹਾਂ ਮਿੱਟੀ ਵਿੱਚ ਮਿਲਾਇਆ, ਇਸ ਦੀ ਇਸ ਤੋਂ ਵੱਡੀ ਉਦਾਹਰਨ ਕੋਈ ਨਹੀਂ ਹੋ ਸਕਦੀ ਕਿ ਸੁਖਬੀਰ ਸਿੰਘ ਬਾਦਲ ਨੇ ਆਪਣੀ ਪ੍ਰਧਾਨਗੀ ਨੂੰ ਬਚਾਉਣ ਲਈ ਕਿਸ ਤਰ੍ਹਾਂ ਸ਼੍ਰੋਮਣੀ ਕਮੇਟੀ ਤੋਂ ਸ਼੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਨੂੰ ਹਟਵਾ ਦਿੱਤਾ ਗਿਆ ਹੈ।ਅਖੀਰ ਵਿੱਚ ਮੈਂ ਸਾਰੇ ਨਵੇਂ ਲਗਾਏ ਗਏ ਜਥੇਦਾਰਾਂ ਨੂੰ ਮੁਬਾਰਕਬਾਦ ਦਿੰਦਾ ਹੋਇਆ ਆਸ ਕਰਦਾ ਹਾਂ ਕਿ ਨਵੇਂ ਲਗਾਏ ਗਏ ਜਥੇਦਾਰ ਹਮੇਸ਼ਾ ਹੀ ਸਿੱਖ ਕੌਮ ਤੇ ਪੰਥ ਦੀ ਚੜ੍ਹਦੀ ਕਲਾ ਲਈ ਕੰਮ ਕਰਨਗੇ।

ਪੁਰਾਣੀ ਪੈਨਸ਼ਨ ਪ੍ਰਾਪਤੀ ਫਰੰਟ ਵੱਲੋਂ ਵਿਧਾਇਕ ਨੂੰ ਮੰਗ ਪੱਤਰ

ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)-ਪੁਰਾਣੀ ਪੈਨਸ਼ਨ ਪ੍ਰਾਪਤੀ ਫਰੰਟ ਦੀ ਪਾਤੜਾਂ ਇਕਾਈ ਵੱਲੋਂ ਹਲਕੇ ਦੇ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਨੂੰ ਮਿਲ ਕੇ ਮੰਗ ਪੱਤਰ ਦੇ ਕੇ ਬਜਟ ਸੈਸ਼ਨ ਵਿੱਚ ਪੁਰਾਣੀ ਪੈਨਸ਼ਨ ਦਾ ਮਤਾ ਲਿਆਉਣ ਦੀ ਮੰਗ ਕੀਤੀ। ਵਿਧਾਇਕ ਨੇ ਇਹ ਮੁੱਦਾ ਮੁੱਖ ਮੰਤਰੀ ਤੇ ਬਜਟ ਸੈਸ਼ਨ ਵਿੱਚ ਉਠਾਉਣ ਦਾ ਭਰੋਸਾ ਦਿਵਾਇਆ ਹੈ।ਜਥੇਬੰਦੀ ਦੇ ਜ਼ਿਲ੍ਹਾ ਕਨਵੀਨਰ ਸਤਪਾਲ ਸਮਾਣਾ ਤੇ ਜਗਤਾਰ ਰਾਮ ਨੇ ਕਿਹਾ ਕਿ ਨਵੰਬਰ 2022 ਨੂੰ ਪੁਰਾਣੀ ਪੈਨਸ਼ਨ ਦੇ ਨੋਟੀਫਿਕੇਸ਼ਨ ਨੂੰ ਮੰਜੂਦਾ ਸਰਕਾਰ ਯੂਪੀਐੱਸ ਸਕੀਮ ਦੀ ਆੜ ਹੇਠ ਲਾਗੂ ਕਰਨ ਤੋਂ ਟਾਲਾ ਵੱਟਦੀ ਆ ਰਹੀ ਹੈ।ਉਨ੍ਹਾ ਕਿਹਾ ਕਿ ਕੌਮੀ ਖੇਤੀ ਨੀਤੀ ਖਰੜੇ ਦੀ ਤਰਜ਼ 'ਤੇ ਕੇਂਦਰੀ ਯੂਪੀਐੱਸ ਸਕੀਮ ਨੂੰ ਰੱਦ ਕਰਕੇ ਪੁਰਾਣੀ ਪੈਨਸ਼ਨ ਦਾ ਨੋਟੀਫਿਕੇਸ਼ਨ ਲਾਗੂ ਕੀਤਾ ਜਾਵੇ।ਖੇਤੀਬਾੜੀ ਵਾਂਗ ਪੈਨਸ਼ਨ ਵੀ ਰਾਜਾਂ ਦਾ ਵਿਸ਼ਾ ਹੈ, ਪਰ ਆਪ ਸਰਕਾਰ ਮੁਲਾਜ਼ਮਾਂ ਦੇ ਹੱਕ ਵਿੱਚ ਖੜਨ ਦੀ ਬਜਾਏ ਕੇਂਦਰ ਸਕੀਮ ਨੂੰ ਲਾਗੂ ਕਰਨ ਲਈ ਅੱਗੇ ਵਧ ਰਹੀ ਹੈ।ਇਸੇ ਕੜੀ ਤਹਿਤ ਅਗਲੇ ਦਿਨਾਂ ਵਿੱਚ ਜ਼ਿਲ੍ਹਾ ਪਟਿਆਲਾ ਨਾਲ਼ ਸਬੰਧਤ ਬਾਕੀ ਵਿਧਾਇਕਾਂ ਨੂੰ ਵੀ ਮਿਲ ਕੇ ਮੰਗ ਪੱਤਰ ਦਿੱਤਾ ਜਾਵੇਗਾ।ਮਜ਼ਦੂਰ ਦਿਵਸ ਮੌਕੇ ਸਮੂਹ ਮੰਤਰੀਆਂ ਤੇ ਵਿਧਾਇਕਾਂ ਦੇ ਘਰਾਂ/ਦਫਤਰਾਂ ਅੱਗੇ ਇੱਕ ਦਿਨ ਧਰਨਾ ਦੇ ਕੇ ਭੁੱਖ ਹੜਤਾਲ ਕੀਤੀ ਜਾਵੇਗੀ।ਇਸ ਮੌਕੇ ਜ਼ਿਲ੍ਹਾ ਸਕੱਤਰ ਜਸਪਾਲ ਥਾਂਗ, ਬਲਾਕ ਪ੍ਰਧਾਨ ਰਾਜੀਵ ਕੁਮਾਰ, ਬਲਜਿੰਦਰ ਘੱਗਾ, ਹਰਵਿੰਦਰ ਬੇਲੂਮਾਜਰਾ, ਬਖਸ਼ੀਸ਼ ਸਿੰਘ, ਯਾਦਵਿੰਦਰ ਸਿੰਘ, ਭੁਪਿੰਦਰ ਸਿੰਘ, ਲਵਕੇਸ਼ ਕੁਮਾਰ, ਸ਼ੰਟੂ ਸਿੰਗਲਾ, ਜਸਵੀਰ ਸਿੰਘ ਆਦਿ ਹਾਜ਼ਰ ਸਨ।

ਰਾਮਗੜ੍ਹੀਆ ਵੈੱਲਫੇਅਰ ਕੌਂਸਲ ਨੇ ਰਾਸ਼ਨ ਵੰਡਿਆ

ਜਗਰਾਉਂ (ਅਮਿਤ ਖੰਨਾ)-ਇਲਾਕੇ ਦੀ ਪ੍ਰਸਿੱਧ ਸਮਾਜ ਸੇਵੀ ਸੰਸਥਾ ਰਾਮਗੜ੍ਹਆ ਵੈੱਲਫੇਅਰ ਕੌਂਸਲ ਦੇ ਸਰਪ੍ਰਸਤ ਬਾਬਾ ਮੋਹਨ ਸਿੰਘ ਸੱਗੂ ਦੀ ਅਗਵਾਈ ਹੇਠ ਰਾਮਗੜ੍ਹੀਆ ਵੈੱਲਫੇਅਰ ਕੌਂਸਲ ਵੱਲੋਂ ਬਿਲਡਿੰਗ ਠੇਕੇਦਾਰ ਐਸੋਸੀਏਸ਼ਨ ਤੇ ਗੁਰਦੁਆਰਾ ਵਿਸ਼ਵਕਰਮਾ ਮੰਦਿਰ ਅੱਡਾ ਰਾਏਕੋਟ ਦੀ ਪ੍ਰਬੰਧਕ ਕਮੇਟੀ ਦੇ ਸਹਿਯੋਗ ਨਾਲ ਵਿਧਵਾ ਔਰਤਾਂ ਨੂੰ ਰਾਸ਼ਨ ਦਿੱਤਾ ਗਿਆ।ਇਸ ਮੌਕੇ ਰਾਮਗੜ੍ਹੀਆ ਵੈੱਲਫੇਅਰ ਕੌਂਸਲ ਦੇ ਸਰਪ੍ਰਸਤ ਬਾਬਾ ਮੋਹਨ ਸਿੰਘ ਸੱਗੂ ਨੇ ਆਖਿਆ ਕਿ ਜਿਸ ਤਰ੍ਹਾਂ ਅਸੀਂ ਹਰ ਰੋਜ਼ ਅਰਦਾਸ ਵਿੱਚ ਸਰਬੱਤ ਦਾ ਭਲਾ ਮੰਗਦੇ ਹਾਂ ਤਾਂ ਸਾਨੂੰ ਉਸ 'ਤੇ ਅਮਲ ਵੀ ਕਰਨਾ ਚਾਹੀਦਾ ਹੈ।ਸਾਨੂੰ ਆਪਣੇ ਆਸੇ-ਪਾਸੇ ਰਹਿੰਦੇ ਲੋੜਵੰਦਾਂ ਦੀ ਮਦਦ ਕਰਨੀ ਚਾਹੀਦੀ ਹੈ, ਜਿਸ ਤਰ੍ਹਾਂ ਰਾਮਗੜ੍ਹੀਆ ਵੈੱਲਫੇਅਰ ਕੌਂਸਲ ਆਪਣੇ ਸਾਥੀ ਮੈਂਬਰਾਂ ਤੇ ਦਾਨੀ ਸੱਜਣਾਂ ਦੇ ਸਹਿਯੋਗ ਨਾਲ ਇਸ ਮੁਹਿੰਮ ਨੂੰ ਲਗਾਤਾਰ ਅੰਜਾਮ ਦੇ ਰਹੀ ਹੈ।ਇਸ ਮੌਕੇ ਦਾਨੀ ਸੱਜਣਾਂ ਵੱਲੋਂ ਵਿਧਵਾਵਾਂ ਨੂੰ ਰਾਸ਼ਨ ਦੇ ਨਾਲ ਨਾਲ ਸੂਟ ਵੀ ਦਿੱਤੇ ਗਏ।ਇਸ ਮੌਕੇ ਬਲਵੰਤ ਸਿੰਘ ਪਨੇਸਰ, ਦਰਸ਼ਨ ਸਿੰਘ ਸੱਗੂ, ਸਰਜੀਤ ਸਿੰਘ ਐੱਸਡੀਓ, ਹਰਦਿਆਲ ਸਿੰਘ ਮੁੰਡੇ, ਪ੍ਰਿੰਸੀਪਲ ਮਨਮੋਹਨ ਸਿੰਘ ਸੌਂਦ, ਤਰਲੋਚਨ ਸਿੰਘ ਠੇਕੇਦਾਰ, ਰਜਿੰਦਰ ਸਿੰਘ ਰਿਕੂ, ਦਰਸ਼ਨ ਸਿੰਘ ਉਬੀ, ਜਗਦੇਵ ਸਿੰਘ ਮਠਾੜੂ, ਜਸਵੰਤ ਸਿੰਘ ਸੱਗੂ, ਡਾਕਟਰ ਰਾਜਬੀਰ ਸਿੰਘ ਸੀਹਰਾ, ਡਾਕਟਰ ਗੁਰਪ੍ਰੀਤ ਸਿੰਘ ਸੱਗੂ, ਹਰਜਿੰਦਰ ਸਿੰਘ ਮੂਦੰੜ ਆਦਿ ਹਾਜ਼ਰ ਸਨ।

ਮਹਿਲਾ ਦਿਵਸ ਮੌਕੇ ਮਿੱਡ ਡੇ ਮੀਲ ਕੁੱਕਾਂ ਦਾ ਸਨਮਾਨ

ਮੋਗਾ (ਇਕਬਾਲ ਸਿੰਘ ਖਹਿਰਾ)-ਅੰਤਰਰਾਸ਼ਟਰੀ ਮਹਿਲਾ ਦਿਵਸ ਮੌਕੇ ਸਥਾਨਕ ਨੇਚਰ ਪਾਰਕ ਵਿੱਚ ਮਜ਼ਦੂਰ ਆਗੂ ਵਿਜੇ ਧੀਰ ਐਡਵੋਕੇਟ ਨਾਲ ਸਬੰਧਤ ਮਜ਼ਦੂਰ ਜਥੇਬੰਦੀਆਂ ਵੱਲੋਂ ਵਿਜੇ ਧੀਰ ਐਡਵੋਕੇਟ ਦੀ ਅਗਵਾਈ ਵਿੱਚ ਮਿੱਡ ਡੇ ਮੀਲ ਕੁੱਕ ਯੂਨੀਅਨ ਦੀ ਸੂਬਾ ਸਕੱਤਰ ਬੀਬੀ ਕਮਲਜੀਤ ਕੌਰ ਮੱਦੋਕੇ ਦੀ ਅਗਵਾਈ ਵਿੱਚ ਮਹਿਲਾ ਮਿੱਡ ਡੇ ਮੀਲ ਕੁੱਕਾਂ ਨੂੰ ਸਨਮਾਨਤ ਕੀਤਾ ਗਿਆ।ਇਸ ਮੌਕੇ ਕ੍ਰਾਂਤੀਕਾਰੀ ਭੱਠਾ ਮਜ਼ਦੂਰ ਯੂਨੀਅਨ ਦੇ ਪ੍ਰਧਾਨ ਪ੍ਰਵੀਨ ਕੁਮਾਰ ਸ਼ਰਮਾ, ਈ ਰਿਕਸ਼ਾ ਮਜ਼ਦੂਰ ਸੰਘ ਦੇ ਪ੍ਰਧਾਨ ਜਸਵਿੰਦਰ ਸਿੰਘ ਡੱਡ, ਕਲਰਕ ਬਾਰ ਐਸੋਸੀਏਸ਼ਨ ਦੇ ਜਨਰਲ ਸਕੱਤਰ ਬੂਟਾ ਸਿੰਘ ਤੇ ਅਮਨਪ੍ਰੀਤ ਸਿੰਘ ਐਡਵੋਕੇਟ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।ਇਸ ਮੌਕੇ ਮਜ਼ਦੂਰ ਆਗੂ ਵਿਜੇ ਧੀਰ ਐਡਵੋਕੇਟ ਨੇ ਮਹਿਲਾ ਕੁੱਕਾਂ ਨੂੰ ਅੰਤਰਰਾਸ਼ਟਰੀ ਮਹਿਲਾ ਦਿਵਸ ਮੌਕੇ ਵਧਾਈ ਦਿੱਤੀਅਤੇ ਕਿਹਾ ਕਿ ਸਾਡੇ ਦੇਸ਼ ਵਿੱਚ ਮਹਿਲਾਵਾਂ ਦਾ ਪ੍ਰਮੁੱਖ ਸਥਾਨ ਰਿਹਾ ਹੈ।ਧੀਰ ਨੇ ਕਿਹਾ ਕਿ ਮਹਿਲਾਵਾਂ ਅਜੋਕੇ ਸਮੇਂ ਵਿੱਚ ਹਰ ਖੇਤਰ 'ਚ ਪੁਰਸ਼ਾਂ ਦੇ ਬਰਾਬਰ ਅਪਣੀਆਂ ਜ਼ਿੰਮੇਵਾਰੀਆਂ ਸਫਲਤਾ ਪੂਰਵਕ ਨਿਭਾਅ ਰਹੀਆਂ ਹਨ।ਇਸ ਮੌਕੇ ਹੋਰਨਾਂ ਤੋਂ ਇਲਾਵਾ ਕਮਲਜੀਤ ਕੌਰ, ਅਮਰਜੀਤ ਕੌਰ, ਸੁਖਵੀਰ ਕੌਰ, ਗੁਰਪ੍ਰੀਤ ਕੌਰ, ਲਵਦੀਪ ਕੌਰ, ਅਮਨਦੀਪ ਕੌਰ, ਮਨਦੀਪ ਕੌਰ, ਪਰਮਜੀਤ ਕੌਰ, ਕਮਲਜੀਤ ਕੌਰ, ਕਰਮਜੀਤ ਕੌਰ, ਸੁਖਮੰਦਰ ਕੌਰ, ਜਸਵੀਰ ਕੌਰ, ਕਮਲਜੀਤ ਕੌਰ, ਚਰਨਜੀਤ ਕੌਰ, ਅਮਰਜੀਤ ਕੌਰ, ਅਮਨਦੀਪ ਕੌਰ, ਜਸਵੀਰ ਕੌਰ, ਕੁਲਵਿੰਦਰ ਕੌਰ, ਬਿੰਦਰ ਕੌਰ, ਪਰਮਜੀਤ ਕੌਰ, ਅਮਨਪ੍ਰੀਤ ਸਿੰਘ ਐਡਵੋਕੇਟ, ਬੂਟਾ ਸਿੰਘ, ਜਸਵਿੰਦਰ ਸਿੰਘ ਡੱਡ, ਦਰਸ਼ਨ ਸਿੰਘ ਜੋੜਾ ਮਨਦੀਪ ਸਿੰਘ, ਲਖਵਿੰਦਰ ਸਿੰਘ ਹਾਜ਼ਰ ਸਨ।

ਮਾਊਂਟ ਲਿਟਰਾ ਜ਼ੀ ਸਕੂਲ ਵਿਖੇ ਅਖੰਡ ਪਾਠ ਕਰਵਾਇਆ

ਫਰੀਦਕੋਟ (ਐਲਿਗਜੈਂਡਰ ਡਿਸੂਜਾ)-ਸਥਾਨਕ ਇਲਾਕੇ ਦੀ ਮੰਨੀ-ਪ੍ਰਮੰਨੀ ਸੰਸਥਾ ਮਾਊਂਟ ਲਿਟਰਾ ਜ਼ੀ ਸਕੂਲ ਦੇ ਮੁੱਖ ਗੇਟ 'ਤੇ ਸ੍ਰੀ ਅਖੰਡ ਪਾਠ ਕਰਵਾਇਆ ਗਿਆ।ਇਸ ਸਬੰਧੀ ਜਾਣਕਾਰੀ ਦਿੰਦਿਆਂ ਸਕੂਲ ਦੇ ਚੇਅਰਮੈਨ ਇੰਜ. ਸ੍ਰੀ ਚਮਨ ਲਾਲ ਗੁਲਾਟੀ ਨੇ ਦੱਸਿਆ ਕਿ ਸਕੂਲ ਦੀ ਪ੍ਰਬੰਧਕ ਕਮੇਟੀ ਵੱਲੋਂ ਸ੍ਰ. ਸ਼ਮਸ਼ੇਰ ਸਿੰਘ ਸੰਧੂ ਤੇ ਸ੍ਰ. ਸਰਬਜੀਤ ਸਿੰਘ ਸੰਧੂ ਦੇ ਸਹਿਯੋਗ ਨਾਲ ਸਕੂਲ ਵਿੱਚ ਕੁਝ ਦਿਨ ਪਹਿਲਾਂ ਸੇਮ ਨਾਲੇ ਨੇੜੇ ਵਾਪਰੇ ਬੱਸ ਹਾਦਸੇ ਵਿੱਚ ਹਾਦਸੇ ਦੇ ਪੀੜਤਾਂ ਦੀ ਸੁੱਖ-ਸ਼ਾਂਤੀ ਲਈ ਅਖੰਡ ਪਾਠ ਕਰਵਾਇਆ ਗਿਆ। ਅਖੰਡ ਪਾਠ ਵਿੱਚ ਸੰਗਤਾਂ ਨੇ ਉਤਸ਼ਾਹ ਨਾਲ ਭਾਗ ਲਿਆ ਤੇ ਸਮੂਹ ਸੰਗਤਾਂ ਲਈ ਅਤੁੱਟ ਲੰਗਰ ਵਰਤਾਇਆ ਗਿਆ।ਇਸ ਮੌਕੇ ਐੱਮ ਐੱਲ ਏ ਸ੍ਰ. ਗੁਰਦਿੱਤ ਸਿੰਘ ਸੇਖੋਂ, ਚੇਅਰਮੈਨ ਮਾਰਕੀਟ ਕਮੇਟੀ ਅਮਨਦੀਪ ਸਿੰਘ ਬਾਬਾ, ਆਪ ਦੇ ਜ਼ਿਲ੍ਹਾ ਪ੍ਰਧਾਨ ਗੁਰਤੇਜ ਸਿੰਘ ਖੋਸਾ, ਭੂਮੀ-ਜਲ ਬਚਾਓ ਮੋਰਚਾ ਦੇ ਪ੍ਰਧਾਨ ਮੁਕੇਸ਼ ਭੰਡਾਰੀ, ਦਿਹਾਤੀ ਖੇਤਰ ਦੇ ਸਰਪੰਚ ਕੁਲਦੀਪ ਸਿੰਘ ਖੋਸਾ, ਸਾਬਕਾ ਸਰਪੰਚ ਗੁਰਕਵਲ ਸਿੰਘ, ਅਮਨਦੀਪ ਸਿੰਘ ਤੇ ਪੰਚਾਇਤ ਮੈਂਬਰ ਦਿਲਬਾਗ ਸਿੰਘ ਨ

10 Mar Page-3.qxd 3/9/2025 9:07 PM Page 1

ਫ਼ੋਕਲੋਰ ਰਿਸਰਚ ਅਕਾਦਮੀ ਰਜਿ. ਅੰਮ੍ਰਿਤਸਰ ਵੱਲੋਂ ਮਹਿਲਾ ਦਿਵਸ ਮੌਕੇ ਵਿਸ਼ੇਸ਼ ਸੈਮੀਨਾਰ

ਅੰਮ੍ਰਿਤਸਰ, (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)- ਪਿਛਲੇ ਤਿੰਨ ਦਹਾਕੇ ਤੋਂ ਭਾਰਤ ਪਾਕਿਸਤਾਨ 'ਚ ਆਪਸੀ ਭਾਈਚਾਰਕ ਸਾਂਝ ਨੂੰ ਮਜ਼ਬੂਤ ਕਰਨ ਲਈ ਤਤਪਰ ਫੋਕਲੋਰ ਰਿਸਰਚ ਅਕਾਦਮੀ ਵੱਲੋਂ ਪ੍ਰਗਤੀਸ਼ੀਲ ਲੇਖਕ ਸੰਘ ਅੰਮ੍ਰਿਤਸਰ ਇਕਾਈ ਦੇ ਸਹਿਯੋਗ ਨਾਲ ਅੰਤਰ ਰਾਸ਼ਟਰੀ ਮਹਿਲਾ ਦਿਵਸ ਦੇ ਮੌਕੇ 'ਤੇ ਵਿਸ਼ੇਸ਼ ਸੈਮੀਨਾਰ ਵਿਰਸਾ ਵਿਹਾਰ, ਨਜ਼ਦੀਕ ਗਾਂਧੀ ਗਰਾਊਂਡ ਅੰਮ੍ਰਿਤਸਰ ਵਿਖੇ ਕਰਵਾਇਆ ਗਿਆ।ਇਸ ਸਮਾਗਮ ਵਿੱਚ ਔਰਤਾਂ ਦੇ ਹੱਕਾਂ ਲਈ ਆਵਾਜ਼ ਬੁਲੰਦ ਕਰਨ ਵਾਲੇ ਡਾ. ਅਰਵਿੰਦਰ ਕੌਰ ਕਾਕੜਾ ਨੂੰ ਮਰਹੂਮ ਵਿਮਲਾ ਡਾਂਗ ਪੁਰਸਕਾਰ, ਮੈਡਮ ਨਤਾਸ਼ਾ ਨਰਵਾਲ ਨੂੰ, ਮਨੁੱਖੀ ਅਧਿਕਾਰਾਂ ਦੀ ਕਾਰਕੁੰਨ ਤੇ ਸ਼ਾਂਤੀ ਦੂਤ ਆਸਮਾਂ ਜਹਾਂਗੀਰ ਪੁਰਸਕਾਰ ਅਤੇ ਗਿਆਰਾਂ-ਗਿਆਰਾਂ ਹਜ਼ਾਰ ਦੇ ਨਕਦ ਪੁਰਸਕਾਰਾਂ ਨਾਲ ਸਨਮਾਨਿਤ ਕੀਤਾ ਗਿਆ।ਸਨਮਾਨਿਤ ਸ਼ਖ਼ਸੀਅਤਾਂ ਸਬੰਧੀ ਸਨਮਾਨ ਪੱਤਰ ਕੋਮਲਪ੍ਰੀਤ ਕੌਰ ਅਤੇ ਹਰਜੀਤ ਸਿੰਘ ਸਰਕਾਰੀਆ ਵੱਲੋਂ ਪੜ੍ਹੇ ਗਏ। ਇਸ ਸਮੇਂ ਆਪਣੇ ਵਿਚਾਰ ਪੇਸ਼ ਕਰਦਿਆਂ ਦਿੱਲੀ ਤੋਂ ਆਏ ਪਿੰਜਰਾ ਤੋੜ ਜਥੇਬੰਦੀ ਦੇ ਆਗੂ ਨਤਾਸ਼ਾ ਨਰਵਾਲ ਨੇ ਕਿਹਾ ਕਿ ਅੱਜ ਅਸੀਂ ਬਹੁਤ ਨਾਜ਼ੁਕ ਦੌਰ ਵਿੱਚੋਂ ਗੁਜ਼ਰ ਰਹੇ ਹਾਂ, ਸਮਾਜ ਤੋਂ ਡਰਦਿਆਂ ਔਰਤਾਂ ਨੂੰ ਘਰਾਂ ਵਿੱਚ ਕੈਦ ਕੀਤਾ ਜਾ ਰਿਹਾ ਹੈ। ਔਰਤ ਨੂੰ ਆਜ਼ਾਦੀ ਲੈਣ ਲਈ ਅਜੇ ਬਹੁਤ ਸੰਘਰਸ਼ ਕਰਨਾ ਪਏਗਾ।ਉਨ੍ਹਾਂ ਨੇ ਆਪਣੇ ਬਣਾਏ ਨਾਅਰੇ 'ਸਾਰੇ ਪਿੰਜਰੋਂ ਕੋ ਤੋੜੇਂਗੇ, ਇਤਿਹਾਸ ਕੀ ਧਾਰਾ ਮੋੜੇਂਗੇ', ਨਾਲ ਆਪਣੇ ਭਾਸ਼ਣ ਦੀ ਸਮਾਪਤੀ ਕੀਤੀ। ਸੀ. ਪੀ. ਆਈ. ਆਗੂ ਦਸਵਿੰਦਰ ਕੌਰ ਨੇ ਕਿਹਾ ਕਿ ਮਰਦ ਪ੍ਰਧਾਨ ਸਮਾਜ ਵਿਚ ਔਰਤਾਂ ਬਾਰੇ ਸੋਚਣਾ ਹੀ ਬਹੁਤ ਵੱਡੀ ਗੱਲ ਹੈ।ਉਨ੍ਹਾਂ ਕਿਹਾ ਕਿ ਬਾਬੇ ਨਾਨਕ ਨੇ ਔਰਤ ਜਾਤੀ ਬਾਰੇ ਲਿਖਿਆ ਸੀ ਸੋ ਕਿਉਂ ਮੰਦਾ ਆਖੀਏ, ਜਿਤੁ ਜੰਮਹਿ ਰਾਜਾਨ' ਪਰ ਵੇਖਿਆ ਜਾਵੇ ਤਾਂ ਔਰਤ ਜਾਤੀ ਦੀ ਹਾਲਤ ਉਹੋ ਹੈ, ਜੋ ਸਦੀਆਂ ਪਹਿਲਾਂ ਸੀ।ਦੂਸਰੇ ਬੁਲਾਰੇ ਡਾ. ਇੰਦਰਜੀਤ ਗਿੱਲ ਨੇ ਸੰਬੋਧਨ ਕਰਦਿਆਂ ਕਿਹਾ ਕਿ ਔਰਤ ਨੂੰ ਆਪਣੇ ਹੱਕ ਲੈਣ ਲਈ ਬਹੁਤ ਸਾਰਾ ਸੰਘਰਸ਼ ਕਰਨਾ ਪਿਆ।ਅੱਜ ਔਰਤ ਹਰ ਖੇਤਰ ਵਿੱਚ ਵਿਚਰ ਰਹੀ ਹੈ, ਪਰ ਇਸਦੇ ਬਾਵਜੂਦ ਉਸਨੂੰ ਆਰਥਿਕ ਆਜ਼ਾਦੀ ਨਹੀਂ ਹੈ।ਸਵਿੱਤਰੀ ਬਾਈ ਫੂਲੇ ਦੀ ਉਦਾਹਰਨ ਦਿੰਦਿਆਂ ਉਨ੍ਹਾਂ ਕਿਹਾ ਕਿ ਜਦੋਂ ਲੜਕੀਆਂ ਨੂੰ ਸਕੂਲ ਜਾਣ ਦੀ ਮਨਾਹੀ ਸੀ, ਉਦੋਂ ਉਨ੍ਹਾਂ ਲੜਕੀਆਂ ਨੂੰ ਪੜਾਉਣ ਦਾ ਜ਼ਿੰਮਾ ਲਿਆ ਸੀ ਅਤੇ ਨਦੀਆਂ ਪੈੜਾਂ ਪਾਈਆਂ ਸਨ। ਡਾ. ਅਰਵਿੰਦਰ ਕੌਰ ਕਾਕੜਾ ਨੇ ਹਾਜ਼ਰੀਨ ਨੂੰ ਅੰਤਰ ਰਾਸ਼ਟਰੀ ਮਹਿਲਾ ਦਿਵਸ ਦੀ ਵਧਾਈ ਦਿੰਦਿਆਂ ਕਿਹਾ ਕਿ ਅਸੀਂ ਭਾਵੇਂ ਔਰਤ ਦੀ ਆਜ਼ਾਦੀ ਦੀ ਗੱਲ ਕਰਦੇ ਹਾਂ, ਕਿਉਂਕਿ ਔਰਤ ਅਜੇ ਵੀ ਗੁਲਾਮ ਹੈ, ਔਰਤ ਦਾ ਸ਼ੋਸ਼ਣ ਅੱਜ ਵੀ ਜਾਰੀ ਹੈ, ਔਰਤ ਕਿਤੇ ਵੀ ਸੁਰੱਖਿਅਤ ਨਹੀਂ ਹੈ। ਸ਼ਾਇਰ ਨਰੰਜਣ ਸਿੰਘ ਗਿੱਲ ਅਤੇ ਜਸਵਿੰਦਰ ਕੌਰ ਜੱਸੀ ਵੱਲੋਂ ਕਾਵਿ ਰਚਨਾਵਾਂ ਪੇਸ਼ ਕੀਤੀਆਂ ਗਈਆਂ।ਮੰਚ ਸੰਚਾਲਕ ਦੇ ਫਰਜ਼ ਕਮਲ ਗਿੱਲ ਵੱਲੋਂ ਬਾਖੂਬੀ ਨਿਭਾਏ ਗਏ। ਇਸ ਮੌਕੇ 'ਤੇ ਪ੍ਰਗਤੀਸ਼ੀਲ ਲੇਖਕ ਸੰਘ ਦੇ ਜ਼ਿਲ੍ਹਾ ਪ੍ਰਧਾਨ ਭੁਪਿੰਦਰ ਸਿੰਘ ਸੰਧੂ, ਜਨਰਲ ਸਕੱਤਰ ਧਰਵਿੰਦਰ ਸਿੰਘ ਔਲਖ, ਪੱਤਰਕਾਰ ਤੇ ਸ਼ਾਇਰ ਐੱਸ. ਪਰਸ਼ੋਤਮ, ਕਾਮਰੇਡ ਅਮਰਜੀਤ ਸਿੰਘ ਆਸਲ, ਦਿਲਬਾਗ ਸਿੰਘ ਸਰਕਾਰੀਆ, ਹਰਜੀਤ ਸਿੰਘ ਸਰਕਾਰੀਆ, ਹਰੀਸ਼ ਸਾਬਰੀ, ਸਾਬਕਾ ਚੀਫ਼ ਲਾਇਬ੍ਰੇਰੀਅਨ ਪੰਜਾਬ ਡਾ. ਪ੍ਰਭਜੋਤ ਕੌਰ ਸੰਧੂ, ਕਰਮਜੀਤ ਕੌਰ ਜੱਸਲ, ਜਸਵਿੰਦਰ ਕੌਰ, ਡਾ. ਪੂਜਾ, ਸਤੀਸ਼ ਝੀਂਗਨ, ਕਾਮਰੇਡ ਰਜੇਸ਼, ਮਾਸਟਰ ਲਖਵਿੰਦਰ ਸਿੰਘ, ਰਾਜਪਾਲ ਸ਼ਰਮਾ, ਬੀ.ਡੀ.ਭਗਤ, ਜਗਰੂਪ ਸਿੰਘ ਐਮਾਂ, ਸਤਿੰਦਰਜੀਤ ਕੌਰ, ਸੁਰਿੰਦਰ ਕੌਰ ਸਰਾਏ, ਲਖਬੀਰ ਸਿੰਘ ਨਿਜ਼ਾਮਪੁਰਾ, ਨਿਰਮਲ ਕੌਰ ਕੋਟਲਾ ਆਦਿ ਹਾਜ਼ਰ ਸਨ।

● ਨਤਾਸ਼ਾ ਨਰਵਾਲ ਤੇ ਡਾ. ਅਰਵਿੰਦਰ ਕੌਰ ਕਾਕੜਾ ਸਨਮਾਨਿਤ

ਪੰਜਾਬ ਐਲੀਮੈਂਟਰੀ ਸਿੱਖਿਆ (ਟੀਚਿੰਗ ਕੇਡਰ) ਬਾਰਡਰ ਏਰੀਆ ਗਰੁੱਪ-ਸੀ ਦੇ ਸੇਵਾ ਨਿਯਮ 2018 'ਚ ਸੋਧ ਦੀ ਆਲੋਚਨਾ

ਵੇਰਕਾ (ਰਾਣਾ)- ਪੰਜਾਬ ਸਰਕਾਰ ਵੱਲੋਂ ਗਜ਼ਟ ਪਾਸ ਕਰਦੇ ਹੋਏ ਪੰਜਾਬ ਰਾਜ ਐਲੀਮੈਂਟਰੀ ਸਿੱਖਿਆ (ਟੀਚਿੰਗ ਕੇਡਰ) ਗਰੁੱਪ-ਸੀ ਸਰਵਿਸਜ਼ ਰੂਲਜ 2018 ਵਿੱਚ ਨੋਟੀਫਿਕੇਸ਼ਨ ਲੜੀ ਨੰ:1 ਅਨੁਸਾਰ ਸੋਧ ਕੀਤੀ ਗਈ ਹੈ ਅਤੇ ਨੋਟੀਫਿਕੇਸ਼ਨ ਲੜੀ ਨੰ : 2 ਮਿਤੀ 6/3/2025 ਨੂੰ ਜਾਰੀ ਕਰਦੇ ਹੋਏ ਪੰਜਾਬ ਰਾਜ ਐਲੀਮੈਂਟਰੀ ਸਿੱਖਿਆ (ਟੀਚਿੰਗ ਕੇਡਰ) ਬਾਰਡਰ ਏਰੀਆ ਗਰੁੱਪ-ਸੀ ਸੇਵਾ ਨਿਯਮ 2018 'ਚ ਸੋਧ ਸ਼ਾਮਿਲ ਹੈ।ਇਸ ਸੰਬੰਧ ਵਿੱਚ ਸਕੱਤਰ ਪੰਜਾਬ ਸਰਕਾਰ ਸਿੱਖਿਆ ਸਕੂਲ ਅਨਿਦਿੱਤਾ ਮਿੱਤਰਾ ਨੇ ਪੰਜਾਬ ਸਰਕਾਰ ਦੇ ਹੁਕਮਾਂ ਦੀ ਪਾਲਣਾ ਕਰਦੇ ਹੋਏ ਪੱਤਰ ਜਾਰੀ ਕੀਤਾ ਹੈ ਜਿਸ ਵਿੱਚ ਹੁਣ ਪੰਜਾਬ ਰਾਜ ਐਲੀਮੈਂਟਰੀ ਸਿੱਖਿਆ ਸਕੂਲ (ਟੀਚਿੰਗ ਕੇਡਰ) ਗਰੁੱਪ-ਸੀ ਸੇਵਾ ਨਿਯਮ 2025 ਮੁਤਾਬਿਕ 6 ਜਿਲੇ ਬਾਰਡਰ ਏਰੀਆ ਅਤੇ 16 ਜਿਲੇ ਬਾਰਡਰ ਏਰੀਆ ਨਾਲ ਸਬੰਧਤ ਨਹੀਂ ਹੋਣਗੇ।ਜਿਨ੍ਹਾਂ ਵਿੱਚ ਬਾਰਡਰ ਏਰੀਏ ਦੇ ਕ੍ਰਮਵਾਰ ਜ਼ਿਲਿਆਂ ਅੰਦਰ (ਟੀਚਿੰਗ ਕੇਡਰ) ਸੈਂਟਰ ਹੈੱਡਟੀਚਰ ਦੀਆਂ ਮੰਨਜ਼ੂਰਸ਼ੁਦਾ ਅਸਾਮੀਆਂ ਦੀ ਗਿਣਤੀ ਅੰਮ੍ਰਿਤਸਰ- 99 , ਤਰਨ ਤਾਰਨ -59, ਫਿਰੋਜ਼ਪੁਰ - 64, ਗੁਰਦਾਸਪੁਰ- 137, ਫਾਜ਼ਿਲਕਾ- 51 ਅਤੇ ਪਠਾਨਕੋਟ- 45 ਅਰਥਾਤ 6 ਜਿਲਿਆਂ ਦੀ ਕੁੱਲ ਸੀ.ਐਚ.ਟੀ ਗਿਣਤੀ 455 ਹੋਵੇਗੀ। ਇਸੇ ਤਰਾਂ ਹੀ ਬਾਰਡਰ ਏਰੀਏ ਦੇ ਉਕਤ ਜ਼ਿਲਿਆਂ ਵਿੱਚ ਕ੍ਰਮਵਾਰ (ਟੀਚਿੰਗ ਕੇਡਰ) ਹੈਡਟੀਚਰਾਂ ਦੀਆਂ ਮੰਨਜ਼ੂਰਸ਼ੁਦਾ ਪੋਸਟਾਂ ਦੀ ਗਿਣਤੀ ਅੰਮ੍ਰਿਤਸਰ-494, ਫਿਰੋਜ਼ਪੁਰ-253, ਫਾਜ਼ਿਲਕਾ-299, ਗੁਰਦਾਸਪੁਰ-392, ਪਠਾਨਕੋਟ-122, ਤਰਨ ਤਾਰਨ-339 ਅਨੁਸਾਰ ਕੁੱਲ ਗਿਣਤੀ-1899 ਅਤੇ ਜੇਬੀਟੀ/ਈਟੀਟੀ (ਟੀਚਿੰਗ ਕੇਡਰ) ਅਧਿਆਪਕਾਂ ਦੀਆਂ ਮੰਨਜ਼ੂਰਸ਼ੁਦਾ ਕੁੱਲ ਪੋਸਟਾਂ ਦੀ ਗਿਣਤੀ 11,424 ਹੋਵੇਗੀ। ਇਸ ਦੌਰਾਨ ਬਾਕੀ ਦੇ 16 (ਨਾਨ ਬਾਰਡਰ ਏਰੀਏ) ਜ਼ਿਲਿਆਂ ਵਿੱਚ ਕ੍ਰਮਵਾਰ (ਟੀਚਿੰਗ ਕੇਡਰ) ਸੈਂਟਰ ਹੈਡਟੀਚਰ ਦੀਆਂ ਮੰਨਜ਼ੂਰਸ਼ੁਦਾ ਪੋਸਟਾਂ ਦੀ ਕੁੱਲ ਗਿਣਤੀ 1045 , ਹੈੱਡਟੀਚਰਾਂ ਦੀ ਕੁੱਲ ਗਿਣਤੀ 4331 ਅਤੇ ਜੇ.ਬੀ.ਟੀ/ਈ.ਟੀ.ਟੀ (ਟੀਚਿੰਗ ਕੇਡਰ) ਦੀ ਕੁੱਲ 27441 ਹੋਵੇਗੀ।ਇੱਥੇ ਦੱਸਣਯੋਗ ਹੈ ਕਿ ਰਾਜ ਸਰਕਾਰ ਦੇ ਉਪਰੋਕਤ ਸੇਵਾ ਨਿਯਮ- 2018 'ਚ ਕੀਤੀ ਗਈ ਸੋਧ ਅਨੁਸਾਰ ਅਤੇ ਹੁਣ ਸੇਵਾ ਨਿਯਮ- 2025 ਮੁਤਾਬਿਕ ਇੱਕ ਬੇਹੱਦ ਤੇ ਰੌਚਕ ਪਹਿਲੂ ਸਾਹਮਣੇ ਆਇਆ ਹੈ ਜਿਸ ਅਨੁਸਾਰ ਅਜੋਕੇ ਸਿੱਖਿਆ ਵਿਭਾਗ (ਐਲੀ:) ਪੰਜਾਬ ਦੇ ਸਮੂਹ ਸਰਕਾਰੀ ਸਕੂਲਾਂ ਵਿੱਚ ਪੜ੍ਹਨ ਵਾਲੇ 60 ਵਿਦਿਆਰਥੀਆਂ ਦੀ ਗਿਣਤੀ ਪਿੱਛੇ ਹੀ ਹੁਣ ਹੈੱਡਟੀਚਰ ਦੀ ਮੰਨਜ਼ੂਰਸਦਾ ਅਸਾਮੀ ਹੋਵੇਗੀ।ਜਿਹੜੀ ਪਹਿਲਾਂ ਕਿ 50 ਵਿਦਿਆਰਥੀਆਂ ਦੀ ਗਿਣਤੀ ਪਿੱਛੇ ਹੁੰਦੀ ਸੀ।ਇੰਝ ਹੁਣ ਜੇ.ਬੀ.ਟੀ/ਈ.ਟੀ.ਟੀ ਅਧਿਆਪਕਾਂ ਤੋਂ ਬਤੌਰ ਹੈੱਡਟੀਚਰ ਪੱਦਉਨਤ ਹੋਣ ਵਾਲੇ ਅਨੇਕਾਂ ਚਾਹਵਾਨ ਅਧਿਆਪਕ ਤਰੱਕੀ ਮਿਲਣ ਤੋਂ ਵੀ ਸੱਖਣੇ ਹੀ ਸੇਵਾਮੁਕਤ ਹੋਇਆ ਕਰਨਗੇ। ਜਿਸ ਕਾਰਨ ਅਧਿਆਪਕ ਵਰਗ ਅੰਦਰ ਭਾਰੀ ਰੋਸ ਦੀ ਲਹਿਰ ਹੈ।ਇੱਥੇ ਦੱਸਣਯੋਗ ਹੈ ਕਿ ਜ਼ਿਲਾ ਅੰਮ੍ਰਿਤਸਰ ਵਿਖੇ 15 ਬਲਾਕਾਂ ਅੰਦਰ ਅਣਗਿਣਤ ਅਜਿਹੇ ਸਕੂਲ ਹਨ। ਜਿਹੜੇ ਵਿਦਿਆਰਥੀਆਂ ਦੀ ਉਕਤ ਗਿਣਤੀ ਅਨੁਸਾਰ (ਸੇਵਾ ਨਿਯਮ-2018) ਹੈੱਡਟੀਚਰ ਦੀ ਅਸਾਮੀ ਲਈ ਯੋਗ ਨਹੀਂ ਹਨ।ਪ੍ਰੰਤੂ ਫਿਰ ਵੀ ਸਿੱਖਿਆ ਵਿਭਾਗ ਦੇ ਉੱਚ ਅਫ਼ਸਰਾਂ ਦੀ ਮੇਹਰਬਾਨੀ ਤੇ ਰਹਿਨੁਮਾਈ ਹੇਠ ਨਿਰਵਿਘਨ ਸੇਵਾ ਨਿਭਾ ਰਹੇ ਹਨ। ਇਸ ਸੰਬੰਧ ਵਿੱਚ ਸਮਾਜਿਕ ਨਿਆਂ, ਸਸ਼ਕਤੀਕਰਨ ਵੈੱਲਫੇਅਰ ਐਸੋਸੀਏਸ਼ਨ ਪੰਜਾਬ ਦੇ ਸਰਪ੍ਰਸਤ ਮਲਾਗਰ ਸਿੰਘ ਪਟਿਆਲਾ, ਸੂਬਾਈ ਪ੍ਰਧਾਨ ਬਚਿੱਤਰ ਸਿੰਘ ਧਾਲੀਵਾਲ, ਚੀਫ ਆਰਗੇਨਾਈਜ਼ਰ ਕਰਨਰਾਜ ਸਿੰਘ ਗਿੱਲ, ਸੂਬਾਈ ਕਾਨੂੰਨੀ ਸਲਾਹਕਾਰ ਮਨਜੀਤ ਸਿੰਘ ਵਿਰਕ, ਜ਼ਿਲਾ ਜਨਰਲ ਸਕੱਤਰ ਕੁਲਜੀਤ ਸਿੰਘ ਵੇਰਕਾ ਆਦਿ ਜਥੇਬੰਦਕ ਆਗੂਆਂ ਨੇ ਰਾਜ ਸਰਕਾਰ ਦੇ ਉਪਰੋਕਤ ਫੈਸਲੇ ਦੀ ਸਖ਼ਤ ਸ਼ਬਦਾਂ ਵਿੱਚ ਆਲੋਚਨਾ ਕਰਦੇ ਹੋਏ ਸਮੂਹਿਕ ਜੇ.ਬੀ.ਟੀ/ਈ.ਟੀ.ਟੀ ਅਧਿਆਪਕ ਵਰਗ ਨਾਲ ਸ਼ਰੇਆਮ ਧੱਕਾ ਕਰਾਰ ਦਿੰਦੇ ਹੋਏ, ਉਨ੍ਹਾਂ ਨੂੰ ਆਪਣੇ ਹੱਕਾਂ ਤੇ ਹਿੱਤਾਂ ਦੀ ਸੁਰੱਖਿਆ ਯਕੀਨਨ ਬਨਾਉਣ ਵਾਸਤੇ ਅਧਿਆਪਕ ਵਰਗ ਨੂੰ ਸਰਕਾਰ ਖਿਲਾਫ ਤਿੱਖਾ ਸੰਘਰਸ਼ ਵਿੱਢਣ ਦੀ ਵੀ ਅਪੀਲ ਕੀਤੀ ਹੈ।

ਸਰਕਾਰੀ ਪੌਲੀਟੈਕਨਿਕ ਕਾਲਜ ਬਟਾਲਾ 'ਚ ਚੱਲ ਰਹੇ ਟੈਕਨੀਕਲ ਡਿਪਲੋਮਾ ਕੋਰਸਾਂ ਬਾਰੇ ਦਿੱਤੀ ਜਾਣਕਾਰੀ

ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)- ਸਰਕਾਰੀ ਪੌਲੀਟੈਕਨਿਕ ਕਾਲਜ ਬਟਾਲਾ ਵਿੱਚ ਚੱਲ ਰਹੇ ਕੋਰਸਾਂ ਦੀ ਜਾਣਕਾਰੀ ਜ਼ਿਆਦਾ ਤੋਂ ਜ਼ਿਆਦਾ ਲੋਕਾਂ ਤੱਕ ਪਹੁੰਚਾਉਣ ਲਈ ਕਾਲਜ ਦੇ ਪ੍ਰਿੰਸੀਪਲ ਦਵਿੰਦਰ ਸਿੰਘ ਭੱਟੀ ਵੱਲੋਂ ਸੰਸਥਾ ਪੱਧਰ 'ਤੇ ਟੀਮਾਂ ਦਾ ਗਠਨ ਕੀਤਾ ਗਿਆ ਹੈ।ਇਨ੍ਹਾਂ ਟੀਮਾਂ ਵੱਲੋਂ ਵੱਖ-ਵੱਖ ਸਕੂਲਾਂ ਨਾਲ ਤਾਲਮੇਲ ਕਰਕੇ ਵਿਦਿਆਰਥੀਆਂ ਨੂੰ ਜਾਣਕਾਰੀ ਦੇਣ ਲਈ ਸੈਮੀਨਾਰ ਲਗਾਏ ਜਾ ਰਹੇ ਹਨ।ਇਸ ਲੜੀ ਤਹਿਤ ਲੀਲਾਵੰਤੀ ਮੈਮੋਰੀਅਲ ਬੀ. ਜੀ. ਬਲਾਜ਼ਮ ਸਕੂਲ ਭਾਗੋਵਾਲ ਵਿਖੇ ਪ੍ਰਿੰਸੀਪਲ ਸੋਨੀਆ ਰਾਜਪੂਤ ਦੀ ਯੋਗ ਅਗਵਾਈ ਅਤੇ ਕਰਨੈਲ ਸਿੰਘ, ਮੈਡਮ ਮਨਜੀਤ ਕੌਰ, ਰਮਨਦੀਪ ਕੌਰ ਅਤੇ ਅਰਵਿੰਦਰ ਕੌਰ ਦੀ ਦੇਖ-ਰੇਖ ਹੇਠ ਸੈਮੀਨਾਰ ਕਰਵਾਇਆ ਗਿਆ।ਇਸ ਸੈਮੀਨਾਰ ਵਿੱਚ ਵਿਦਿਆਰਥੀਆਂ ਨੂੰ ਜਾਣਕਾਰੀ ਦੇਣ ਲਈ ਸਰਕਾਰੀ ਪੌਲੀਟੈਕਨਿਕ ਕਾਲਜ ਬਟਾਲਾ ਤੋਂ ਪ੍ਰਿੰਸੀਪਲ ਦਵਿੰਦਰ ਸਿੰਘ ਭੱਟੀ ਅਤੇ ਕਾਲਜ ਦੇ ਪਲੇਸਮੈਂਟ ਅਫਸਰ ਜਸਬੀਰ ਸਿੰਘ ਵਿਸ਼ੇਸ਼ ਤੌਰ 'ਤੇ ਪਹੁੰਚੇ।ਇਸ ਮੌਕੇ ਪਲੇਸਮੈਂਟ ਅਫਸਰ ਜਸਬੀਰ ਸਿੰਘ ਨੇ ਵਿਦਿਆਰਥੀਆਂ ਨੂੰ ਦੱਸਿਆ ਕਿ ਸਰਕਾਰੀ ਪੌਲੀਟੈਕਨਿਕ ਕਾਲਜ ਬਟਾਲਾ ਵਿੱਚ ਮਕੈਨੀਕਲ, ਇਲੈਕਟ੍ਰੀਕਲ, ਸਿਵਲ, ਈ. ਸੀ. ਈ. ਅਤੇ ਕੈਮੀਕਲ ਦੇ ਤਿੰਨ ਸਾਲਾ ਡਿਪਲੋਮਾਂ ਕੋਰਸ ਚੱਲਦੇ ਹਨ ਅਤੇ ਪਿਛਲੇ ਸਾਲਾਂ ਵਿੱਚ ਜ਼ਿਆਦਾਤਰ ਵਿਦਿਆਰਥੀਆਂ ਨੂੰ ਕੋਰਸ ਦੇ ਆਖਰੀ ਸਾਲ ਦੌਰਾਨ ਹੀ ਆਨ-ਕੈਂਪਸ ਅਤੇ ਆਫ-ਕੈਂਪਸ ਪਲੇਸਮੈਂਟ ਰਾਹੀਂ ਨੌਕਰੀਆਂ ਦਵਾਈਆਂ ਗਈਆਂ ਹਨ।ਦਾਖਲੇ ਲਈ ਵਿਦਿਆਰਥੀਆਂ ਦੇ ਨੰਬਰਾਂ ਦੇ ਅਧਾਰ ਤੇ ਲਾਗੂ ਵਜ਼ੀਫਾ ਸਕੀਮ ਤਹਿਤ ਹੋਣਹਾਰ ਵਿਦਿਆਰਥੀਆਂ ਲਈ ਕਾਲਜ ਦੀਆਂ ਫੀਸਾਂ ਵਿੱਚ ਭਾਰੀ ਕਟੌਤੀ ਕੀਤੀ ਗਈ ਹੈ।ਇਸ ਸਕੀਮ ਅਧੀਨ ਦੱਸਵੀਂ ਸ਼੍ਰੇਣੀ ਵਿੱਚ 60% ਤੋਂ ਜ਼ਿਆਦਾ ਨੰਬਰ ਲੈਣ ਵਾਲੇ ਵਿਦਿਆਰਥੀ ਨੂੰ ਕੋਰਸ ਦੌਰਾਨ 70% ਟਿਊਸ਼ਨ ਫੀਸ ਮੁਆਫ ਹੋਏਗੀ।ਇਸੇ ਤਰ੍ਹਾਂ 70% ਤੋਂ ਜ਼ਿਆਦਾ ਨੰਬਰ ਲੈਣ ਵਾਲੇ ਨੂੰ 80%, 80% ਤੋਂ ਜ਼ਿਆਦਾ ਨੰਬਰ ਲੈਣ ਵਾਲੇ ਨੂੰ 90% ਅਤੇ 90% ਤੋਂ ਜ਼ਿਆਦਾ ਨੰਬਰ ਲੈਣ ਵਾਲੇ ਨੂੰ ਪੂਰੀ ਟਿਊਸ਼ਨ ਫੀਸ ਦੀ ਮੁਆਫੀ ਦਾ ਲਾਭ ਦਿੱਤਾ ਜਾਵੇਗਾ।ਉਨ੍ਹਾਂ ਦੱਸਿਆ ਕਿ ਇਸ ਸਕੀਮ ਦਾ ਲਾਭ ਕਿਸੇ ਵੀ ਕੈਟਾਗਰੀ ਦਾ ਵਿਦਿਆਰਥੀ ਲੈ ਸਕਦਾ ਹੈ।ਇਸ ਸਕੀਮ ਤੋਂ ਇਲਾਵਾ ਇਹ ਵੀ ਦੱਸਿਆ ਕਿ ਅਨੁਸੂਚਿਤ ਜਾਤੀ ਦੇ ਵਿਦਿਆਰਥੀ ਜਿਨ੍ਹਾਂ ਦੀ ਸਾਲਾਨਾ ਪਰਿਵਾਰਕ ਆਮਦਨ 2.5 ਲੱਖ ਤੋਂ ਘੱਟ ਹੈ, ਪਾਸੋਂ ਕੋਰਸ ਦੌਰਾਨ ਕੋਈ ਫੀਸ ਨਹੀਂ ਲਈ ਜਾਂਦੀ।ਪ੍ਰਿੰ. ਦਵਿੰਦਰ ਸਿੰਘ ਭੱਟੀ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਵੱਖ-ਵੱਖ ਖੇਤਰਾਂ ਵਿੱਚ ਹੁਨਰਮੰਦ ਨੌਜਵਾਨਾਂ ਦੀ ਬਹੁਤ ਲੋੜ ਹੈ। ਇਸ ਸੈਮੀਨਾਰ ਦੌਰਾਨ ਵਿਦਿਆਰਥੀਆਂ ਤੋਂ ਇਲਾਵਾ ਉਨ੍ਹਾਂ ਦੇ ਮਾਤਾ-ਪਿਤਾ ਵੀ ਮੌਜੂਦ ਸਨ।

ਭਾਜਪਾ ਨੇ ਕੌਮਾਂਤਰੀ ਮਹਿਲਾ ਦਿਵਸ ਮੌਕੇ ਮਹਿਲਾਵਾਂ ਨੂੰ ਵੱਡਾ ਤੋਹਫਾ ਦਿੱਤਾ : ਵਿਨੈ ਚੌਧਰੀ

ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)- ਭਾਜਪਾ ਨੇ ਕੌਮਾਂਤਰੀ ਮਹਿਲਾ ਦਿਵਸ ਮੌਕੇ ਮਹਿਲਾਵਾਂ ਨੂੰ ਵੱਡਾ ਤੋਹਫਾ ਦਿੱਤਾ ਹੈ।ਭਾਜਪਾ ਪ੍ਰਧਾਨ ਜੇਪੀ ਨੱਢਾ ਨੇ ਸਮ੍ਰਿਧੀ ਯੋਜਨਾ ਦੀ ਸ਼ੁਰੂਆਤ ਕਰਨ ਦਾ ਐਲਾਨ ਕੀਤਾ।ਇਸ ਤਹਿਤ ਔਰਤਾਂ ਦੇ ਖਾਤੇ ਵਿਚ 2500 ਰੁਪਏ ਮਹੀਨਾ ਆਉਣਗੇ। ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੀਨਾਨਗਰ ਤੋਂ ਭਾਜਪਾ ਦੇ ਸੀਨੀਅਰ ਨੇਤਾ ਵਿਨੈ ਚੌਧਰੀ ਨੇ ਕੀਤਾ।ਉਨ੍ਹਾਂ ਕਿਹਾ ਕਿ ਵਿਧਾਨ ਸਭਾ ਚੋਣਾਂ ਦੌਰਾਨ ਭਾਜਪਾ ਨੇ ਇਸ ਯੋਜਨਾ ਤਹਿਤ ਮਹਿਲਾਵਾਂ ਨੂੰ ਹਰ ਮਹੀਨੇ 2500 ਰੁਪਏ ਦੇਣ ਦਾ ਵਾਅਦਾ ਕੀਤਾ ਸੀ।ਇਸ ਨਾਲ 20 ਲੱਖ ਮਹਿਲਾਵਾਂ ਨੂੰ ਫਾਇਦਾ ਹੋਣ ਦਾ ਅਨੁਮਾਨ ਹੈ।ਮਹਿਲਾ ਸਮ੍ਰਿਧੀ ਯੋਜਨਾ ਦਾ ਫਾਇਦਾ ਲੈਣ ਲਈ ਮਹਿਲਾਵਾਂ ਨੂੰ ਈ-ਰਜਿਸਟ੍ਰੇਸ਼ਨ ਕਰਾਉਣਾ ਜ਼ਰੂਰੀ ਹੋਵੇਗਾ।ਇਸ ਲਈ ਸਰਕਾਰ ਇਕ ਪੋਰਟਲ ਤੇ ਮੋਬਾਈਲ ਐਪ ਲਾਂਚ

9-March-PAGE-4.qxd 3/9/2025 9:09 PM Page 1

ਨਵਾਂ ਜ਼ਮਾਨਾ
ਸੋਮਵਾਰ, 10 ਮਾਰਚ 2025

ਸਿਆਸਤਦਾਨਾਂ ਦੀਆਂ ਚਲਾਕੀਆਂ

ਹਾਲਾਂਕਿ ਕੇਸ ਨਿੱਬੜਿਆ ਨਹੀਂ ਹੈ, ਪਰ ਦਿੱਲੀ ਦੀ ਰੋਜ਼ ਐਵੇਨਿਊ ਕੋਰਟ ਦੇ ਵਿਸ਼ੇਸ਼ ਜੱਜ ਜਤਿੰਦਰ ਸਿੰਘ ਨੇ ਭਾਜਪਾ ਆਗੂ ਤੇ ਇਸ ਵੇਲੇ ਦਿੱਲੀ ਦੇ ਨਿਆਂ ਮੰਤਰੀ ਕਪਿਲ ਮਿਸ਼ਰਾ ਦੀ ਸ਼ੁੱਕਰਵਾਰ ਨਜ਼ਰਸਾਨੀ ਪਟੀਸ਼ਨ (ਰਿਵੀਜ਼ਨ ਪਟੀਸ਼ਨ) ਖਾਰਜ ਕਰਦਿਆਂ ਜਿਹੜੀ ਟਿੱਪਣੀ ਕੀਤੀ, ਉਹ ਦਰਸਾਉਂਦੀ ਹੈ ਕਿ ਆਗੂ ਵੋਟਾਂ ਲੈਣ ਲਈ ਧਰੁਵੀਕਰਨ ਕਰਨ ਵਾਸਤੇ ਸ਼ਬਦਾਂ ਦੀ ਕਿੰਨੀ ਚਲਾਕੀ ਨਾਲ ਵਰਤੋਂ ਕਰਦੇ ਹਨ। ਫਾਜ਼ਲ ਜੱਜ ਨੇ ਕਿਹਾ ਕਿ ਪਟੀਸ਼ਨਰ (ਕਪਿਲ ਮਿਸ਼ਰਾ) ਨੇ ਆਪਣੇ ਬਿਆਨਾਂ ਵਿੱਚ ਪਾਕਿਸਤਾਨ ਸ਼ਬਦ ਨੂੰ ਬਹੁਤ ਚਲਾਕੀ ਨਾਲ ਬੁਣਿਆ ਤਾਂ ਕਿ ਨਫਰਤ ਫੈਲਾਈ ਜਾ ਸਕੇ ਅਤੇ ਵੋਟਾਂ ਹਾਸਲ ਕਰਨ ਲਈ ਚੋਣ ਪ੍ਰਚਾਰ ਦੌਰਾਨ ਧਰੁਵੀਕਰਨ ਨੂੰ ਵਧਾਇਆ ਜਾ ਸਕੇ। ਪਟੀਸ਼ਨਰ ਦੇ ਬਿਆਨ ਇੱਕ ਦੇਸ਼ ਦੇ ਸੰਦਰਭ ਵਿੱਚ ਅਸਿੱਧੇ ਤੌਰ 'ਤੇ ਧਰਮ ਦੇ ਆਧਾਰ 'ਤੇ ਦੁਸ਼ਮਣੀ ਫੈਲਾਉਣ ਦਾ ਸਪੱਸ਼ਟ ਜਤਨ ਲਗਦੇ ਹਨ। ਆਮ ਬੋਲਚਾਲ ਵਿੱਚ ਇੱਕ ਵਿਸ਼ੇਸ਼ ਧਰਮ ਦੇ ਮੈਂਬਰਾਂ ਨੂੰ ਦਰਸਾਉਣ ਲਈ ਪਾਕਿਸਤਾਨ ਸ਼ਬਦ ਦੀ ਵਰਤੋਂ ਕੀਤੀ ਜਾਂਦੀ ਹੈ।

ਲੋਕ ਪ੍ਰਤੀਨਿਧਤਾ ਐਕਟ ਦੀ ਧਾਰਾ 125 (ਚੋਣਾਂ 'ਚ ਵਰਗਾਂ ਵਿਚਾਲੇ ਦੁਸ਼ਮਣੀ ਫੈਲਾਉਣਾ) ਤਹਿਤ ਦਰਜ ਮਾਮਲੇ ਵਿੱਚ ਦੋਸ਼ ਲਾਇਆ ਗਿਆ ਸੀ ਕਿ ਮਿਸ਼ਰਾ ਨੇ 2020 ਵਿੱਚ ਇਲੈਕਟ੍ਰਾਨਿਕ ਮੀਡੀਆ 'ਚ ਇਤਰਾਜ਼ਯੋਗ ਬਿਆਨ ਦਿੱਤੇ ਸਨ, ਜਿਵੇਂ ਕਿ 'ਦਿੱਲੀ ਵਿੱਚ ਨਿੱਕੇ-ਨਿੱਕੇ ਪਾਕਿਸਤਾਨ ਬਣੇ ਹੋਏ ਹਨ' ਅਤੇ 'ਸ਼ਾਹੀਨ ਬਾਗ ਵਿੱਚ ਪਾਕਿਸਤਾਨ ਦੀ ਐਂਟਰੀ ਹੋ ਗਈ ਹੈ'। ਇਹ ਮਾਮਲਾ ਮਿਸ਼ਰਾ ਦੀ ਇੱਕ ਸੋਸ਼ਲ ਮੀਡੀਆ ਪੋਸਟ ਨਾਲ ਵੀ ਜੁੜਿਆ ਹੋਇਆ ਹੈ, ਜਿਸ ਵਿੱਚ ਉਸ ਨੇ ਕਿਹਾ ਸੀ ਕਿ 8 ਫਰਵਰੀ 2020 ਨੂੰ ਦਿੱਲੀ ਦੀਆਂ ਸੜਕਾਂ 'ਤੇ ਭਾਰਤ ਬਨਾਮ ਪਾਕਿਸਤਾਨ ਦਾ ਮੁਕਾਬਲਾ ਹੋਵੇਗਾ, ਜਿਹੜੀ ਕਿ ਦਿੱਲੀ ਅਸੈਂਬਲੀ ਦੀਆਂ ਚੋਣਾਂ ਦੀ ਤਰੀਕ ਸੀ। 11 ਨਵੰਬਰ 2023 ਨੂੰ ਇਸ ਮਾਮਲੇ ਵਿੱਚ ਚਾਰਜਸ਼ੀਟ ਦਾਖਲ ਕੀਤੀ ਗਈ ਸੀ। ਵੇਲੇ ਦੀ ਐਡੀਸ਼ਨਲ ਚੀਫ ਮੈਟਰੋਪੋਲੀਟਨ ਮੈਜਿਸਟ੍ਰੇਟ ਪ੍ਰਿਅੰਕਾ ਰਾਜਪੂਤ ਨੇ ਮਿਸ਼ਰਾ ਨੂੰ ਸੰਮਨ ਕੀਤਾ ਤਾਂ ਉਸ ਦੇ ਇੱਕ ਮਹੀਨੇ ਬਾਅਦ 20 ਜੁਲਾਈ 2024 ਨੂੰ ਮਿਸ਼ਰਾ ਨੇ ਜੱਜ ਜਤਿੰਦਰ ਸਿੰਘ ਅੱਗੇ ਨਜ਼ਰਸਾਨੀ ਪਟੀਸ਼ਨ ਦਾਇਰ ਕਰ ਦਿੱਤੀ। ਮਿਸ਼ਰਾ ਦੇ ਵਕੀਲ ਪਵਨ ਨਾਰੰਗ ਨੇ ਦਲੀਲ ਦਿੱਤੀ ਕਿ ਮਿਸ਼ਰਾ ਦੇ ਕਥਿਤ ਬਿਆਨਾਂ ਵਿੱਚ ਕਿਸੇ ਜਾਤ, ਭਾਈਚਾਰੇ, ਧਰਮ, ਨਸਲ ਜਾਂ ਭਾਸ਼ਾ ਦਾ ਜ਼ਿਕਰ ਨਹੀਂ ਹੈ, ਸਗੋਂ ਇੱਕ ਦੇਸ਼ ਦਾ ਜ਼ਿਕਰ ਹੈ, ਜਿਹੜਾ ਲੋਕ ਪ੍ਰਤੀਨਿਧਤਾ ਐਕਟ ਦੀ ਧਾਰਾ 125 ਤਹਿਤ ਪਾਬੰਦੀਸ਼ੁਦਾ ਨਹੀਂ ਹੈ। ਫਾਜ਼ਲ ਜੱਜ ਨੇ ਕਿਹਾ ਕਿ ਇਹ ਦਲੀਲ ਬਿਲਕੁਲ ਬੇਤੁਕੀ ਤੇ ਪੂਰੀ ਤਰ੍ਹਾਂ ਗੈਰਵਾਜਬ ਹੈ। ਕਥਿਤ ਬਿਆਨ ਵਿੱਚ ਉਸ ਖਾਸ ਦੇਸ਼ ਦਾ ਨਾਂਅ ਲੈਣ ਦੇ ਬਹਾਨੇ ਇੱਕ ਖਾਸ ਧਾਰਮਿਕ ਭਾਈਚਾਰੇ ਦੇ ਲੋਕਾਂ ਪ੍ਰਤੀ ਸਪੱਸ਼ਟ ਇਸ਼ਾਰਾ ਮੰਨਿਆ ਜਾ ਸਕਦਾ ਹੈ। ਉਹ ਸ਼ਬਦ ਧਾਰਮਿਕ ਭਾਈਚਾਰਿਆਂ ਵਿਚਾਲੇ ਦੁਸ਼ਮਣੀ ਪੈਦਾ ਕਰਨ ਲਈ ਹੈ। ਇਸ ਨੂੰ ਸਧਾਰਨ ਬੰਦਾ ਵੀ ਆਸਾਨੀ ਨਾਲ ਸਮਝ ਸਕਦਾ ਹੈ, ਸਮਝਦਾਰ ਬੰਦੇ ਦੀ ਤਾਂ ਗੱਲ ਹੀ ਵੱਖਰੀ ਹੈ।

ਨਾਗਰਿਕਤਾ ਸੋਧ ਕਾਨੂੰਨ ਖਿਲਾਫ ਅੰਦੋਲਨ ਦੌਰਾਨ ਦਿੱਲੀ ਦੇ ਸ਼ਾਹੀਨ ਬਾਗ ਵਿੱਚ ਬੀਬੀਆਂ ਨੇ ਤਕੜਾ ਮੋਰਚਾ ਲਾਇਆ ਸੀ। ਉਸ ਦੌਰਾਨ ਮਿਸ਼ਰਾ ਨੇ ਕਈ ਭੜਕਾਊ ਬਿਆਨ ਦਿੱਤੇ। ਪੁਲਸ ਸਾਹਮਣੇ ਭੀੜ ਨੂੰ ਸੰਬੋਧਨ ਕਰਦੇ ਅਜਿਹੇ ਇੱਕ ਬਿਆਨ 'ਤੇ ਕਾਫੀ ਵਿਵਾਦ ਹੋਇਆ ਸੀ। ਇਸੇ ਦੌਰਾਨ ਉੱਤਰ-ਪੂਰਬੀ ਦਿੱਲੀ ਵਿੱਚ ਫਿਰਕੂ ਦੰਗਾ ਹੋਇਆ। ਦਿੱਲੀ ਦੇ ਘਟਨਾਕ੍ਰਮ ਤੋਂ ਬਾਅਦ ਕਪਿਲ ਮਿਸ਼ਰਾ ਨੂੰ ਭਾਜਪਾ ਨੇ ਮੱਧ ਪ੍ਰਦੇਸ਼ ਵਿੱਚ ਭਾਸ਼ਣ ਦੇਣ ਲਈ ਸੱਦਿਆ ਸੀ। ਹੁਣ ਦੇਖਣ ਵਾਲੀ ਗੱਲ ਹੋਵੇਗੀ ਕਿ ਮਾਮਲੇ ਦਾ ਅੰਤਮ ਨਿਬੇੜਾ ਕਿੱਥੇ ਜਾ ਕੇ ਹੁੰਦਾ ਹੈ।

ਪਾਠਕ-ਸੱਥ

ਸਹੀ ਮਨਸ਼ਾ ਨਾਲ ਅੱਗੇ ਵਧੇ ਮੁਹਿੰਮ

ਮੌਜੂਦਾ ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਨਸ਼ੇ ਦੀ ਵਗ ਰਹੀ ਹਨੇਰੀ ਨੂੰ ਠੱਲ੍ਹਣ ਲਈ ਪਿਛਲੇ ਦਿਨੀਂ ਮੁਹਿੰਮ ਯੁੱਧ ਨਸ਼ਿਆਂ ਵਿਰੁੱਧ ਦਾ ਆਗਾਜ਼ ਕੀਤਾ ਗਿਆ। ਪੁਲਸ ਅਧਿਕਾਰੀਆਂ ਤੇ ਸਮੁੱਚੇ ਡਿਪਟੀ ਕਮਿਸ਼ਨਰਾਂ ਨਾਲ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ ਤੇ ਇਹ ਵੀ ਐਲਾਨ ਕੀਤਾ ਗਿਆ ਹੈ ਕਿ ਤਿੰਨ ਮਹੀਨਿਆਂ ਵਿੱਚ ਪੰਜਾਬ ਨੂੰ ਨਸ਼ਾ ਮੁਕਤ ਬਣਾ ਦਿੱਤਾ ਜਾਵੇਗਾ, ਚੰਗੀ ਗੱਲ ਹੈ। ਨਿੱਤ ਅਖ਼ਬਾਰਾਂ 'ਚ ਨਸ਼ੇ ਦੀ ਓਵਰਡੋਜ਼ ਨਾਲ ਮਰ ਰਹੇ ਨੌਜਵਾਨਾਂ ਦੀਆਂ ਖ਼ਬਰਾਂ ਨਸ਼ਰ ਹੁੰਦੀਆਂ ਹਨ। ਪੜ੍ਹ ਕੇ ਬੜਾ ਦੁੱਖ ਹੁੰਦਾ ਹੈ ਕਿ ਕੱਚੀ ਉਮਰ ਦੇ ਮਛੇਰ ਕਿਸ ਤਰ੍ਹਾਂ ਅਜਾਈਂ ਮੌਤੇ ਖ਼ਤਮ ਹੋ ਰਹੇ ਹਨ। ਇਸ ਦਲਦਲ ਵਿੱਚ ਫਸੀ ਤੇ ਕੁਰਾਹੇ ਪਈ ਸਾਡੀ ਨੌਜਵਾਨੀ ਨੂੰ ਕਿਸੇ ਵੀ ਤਰੀਕੇ ਜੇਕਰ ਮੋੜਾ ਪੈ ਜਾਵੇ ਤਾਂ ਇਹ ਪੰਜਾਬ ਦਾ ਬਹੁਤ ਵੱਡਾ ਭਲਾ ਹੋਵੇਗਾ। ਅੱਗੇ ਤੋਂ ਇਸ ਭੈੜੀ ਅਲਾਮਤ ਕਾਰਨ ਕਿਸੇ ਦੇ ਘਰ ਬੇਵਖ਼ਤਾ ਸੱਥਰ ਨਾ ਵਿਛੇ। ਲੱਖਾਂ ਮਾਵਾਂ, ਭੈਣਾਂ ਤੇ ਪਤਨੀਆਂ ਦੁਆਵਾਂ ਦੇਣਗੀਆਂ ਜੇਕਰ ਉਨ੍ਹਾਂ ਦੇ ਘਰਾਂ ਦੇ ਚਿਰਾਗ ਫਿਰ ਤੋਂ ਹੱਸਦੀ ਵੱਸਦੀ ਜ਼ਿੰਦਗੀ ਦੀ ਧਾਰਾ ਵਿੱਚ ਮੁੜ ਆਉਣ। ਪੜ੍ਹਨ ਸੁਣਨ ਨੂੰ ਤਾਂ ਇੱਕ ਚੰਗਾ ਉਪਰਾਲਾ ਲੱਗ ਰਿਹਾ ਹੈ। ਜੇਕਰ ਇਸ ਚਲਾਈ ਮੁਹਿੰਮ ਨੂੰ ਸਹੀ ਮਨਸ਼ਾ, ਇਮਾਨਦਾਰੀ ਤੇ ਨਿਯਮਬੱਧ ਯੋਜਨਾ ਤਹਿਤ ਇਸ ਤਰ੍ਹਾਂ ਅੱਗੇ ਵਧਿਆ ਜਾਵੇ ਕਿ ਜਦੋਂ ਤੱਕ ਪੰਜਾਬ ਵਿੱਚੋਂ ਨਸ਼ੇ ਦੇ ਛੋਟੇ ਤੋਂ ਲੈ ਕੇ ਵੱਡੇ ਜਰਾਸੀਮ ਤੱਕ ਸਾਰੇ ਖ਼ਤਮ ਨਹੀਂ ਹੁੰਦੇ, ਉਦੋਂ ਤੱਕ ਸਫ਼ਾਈ ਚਲਦੀ ਰਹਿਣੀ ਚਾਹੀਦੀ ਹੈ ਅਤੇ ਸਾਨੂੰ ਸਭ ਨੂੰ ਵੀ ਇਸ ਮੁਹਿੰਮ ਨੂੰ ਸਫ਼ਲ ਬਣਾਉਣ ਲਈ ਹਰ ਸੰਭਵ ਯਤਨ ਕਰਨੇ ਚਾਹੀਦੇ ਹਨ। ਸਭ ਤੋਂ ਵੱਡੀ ਗੱਲ ਨਸ਼ੇ ਦੀ ਲਤ ਤੋਂ ਪ੍ਰਭਾਵਿਤ ਵਿਅਕਤੀਆਂ ਨੂੰ ਪ੍ਰੇਰਿਤ ਕਰਨ ਅਤੇ ਦਿਮਾਗੀ ਤੌਰ 'ਤੇ ਮਜ਼ਬੂਤ ਕਰਨ ਦੀ ਲੋੜ ਹੈ ਤਾਂ ਕਿ ਉਨ੍ਹਾਂ ਨੂੰ ਇਸ ਦਲਦਲ ਵਿੱਚੋਂ ਬਾਹਰ ਨਿਕਲਣ ਵਿੱਚ ਮਦਦ ਮਿਲ ਸਕੇ।

-ਲਾਭ ਸਿੰਘ ਸ਼ੇਰਗਿੱਲ (ਸੰਗਰੂਰ)

ਅਵਾਰਾ ਪਸ਼ੂਆਂ ਦੀ ਸਮੱਸਿਆ

ਪੰਜਾਬ ਦੀਆਂ ਸੜਕਾਂ, ਗਲੀਆਂ ਅਤੇ ਖੇਤਾਂ 'ਚ ਅਵਾਰਾ ਪਸ਼ੂਆਂ ਦੀ ਵਧਦੀ ਗਿਣਤੀ ਇੱਕ ਗੰਭੀਰ ਸਮੱਸਿਆ ਬਣ ਗਈ ਹੈ। ਇਹ ਨਾ ਸਿਰਫ ਆਮ ਲੋਕਾਂ ਲਈ ਖਤਰਾ ਹਨ, ਸਗੋਂ ਸੜਕੀ ਹਾਦਸਿਆਂ, ਫਸਲਾਂ ਦੇ ਨੁਕਸਾਨ ਅਤੇ ਵਾਤਾਵਰਣ ਪ੍ਰਦੂਸ਼ਣ ਦਾ ਵੀ ਕਾਰਨ ਬਣ ਰਹੇ ਹਨ। ਇਸ ਸਮੱਸਿਆ ਦੇ ਮੁੱਖ ਕਾਰਨਾਂ ਵਿੱਚ ਪਸ਼ੂ ਪਾਲਕਾਂ ਵੱਲੋਂ ਬੇਕਾਰ ਪਸ਼ੂਆਂ ਦਾ ਛੱਡਣਾ, ਪਸ਼ੂ ਚਾਰੇ ਦੀ ਘਾਟ ਅਤੇ ਗਊਸ਼ਾਲਾਵਾਂ ਦੀ ਘਾਟ ਸ਼ਾਮਲ ਹਨ। ਅਵਾਰਾ ਪਸ਼ੂਆਂ ਦੇ ਕਾਰਨ ਸੜਕੀ ਹਾਦਸਿਆਂ ਵਿੱਚ ਵਾਧਾ ਹੋ ਰਿਹਾ ਹੈ, ਕਿਸਾਨਾਂ ਦੀਆਂ ਫਸਲਾਂ ਨੁਕਸਾਨੀਆਂ ਜਾ ਰਹੀਆਂ ਹਨ ਅਤੇ ਗੰਦਗੀ ਫੈਲ ਰਹੀ ਹੈ। ਇਸ ਸਮੱਸਿਆ ਦੇ ਹੱਲ ਲਈ ਸਰਕਾਰ ਅਤੇ ਸਮਾਜ ਨੂੰ ਮਿਲ ਕੇ ਕੰਮ ਕਰਨਾ ਚਾਹੀਦਾ ਹੈ। ਸਰਕਾਰ ਨੂੰ ਪਸ਼ੂ ਪਾਲਕਾਂ ਨੂੰ ਪ੍ਰੇਰਿਤ ਕਰਨਾ ਚਾਹੀਦਾ ਹੈ, ਗਊਸ਼ਾਲਾਵਾਂ ਦੀ ਗਿਣਤੀ ਵਧਾਉਣੀ ਚਾਹੀਦੀ ਹੈ ਅਤੇ ਅਵਾਰਾ ਪਸ਼ੂ ਫੜਨ ਦੀਆਂ ਮੁਹਿੰਮਾਂ ਚਲਾਉਣੀਆਂ ਚਾਹੀਦੀਆਂ ਹਨ। ਸਮਾਜ ਨੂੰ ਵੀ ਅਵਾਰਾ ਪਸ਼ੂਆਂ ਨੂੰ ਭੋਜਨ ਦੇਣ ਅਤੇ ਗਊਸ਼ਾਲਾਵਾਂ ਨੂੰ ਦਾਨ ਕਰਨ ਲਈ ਅੱਗੇ ਆਉਣਾ ਚਾਹੀਦਾ ਹੈ। ਅਵਾਰਾ ਪਸ਼ੂਆਂ ਤੋਂ ਮੁਕਤੀ ਸਾਡੀ ਸੁਰੱਖਿਆ, ਵਾਤਾਵਰਣ ਅਤੇ ਆਰਥਿਕਤਾ ਲਈ ਬਹੁਤ ਜਰੂਰੀ ਹੈ।

-ਚਾਨਣ ਦੀਪ ਸਿੰਘ ਔਲਖ, 98768-88177

ਲੋਕ ਨੁਮਾਇੰਦੇ, ਸੱਤਾ ਅਤੇ ਵਿਰੋਧੀ ਧਿਰ

ਗੁਰਮੀਤ ਸਿੰਘ ਪਲਾਹੀ

ਭਾਰਤ ਦੇ ਚੁਣੇ ਹੋਏ ਲੋਕ ਨੁਮਾਇੰਦਿਆਂ ਦੇ ਕੰਮ ਕਰਨ ਦੇ ਢੰਗ-ਤਰੀਕਿਆਂ ਉਤੇ ਵੱਡੇ ਸਵਾਲ ਉੱਠ ਰਹੇ ਹਨ। ਸਵਾਲ ਉੱਠ ਰਹੇ ਹਨ ਕਿ ਉਹ ਲੋਕਾਂ ਤੋਂ ਵੋਟਾਂ ਲੈ ਕੇ ਪੰਜ ਸਾਲਾਂ ਲਈ ਆਪਣੀ ਗੱਦੀ ਪੱਕੀ ਕਰਕੇ ਲੋਕਾਂ ਲਈ ਜਵਾਬਦੇਹ ਨਹੀਂ ਰਹਿ ਜਾਂਦੇ? ਸਵਾਲ ਇਹ ਵੀ ਉੱਠ ਰਹੇ ਹਨ ਕਿ ਆਖ਼ਰ ਜਨਤਾ ਦਾ ਕਸੂਰ ਕੀ ਹੈ, ਜਿਹਨਾਂ ਨੇ ਆਪਣੀਆਂ ਉਮੀਦਾਂ ਦੇ ਸੁਪਨੇ ਸੰਜੋਅ ਕੇ ਉਹਨਾਂ ਨੂੰ ਸੰਸਦ ਜਾਂ ਵਿਧਾਨ ਸਭਾ 'ਚ ਪਹੁੰਚਾਇਆ ਅਤੇ ਉਹ ਲੋਕਾਂ ਦੇ ਪੱਲੇ ਕੁਝ ਪਾ ਹੀ ਨਹੀਂ ਰਹੇ।

ਵਿਧਾਨ ਸਭਾ, ਲੋਕ ਸਭਾ, ਰਾਜ ਸਭਾ ਸਦਨਾਂ ਦੀ ਕਾਰਵਾਈ ਚਲਦੀ ਹੈ, ਜਨਤਾ ਇਸ ਕਾਰਵਾਈ ਨੂੰ 'ਲਾਈਵ' ਵੇਖਦੀ ਹੈ। ਨਿਰਾਸ਼ਾ ਪੱਲੇ ਪੈਂਦੀ ਹੈ ਜਨਤਾ ਦੇ ਉਦੋਂ, ਜਦੋਂ ਉਹਨਾਂ ਦੀ ਕੋਈ ਵੀ ਸਮੱਸਿਆ ਇਹਨਾਂ ਸਦਨਾਂ ਵਿੱਚ ਵਿਚਾਰੀ ਨਹੀਂ ਜਾਂਦੀ। ਸੱਤਾ ਪੱਖ ਆਪਣੀ ਮਰਜ਼ੀ ਦੇ ਬਿੱਲ ਲਿਆਉਂਦੀ ਹੈ। ਵਿਰੋਧੀ ਧਿਰ ਆਪਣਾ ਪੱਖ ਰੱਖਣ ਦੀ ਕੋਸ਼ਿਸ਼ ਕਰਦੀ ਹੈ।ਵਿਚਾਰ-ਵਟਾਂਦਰਾ ਤਾਂ ਕੀ ਸੁਣਨਾ ਹੈ, ਉਹਨਾਂ ਦੇ ਬੋਲ ਸਦਨ 'ਚ ਸੁਣਨ ਹੀ ਨਹੀਂ ਦਿੱਤੇ ਜਾਂਦੇ। ਵਿਚਾਰ-ਵਟਾਂਦਰੇ ਦੀ ਥਾਂ ਵਿਰੋਧੀ ਧਿਰਾਂ ਨੂੰ ਸਦਨ ਵਿਚੋਂ ਬਾਹਰ ਤੋਰ ਦੇਣਾ ਇਕੋ ਇਕ ਉਪਾਅ ਰਹਿ ਗਿਆ ਹੈ, ਤਾਂ ਕਿ ਸੱਤਾ ਧਿਰ ਵੱਲੋਂ ਆਪਣੀ ਮਰਜ਼ੀ ਕੀਤੀ ਜਾ ਸਕੇ।

ਪਿਛਲੇ ਦਿਨੀਂ ਦਿੱਲੀ ਵਿਧਾਨ ਸਭਾ ਵਿੱਚ ਆਮ ਆਦਮੀ ਪਾਰਟੀ ਦੇ 21 ਵਿਧਾਇਕਾਂ ਨੂੰ ਮੁਅੱਤਲ ਕਰ ਦਿੱਤਾ ਗਿਆ। ਰਾਜਸਥਾਨ ਵਿਧਾਨ ਸਭਾ 'ਚ ਇੰਦਰਾ ਗਾਂਧੀ ਨੂੰ ਦਾਦੀ ਕਹਿ ਦੇਣ ਦਾ ਵਿਰੋਧ ਹੋਇਆ, ਹੰਗਾਮਾ ਹੋਇਆ, ਛੇ ਵਿਧਾਇਕਾਂ ਨੂੰ ਸਦਨ 'ਚੋਂ ਬਾਹਰ ਦਾ ਰਸਤਾ ਵਿਖਾ ਦਿੱਤਾ ਗਿਆ। ਅਸਲ ਵਿੱਚ ਜ਼ਿੰਮੇਦਾਰ ਅਹੁਦਿਆਂ 'ਤੇ ਬੈਠੇ ਲੋਕ ਵਿਰੋਧੀ ਧਿਰ ਨੂੰ ਟਿੱਚ ਸਮਝਦੇ ਹਨ।

ਵਿਰੋਧੀਆਂ ਨੂੰ ਨੀਵਾਂ ਦਿਖਾਉਣਾ ਅਤੇ ਹਰ ਹੀਲੇ ਉਹਨਾਂ ਨੂੰ ਖੁੰਜੇ ਲਾਉਣ ਦੀ ਪਰਵਿਰਤੀ ਮੌਜੂਦਾ ਲੋਕਤੰਤਰ ਵਿੱਚ ਧੁਰ ਹੇਠਲੀਆਂ ਸਥਾਨਕ ਸਰਕਾਰਾਂ, ਪੰਚਾਇਤੀ ਸੰਸਥਾਵਾਂ ਤੋਂ ਆਰੰਭ ਹੁੰਦੀ ਹੈ। ਪਿੰਡ ਪੰਚਾਇਤਾਂ 'ਚ ਲੋਕ ਆਪਣੇ ਨੁਮਾਇੰਦੇ ਚੁਣਦੇ ਹਨ, ਪਰ ਜਿਹਨਾਂ ਹੱਥ ਸੱਤਾ ਆ ਜਾਂਦੀ ਹੈ, ਉਹ ਵਿਰੋਧੀ ਪੰਚਾਂ ਦੀ ਬਾਤ ਹੀ ਨਹੀਂ ਪੁੱਛਦੇ, ਉਹਨਾਂ ਦੀ ਕੋਈ ਰਾਏ ਨਹੀਂ ਲੈਂਦੇ। ਮਰਜ਼ੀ ਨਾਲ, ਲੁਕ-ਛਿਪ ਕੇ ਕਾਗਜ਼ੀਂ-ਪੱਤਰੀਂ ਮੀਟਿੰਗਾਂ ਕਰਦੇ ਹਨ, ਕੰਮ ਚਲਾਈ ਰੱਖਦੇ ਹਨ, ਸਰਕਾਰੀ ਤੰਤਰ ਉਹਨਾਂ ਦੀ ਮਦਦ ਕਰਦਾ ਹੈ। ਇਹੋ ਪਰਵਿਰਤੀ ਵਿਧਾਨ ਸਭਾ ਚੁਣੇ ਜਾਣ ਉਪਰੰਤ ਸੱਤਾ ਧਿਰ ਦੀ ਬਣ ਜਾਂਦੀ ਹੈ।

ਪਹਿਲਾਂ ਤਾਂ ਵਾਹ ਲਗਦਿਆਂ ਵਿਧਾਨ ਸਭਾ ਦੀਆਂ ਮੀਟਿੰਗਾਂ ਹੀ ਨਹੀਂ ਹੁੰਦੀਆਂ, ਜੇਕਰ ਹੁੰਦੀਆਂ ਹਨ ਤਾਂ ਸਮਾਂ ਬਿਲਕੁਲ ਸੀਮਤ ਹੁੰਦਾ ਹੈ। ਸਰਕਾਰੀ ਬਿੱਲ, ਕਾਨੂੰਨ ਬਣਾਉਣ ਲਈ ਵਿਰੋਧੀ ਧਿਰ ਨੂੰ ਸਦਨੋਂ ਬਾਹਰ ਕਰਨ ਲਈ ਢੰਗ-ਤਰੀਕੇ ਵਰਤੇ ਜਾਂਦੇ ਹਨ ਅਤੇ ਫਿਰ ਬਿੱਲ ਆਪਣੀ ਹੀ ਬਹੁਸੰਮਤੀ ਨਾਲ ਪਾਸ ਕਰ ਲਏ ਜਾਂਦੇ ਹਨ। ਹਕੂਮਤ ਚਲਾਈ ਜਾਂਦੀ ਹੈ। ਲੋਕ-ਮਸਲੇ ਲੁਪਤ ਰਹਿੰਦੇ ਹਨ। ਵਿਧਾਨ ਸਭਾਵਾਂ, ਲੋਕ ਸਭਾ 'ਚ ਇਹ ਮੁੱਦੇ, ਮਸਲੇ ਉਠਾਉਣ ਲਈ ਮੌਕੇ ਹੀ ਨਹੀਂ ਮਿਲਦੇ।

ਉਂਜ ਵੀ ਲੋਕਾਂ ਦੇ ਮਸਲੇ ਉਠਾਉਣ ਵਾਲੇ ਨੇਤਾਵਾਂ ਦੀ ਘਾਟ ਮਹਿਸੂਸ ਹੋ ਰਹੀ ਹੈ। ਲੋਕ ਸਭਾ, ਵਿਧਾਨ ਸਭਾਵਾਂ 'ਚ ਪਹੁੰਚਣ ਵਾਲੇ ਬਹੁਤੇ ਲੋਕ ਧਨਵਾਨ ਲੋਕ ਹਨ, ਜਿਹੜੇ ਆਮ ਲੋਕਾਂ ਦੀਆਂ ਧੁਰ ਅੰਦਰਲੀਆਂ ਸਮੱਸਿਆਵਾਂ ਤੋਂ ਜਾਣੂ ਹੀ ਨਹੀਂ ਹਨ। ਇਸ ਦੇ ਨਾਲ-ਨਾਲ ਅਪਰਾਧਕ ਪਿਛੋਕੜ ਵਾਲੇ ਲੋਕ ਵੀ ਵੱਡੀ ਗਿਣਤੀ 'ਚ ਇਹਨਾਂ ਲੋਕਤੰਤਰੀ ਸੰਵਿਧਾਨਿਕ ਸਦਨਾਂ 'ਚ ਜਾ ਬੈਠੇ ਹਨ। ਭਲਾ ਇਹੋ ਜਿਹੇ ਲੋਕਾਂ ਤੋਂ ਆਮ ਲੋਕਾਂ ਦੀਆਂ ਸਮੱਸਿਆਵਾਂ ਦੀ ਗੱਲ ਕਰਨੀ-ਸੁਣਨੀ ਕੀ ਸੰਭਵ ਹੈ?

ਏ ਡੀ ਆਰ ਰਿਪੋਰਟ ਅਨੁਸਾਰ 514 ਮੌਜੂਦਾ ਮੈਂਬਰ ਪਾਰਲੀਮੈਂਟ ਵਿੱਚੋਂ 225 (44 ਫੀਸਦੀ) ਪਾਰਲੀਮੈਂਟ ਮੈਂਬਰਾਂ ਉਤੇ ਅਪਰਾਧਕ ਮਾਮਲੇ ਦਰਜ ਹਨ, ਜਿਹਨਾਂ ਵਿੱਚ ਬਲਾਤਕਾਰ, ਕਤਲ ਤੱਕ ਦੇ ਮਾਮਲੇ ਹਨ ਅਤੇ 5 ਫੀਸਦੀ ਐੱਮ ਪੀ 100 ਕਰੋੜ ਤੋਂ ਵੱਧ ਦੌਲਤ ਦੇ ਮਾਲਕ ਹਨ। ਉੱਤਰ ਪ੍ਰਦੇਸ਼, ਮਹਾਰਾਸ਼ਟਰ, ਬਿਹਾਰ, ਆਂਧਰਾ ਪ੍ਰਦੇਸ਼, ਤਿਲੰਗਾਨਾ ਅਤੇ ਹਿਮਾਚਲ ਪ੍ਰਦੇਸ਼ ਦੇ ਅੱਧੇ ਤੋਂ ਵੱਧ (50 ਫੀਸਦੀ ਤੋਂ ਵੱਧ) ਵੱਖੋ-ਵੱਖਰੀਆਂ ਪਾਰਟੀਆਂ ਦੇ ਨੇਤਾ ਇਹੋ ਜਿਹੇ ਹਨ, ਜਿਹਨਾਂ ਉਤੇ ਅਪਰਾਧਕ ਮਾਮਲਿਆਂ ਸੰਬੰਧੀ ਕੇਸ ਥਾਣਿਆਂ ਅਤੇ ਅਦਾਲਤਾਂ 'ਚ ਹਨ।

28 ਵਿਧਾਨ ਸਭਾਵਾਂ ਅਤੇ ਦੋ ਕੇਂਦਰ ਸ਼ਾਸਤ ਪ੍ਰਦੇਸ਼ਾਂ ਦੇ 4001 (ਕੁੱਲ 4033) ਦੇ ਕੀਤੇ ਏ ਡੀ ਆਰ. ਸਰਵੇ ਅਨੁਸਾਰ 44 ਫੀਸਦੀ ਵਿਧਾਇਕਾਂ 'ਤੇ ਆਪਰਾਧਿਕ ਪਰਚੇ ਦਰਜ ਮਿਲੇ ਅਤੇ ਉਹਨਾਂ ਵਿੱਚੋਂ 1136 (28% ਫੀਸਦੀ) ਗੰਭੀਰ ਅਪਰਾਧਿਕ ਮਾਮਲੇ ਹਨ। ਇਹਨਾਂ 4001 ਵਿਧਾਇਕਾਂ ਵਿਚੋਂ 88 (2 ਫੀਸਦੀ) ਕੋਲ ਪ੍ਰਤੀ ਵਿਧਾਇਕ 100 ਕਰੋੜ ਤੋਂ ਵੱਧ ਧਨ ਹੈ। ਫਰਵਰੀ 2025 'ਚ ਦਿੱਲੀ ਵਿਧਾਨ ਸਭਾ ਲਈ ਚੁਣੇ ਵਿਧਾਇਕਾਂ ਵਿਚੋਂ 31 ਵਿਧਾਇਕਾਂ 'ਤੇ ਅਪਰਾਧਿਕ ਮਾਮਲੇ ਅਤੇ ਭਾਜਪਾ ਦੀ ਚੁਣੀ ਸਰਕਾਰ ਦੇ 7 ਮੰਤਰੀਆਂ ਵਿੱਚੋਂ 5 ਮੰਤਰੀਆਂ ਵਿਰੁੱਧ ਅਪਰਾਧਿਕ ਮਾਮਲੇ ਦਰਜ ਹਨ।

ਲੋਕ ਸਭਾ, ਵਿਧਾਨ ਸਭਾ ਦੇ

10-MAR-PAGE-5.qxd 3/9/2025 8:52 PM Page 1

ਪਨਬਸ/ਪੀ ਆਰ ਟੀ ਸੀ ਦੇ ਕੱਚੇ ਮੁਲਾਜ਼ਮਾਂ ਵੱਲੋਂ ਹੜਤਾਲ ਸਮੇਤ ਤਿੱਖੇ ਸੰਘਰਸ਼ ਦੀ ਚੇਤਾਵਨੀ

ਬਠਿੰਡਾ (ਪਰਵਿੰਦਰਜੀਤ ਸਿੰਘ)- ਪੰਜਾਬ ਰੋਡਵੇਜ਼ ਪਨਬਸ/ਪੀ ਆਰ ਟੀ ਸੀ ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ ਦੀ ਸੂਬਾ ਪੱਧਰੀ ਮੀਟਿੰਗ ਸੂਬਾ ਪ੍ਰਧਾਨ ਰੇਸ਼ਮ ਸਿੰਘ ਗਿੱਲ ਦੀ ਪ੍ਰਧਾਨਗੀ ਹੇਠ ਲੁਧਿਆਣੇ ਈਸੜੂ ਭਵਨ ਵਿੱਚ ਹੋਈ, ਜਿਸ ਵਿੱਚ ਪਨਬਸ ਤੇ ਪੀ.ਆਰ.ਟੀ.ਸੀ. ਦੇ ਸਮੂਹ ਡਿੱਪੂਆਂ ਦੇ ਆਗੂ ਪ੍ਰਧਾਨ ਸੈਕਟਰੀ ਵੱਲੋਂ ਮੀਟਿੰਗ ਵਿੱਚ ਹਿੱਸਾ ਲਿਆ ਗਿਆ। ਮੀਟਿੰਗ ਵਿੱਚ ਸੂਬਾ ਸੰਸਥਾਪਕ ਕਮਲ ਕੁਮਾਰ, ਚੇਅਰਮੈਨ ਬਲਵਿੰਦਰ ਸਿੰਘ ਰਾਠ, ਸੂਬਾ ਪ੍ਰਧਾਨ ਰੇਸ਼ਮ ਸਿੰਘ ਗਿੱਲ ਸੀਨੀ. ਮੀਤ ਪ੍ਰਧਾਨ ਹਰਕੇਸ਼ ਕੁਮਾਰ ਵਿੱਕੀ, ਗੁਰਪ੍ਰੀਤ ਸਿੰਘ ਪੰਨੂ ਨੇ ਦੱਸਿਆ ਕਿ 1 ਜੁਲਾਈ 2024 ਨੂੰ ਮੁੱਖ ਮੰਤਰੀ ਪੰਜਾਬ ਵੱਲੋਂ ਟਰਾਂਸਪੋਰਟ ਮੁਲਾਜ਼ਮਾਂ ਦੀਆਂ ਮੰਗਾਂ ਦਾ ਹੱਲ 1 ਮਹੀਨੇ ਦੇ ਵਿੱਚ ਕਰਨ ਲਈ ਕਿਹਾ ਸੀ, ਪ੍ਰੰਤੂ ਅੱਜ ਲਗਭਗ 7-8 ਮਹੀਨੇ ਬੀਤ ਚੁੱਕੇ ਹਨ, ਕਮੇਟੀ ਵੀ ਬਣੀ ਸੀ, ਉਸ ਉਪਰੰਤ ਟਰਾਂਸਪੋਰਟ ਮੰਤਰੀ ਪੰਜਾਬ ਵੱਲੋਂ ਵੀ ਮੰਗਾਂ ਦਾ ਹੱਲ ਕਰਨ ਦਾ ਭਰੋਸਾ ਦਿੱਤਾ ਸੀ ਕਿ ਜਲਦੀ ਹੀ ਕੱਚੇ ਮੁਲਾਜ਼ਮਾਂ ਨੂੰ ਟਰਾਂਸਪੋਰਟ ਦੀ ਵੱਖਰੀ ਪਾਲਸੀ ਤਹਿਤ ਵਿਭਾਗਾਂ ਦੇ ਆਪਣੇ ਰੂਲਾਂ ਮੁਤਾਬਕ ਪੱਕਾ ਕੀਤਾ ਜਾਵੇਗਾ ਅਤੇ ਜਥੇਬੰਦੀ ਵੱਲੋਂ ਨਾਲ ਲਗਦੇ ਸੂਬਾ ਦੇ ਵਿੱਚ ਮੁਲਾਜ਼ਮਾਂ ਨੂੰ ਪੱਕਾ ਕਰਨ ਦੇ ਸਾਰੇ ਦਸਤਾਵੇਜ਼ਾਂ ਵੀ ਕਮੇਟੀ ਨੂੰ ਦਿੱਤੇ ਗਏ। ਫੇਰ ਹੜਤਾਲ ਹੋਣ ਤੋਂ ਬਾਅਦ ਪਿਛਲੇ ਸਮੇਂ ਵਿੱਚ ਟਰਾਂਸਪੋਰਟ ਮੰਤਰੀ ਪੰਜਾਬ ਵੱਲੋਂ ਐਡਵੋਕੇਟ ਜਨਰਲ ਨਾਲ ਮੀਟਿੰਗ ਕਰਵਾਈ ਗਈ ਤੇ ਐਡਵੋਕੇਟ ਜਨਰਲ ਪੰਜਾਬ ਵੱਲੋਂ ਵੀ ਭਰੋਸਾ ਦਿੱਤਾ ਗਿਆ ਕਿ ਵਿਭਾਗਾਂ ਵੱਲੋਂ ਜਲਦੀ ਪਾਲਸੀ ਨੂੰ ਬਣਾ ਕੇ ਲਿਆਂਦਾ ਜਾਵੇ ਤਾਂ ਜੋਂ ਜਲਦੀ ਕੈਬਨਿਟ ਮੀਟਿੰਗ ਵਿੱਚ ਪਾਸ ਕਰਕੇ ਵਰਕਰਾਂ ਤੇ ਲਾਗੂ ਹੋ ਸਕੇ ਪ੍ਰੰਤੂ ਵਿਭਾਗਾਂ ਦੇ ਅਧਿਕਾਰੀਆਂ ਵੱਲੋਂ ਹੁਣ ਤੱਕ ਜਥੇਬੰਦੀ ਨੂੰ ਪਾਲਸੀ ਬਾਰੇ ਜਾਣੂ ਨਹੀਂ ਕਰਵਾਇਆ ਗਿਆ ਅਤੇ ਸਰਕਾਰ ਵੱਲੋਂ ਮੰਨੀਆਂ ਮੰਗਾਂ ਨੂੰ ਲਾਗੂ ਕਰਨ ਦੇ ਵਿੱਚ ਟਰਾਂਸਪੋਰਟ ਦੇ ਅਧਿਕਾਰੀ ਅੜਚਣ ਪੈਦਾ ਕਰਨ ਵਿੱਚ ਲੱਗੇ ਹਨ, ਜਿਸ ਦਾ ਮੁਲਾਜ਼ਮਾਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ।

ਸੂਬਾ ਜਰਨਲ ਸਕੱਤਰ ਸਮਸ਼ੇਰ ਸਿੰਘ ਢਿੱਲੋਂ, ਜੁਆਇੰਟ ਸਕੱਤਰ ਜਗਤਾਰ ਸਿੰਘ, ਜੋਧ ਸਿੰਘ, ਜਲੌਰ ਸਿੰਘ ਨੇ ਕਿਹਾ ਕਿ ਮੰਗਾਂ ਦਾ ਹੱਲ ਕਰਨ ਦੀ ਬਜਾਏ ਮੈਨੇਜਮੈਂਟ ਮੰਗਾਂ ਦਾ ਹੱਲ ਨਾ ਕਰਕੇ ਰੋਜ਼ ਧਰਨੇ ਮੁਜ਼ਾਹਰੇ ਕਰਨ ਲਈ ਮਜਬੂਰ ਕਰ ਰਹੀ ਹੈ, ਜਿਸ ਕਾਰਨ ਜਥੇਬੰਦੀ ਨੂੰ ਧਰਨੇ ਮੁਜ਼ਾਹਰੇ ਕਰਨ ਲਈ ਮਜਬੂਰ ਹੋਣਾ ਪੈਂਦਾ ਹੈ।ਸੂਬਾ ਸੀਨੀਅਰ ਮੀਤ ਪ੍ਰਧਾਨ ਬਲਜਿੰਦਰ ਸਿੰਘ, ਜਗਜੀਤ ਸਿੰਘ, ਕੈਸ਼ੀਅਰ ਬਲਜੀਤ ਸਿੰਘ, ਰਮਨਦੀਪ ਸਿੰਘ ਸਮੇਤ ਕੁਲਵੰਤ ਸਿੰਘ ਮਨੈਸ, ਰਣਜੀਤ ਸਿੰਘ, ਰੋਹੀ ਰਾਮ, ਜਤਿੰਦਰ ਸਿੰਘ, ਬਲਜੀਤ ਸਿੰਘ, ਗੁਰਪ੍ਰੀਤ ਸਿੰਘ ਨੇ ਦੱਸਿਆ ਕਿ ਜੇਕਰ ਸਰਕਾਰ ਤੇ ਮੈਨੇਜਮੈਂਟ ਵੱਲੋਂ ਅਜੇ ਵੀ ਮੰਨੀਆਂ ਮੰਗਾਂ ਵੱਲ ਧਿਆਨ ਨਾ ਦਿੱਤਾ ਗਿਆ ਤਾਂ ਮੰਨੀਆਂ ਮੰਗਾਂ ਨੂੰ ਤੁਰੰਤ ਲਾਗੂ ਨਾ ਕੀਤਾ ਗਿਆ ਅਤੇ ਕੱਚੇ ਮੁਲਾਜ਼ਮਾਂ ਨੂੰ ਪੱਕੇ ਕਰਨ ਦੀ ਪਾਲਸੀ ਨੂੰ ਤਿਆਰ ਨਾ ਕੀਤਾ ਗਿਆ ਜਾਂ ਜਥੇਬੰਦੀ ਦੀ ਸਹਿਮਤੀ ਤੋਂ ਬਿਨਾਂ ਕੋਈ ਮਾਰੂ ਪਾਲਸੀ ਤਿਆਰ ਕੀਤੀ ਗਈ ਤਾਂ ਮਜਬੂਰਨ ਜਥੇਬੰਦੀ ਨੂੰ ਸਖ਼ਤ ਸਟੈਂਡ ਲੈਂਦਿਆਂ ਕੀਤੇ ਫੈਸਲੇ ਮੁਤਾਬਿਕ 13 ਮਾਰਚ 2025 ਨੂੰ ਪੰਜਾਬ ਦੇ ਸਮੂਹ ਡਿੱਪੂਆਂ 'ਤੇ ਗੇਟ ਰੈਲੀਆਂ ਕਰਕੇ ਵਰਕਰਾਂ ਨੂੰ ਲਾਮਬੰਦ ਕੀਤਾ ਜਾਵੇਗਾ ਅਤੇ ਪੰਜਾਬ ਸਰਕਾਰ ਤੇ ਮੈਨੇਜਮੈਂਟ ਖਿਲਾਫ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ, 19 ਮਾਰਚ ਨੂੰ ਪਟਿਆਲੇ ਪੀ.ਆਰ.ਟੀ.ਸੀ. ਮੁੱਖ ਦਫਤਰ ਅੱਗੇ ਮੈਨੇਜਮੈਂਟ ਖਿਲਾਫ ਰੋਸ ਧਰਨਾ ਪ੍ਰਦਰਸ਼ਨ ਕੀਤਾ ਜਾਵੇਗਾ, 26 ਮਾਰਚ ਨੂੰ ਚੰਡੀਗੜ੍ਹ ਮੁੱਖ ਦਫ਼ਤਰ ਅੱਗੇ ਰੋਸ ਵਿਖੇ ਧਰਨਾ ਪ੍ਰਦਰਸ਼ਨ ਕਰਕੇ ਮੈਨੇਜਮੈਂਟ ਅਧਿਕਾਰੀਆਂ ਦੀ ਪੋਲ ਖੋਲ੍ਹੀ ਜਾਵੇਗੀ, 3 ਅਪ੍ਰੈਲ ਨੂੰ ਸਮੂਹ ਪੰਜਾਬ ਦੇ ਬੱਸ ਸਟੈਂਡ ਬੰਦ ਸਮੇਤ ਧਰਨੇ-ਪ੍ਰਦਰਸ਼ਨ ਕੀਤੇ ਜਾਣਗੇ ਜੇਕਰ ਫੇਰ ਵੀ ਹੱਲ ਨਹੀਂ ਹੁੰਦਾ ਤਾਂ 7,8,9 ਅਪ੍ਰੈਲ 2025 ਨੂੰ ਸਮੂਹ ਪੰਜਾਬ ਦੀਆਂ ਸਰਕਾਰੀ ਬੱਸਾਂ ਦਾ ਚੱਕਾ ਜਾਮ ਕੀਤਾ ਜਾਵੇਗਾ। ਇਸ ਹੜਤਾਲ ਮੁਜ਼ਾਹਰਿਆਂ ਦੌਰਾਨ ਹੋਣ ਵਾਲੇ ਨੁਕਸਾਨ ਦੀ ਜ਼ਿੰਮੇਦਾਰੀ ਪੰਜਾਬ ਸਰਕਾਰ ਤੇ ਟਰਾਂਸਪੋਰਟ ਵਿਭਾਗ ਦੇ ਅਧਿਕਾਰੀਆਂ ਦੀ ਹੋਵੇਗੀ। ਇਸ ਮੀਟਿੰਗ ਵਿੱਚ ਸਮੂਹ ਡਿੱਪੂਆਂ ਦੇ ਸੂਬਾ ਕਮੇਟੀ ਮੈਂਬਰ ਪ੍ਰਧਾਨ ਸੈਕਟਰੀ ਹਾਜ਼ਰ ਸਨ।

ਸਿਹਤ ਸਹੂਲਤਾਂ ਪ੍ਰਾਈਵੇਟ ਹੱਥਾਂ 'ਚ ਸੌਂਪ ਕੇ ਸਰਕਾਰ ਆਪਣੀ ਜ਼ੁੰਮੇਵਾਰੀ ਤੋਂ ਭੱਜ ਰਹੀ : ਕੁਲਦੀਪ ਭੋਲਾ, ਡਾ. ਇੰਦਰਵੀਰ

ਮੋਗਾ (ਇਕਬਾਲ ਸਿੰਘ ਖਹਿਰਾ) ਭਾਰਤੀ ਕਮਿਊਨਿਸਟ ਪਾਰਟੀ ਦੇ ਜ਼ਿਲ੍ਹਾ ਸਕੱਤਰ ਕਾਮਰੇਡ ਕੁਲਦੀਪ ਸਿੰਘ ਭੋਲਾ, ਕਮਿਊਨਿਸਟ ਆਗੂ ਡਾਕਟਰ ਇੰਦਰਵੀਰ ਸਿੰਘ ਗਿੱਲ ਸਾਬਕਾ ਜਥੇਬੰਦਕ ਸਕੱਤਰ ਪੀ.ਸੀ.ਐੱਮ. ਐਸੋਸੀਏਸ਼ਨ ਪੰਜਾਬ ਤੇ ਭਾਰਤੀ ਕਮਿਊਨਿਸਟ ਪਾਰਟੀ ਦੇ ਕੰਟਰੋਲ ਕਮਿਸ਼ਨ ਦੇ ਮੈਂਬਰ ਕਾਮਰੇਡ ਜਗਜੀਤ ਸਿੰਘ ਨਿਹਾਲ ਸਿੰਘ ਵਾਲਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸਿਹਤ ਸਹੂਲਤਾਂ ਵਿੱਚ 11500 ਕਰੋੜ ਰੁਪਏ ਨਾਲ ਪ੍ਰਾਈਵੇਟ ਅਦਾਰਿਆਂ ਨੂੰ ਨਿਵੇਸ਼ ਕਰਨ ਦੀ ਇਜਾਜ਼ਤ ਦੇਣ ਦੀ ਨਿਖੇਧੀ ਕੀਤੀ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸਰਕਾਰੀ ਸਿਹਤ ਢਾਂਚੇ ਨੂੰ ਨਵਿਆਉਣ ਤੇ ਬਿਹਤਰ ਪ੍ਰਬੰਧ ਦੇਣ ਦੀ ਬਜਾਏ ਪ੍ਰਾਈਵੇਟ ਹੱਥਾਂ ਵਿੱਚ ਸੌਂਪ ਕੇ ਆਪਣੀ ਜ਼ੁੰਮੇਵਾਰੀ ਤੋਂ ਭੱਜਣਾ ਹੈ।ਇਸ ਨਾਲ ਮਜਬੂਰੀ ਵੱਸ ਇਲਾਜ ਕਰਵਾਉਣ ਲਈ ਆਮ ਲੋਕਾਂ ਦੀ ਲੁੱਟ ਦਾ ਰਾਹ ਪੱਧਰਾ ਕੀਤਾ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੂੰ ਆਮ ਲੋਕਾਂ ਦੇ ਭਲੇ ਲਈ ਇਹ ਕਦਮ ਤੁਰੰਤ ਵਾਪਸ ਲੈਣਾ ਚਾਹੀਦਾ ਹੈ।ਉਨ੍ਹਾਂ ਅੱਗੇ ਕਿਹਾ ਕਿ ਜਨਤਕ ਸਿਹਤ ਸਹੂਲਤਾਂ ਨੂੰ ਬਚਾਉਣ ਤੇ ਪਬਲਿਕ ਅਦਾਰਿਆਂ ਦੀ ਰਾਖੀ ਲਈ ਲੋਕ ਪੱਖੀ ਤਾਕਤਾਂ ਦਾ ਏਕਾ ਉਸਾਰਨ ਦੀ ਅਹਿਮ ਲੋੜ ਹੈ।

ਉਨ੍ਹਾਂ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਸਿਹਤ ਵਿਭਾਗ ਵਿੱਚ ਖਾਲੀ ਪਈਆਂ ਵੱਖ-ਵੱਖ ਮੁਲਾਜ਼ਮਾਂ ਦੀਆਂ ਪੋਸਟ ਨੂੰ ਤੁਰੰਤ ਰੈਗੂਲਰ ਤੌਰ 'ਤੇ ਭਰਨਾ ਚਾਹੀਦਾ ਹੈ, ਨਾ ਕਿ ਆਊਟ ਸੋਰਸਿੰਗ ਜਾਂ ਠੇਕੇ 'ਤੇ ਅਤੇ ਪਹਿਲਾਂ ਆਊਟ ਸੋਰਸਿੰਗ ਤੇ ਠੇਕੇ 'ਤੇ ਕੰਮ ਕਰ ਰਹੇ ਮੁਲਾਜ਼ਮਾਂ ਨੂੰ ਤੁਰੰਤ ਰੈਗੂਲਰ ਕੀਤਾ ਜਾਵੇ।ਜ਼ਿਕਰਯੋਗ ਹੈ ਕਿ ਪੰਜਾਬ ਸਰਕਾਰ ਦਾ ਸਿਹਤ ਬਜਟ ਬਹੁਤ ਹੀ ਨਿਗੂਣਾ ਹੈ।ਪੰਜਾਬ ਵਿੱਚ ਬਿਮਾਰੀਆਂ ਦਾ ਇਲਾਜ ਬਾਕੀ ਸੂਬਿਆਂ ਦੇ ਮੁਕਾਬਲੇ ਪਹਿਲਾਂ ਹੀ ਬਹੁਤ ਮਹਿੰਗਾ ਹੈ। ਸਿਹਤ ਵਿਭਾਗ ਦੇ ਨਿੱਜੀਕਰਨ ਦੇ ਮਨਸੂਬੇ ਪੰਜਾਬ ਦੇ ਆਮ ਲੋਕਾਂ ਦੀ ਸਿਹਤ ਨਾਲ ਵੱਡਾ ਖਿਲਵਾੜ ਹੋਵੇਗਾ।

ਕੌਮਾਂਤਰੀ ਦਿਹਾੜੇ 'ਤੇ ਔਰਤ ਆਗੂ ਦੇ ਕਤਲ ਦੀ ਪੰਜਾਬ ਇਸਤਰੀ ਸਭਾ ਵੱਲੋਂ ਨਿੰਦਾ

ਪੰਜਾਬ ਦੇ ਅਮਨ ਕਾਨੂੰਨ ਦੀ ਹਾਲਤ ਦਾ ਜਨਾਜ਼ਾ ਨਿਕਲਿਆ : ਸੀ ਪੀ ਆਈ

ਫਰੀਦਕੋਟ (ਅਲਿਗਜੈਂਡਰ ਡਿਸੂਜਾ, ਗੁਰਪ੍ਰੀਤ ਸਿੰਘ ਬੇਦੀ)- ਔਰਤਾਂ ਦੀ ਸੁਰੱਖਿਆ ਤੇ ਹੱਕਾਂ ਦੀ ਰਾਖੀ ਲਈ ਸਾਰੇ ਸੰਸਾਰ ਵਿੱਚ ਮਨਾਏ ਜਾਂਦੇ 8 ਮਾਰਚ ਦੇ ਦਿਨ ਹੀਂ ਪੰਜਾਬ ਇਸਤਰੀ ਸਭਾ ਦੀ ਮਾਨਸਾ ਜ਼ਿਲ੍ਹੇ ਦੀ ਪ੍ਰਧਾਨ ਬੀਬੀ ਮਨਜੀਤ ਕੌਰ ਗਾਮੀਵਾਲਾ ਦਾ ਪਿੰਡ ਬੋਹਾ (ਬਾਣਾ ਬੁਢਲਾਡਾ) ਵਿੱਚ ਘਰ ਦੇ ਨੇੜੇ ਹੀ ਦਿਨ-ਦਿਹਾੜੇ ਕਤਲ ਕਰ ਦੇਣਾ ਅਤਿ ਮੰਦਭਾਗੀ ਘਟਨਾ ਹੈ, ਜਿਸ ਦੀ ਜਿੰਨੀ ਵੀ ਨਿੰਦਾ ਕੀਤੀ ਜਾਵੇ, ਘੱਟ ਹੋਵੇਗੀ। ਇਹ ਸ਼ਬਦ ਭਾਰਤੀ ਕਮਿਊਨਿਸਟ ਪਾਰਟੀ ਜ਼ਿਲ੍ਹਾ ਫਰੀਦਕੋਟ ਦੇ ਸਕੱਤਰ ਅਸ਼ੋਕ ਕੌਸ਼ਲ, ਮੀਤ ਸਕੱਤਰ ਕਾਮਰੇਡ ਗੁਰਨਾਮ ਸਿੰਘ ਸਰਪੰਚ, ਮਾਸਟਰ ਗੁਰਚਰਨ ਸਿੰਘ ਮਾਨ, ਨਰੇਗਾ ਮਜ਼ਦੂਰ ਯੂਨੀਅਨ ਦੇ ਸੀਨੀਅਰ ਆਗੂ ਕਾਮਰੇਡ ਗੋਰਾ ਪਿਪਲੀ ਨੇ ਪ੍ਰੈੱਸ ਦੇ ਨਾ ਜਾਰੀ ਕੀਤੇ ਇਕ ਸਾਂਝੇ ਬਿਆਨ ਵਿੱਚ ਕਹੇ।ਕਮਿਊਨਿਸਟ ਆਗੂਆਂ ਨੇ ਕਿਹਾ ਕਿ ਔਰਤਾਂ ਤੇ ਮਜ਼ਲੂਮਾਂ ਦੇ ਹੱਕ ਵਿੱਚ ਸੰਘਰਸ਼ਸ਼ੀਲ ਇਕ ਨਿਧੜਕ ਇਸਤਰੀ ਆਗੂ ਦਾ ਕਤਲ ਪੰਜਾਬ ਵਿੱਚ ਅਮਨ ਕਾਨੂੰਨ ਦੀ ਵਿਗੜੀ ਹਾਲਤ ਦਾ ਪ੍ਰਤੱਖ ਸਬੂਤ ਹੈ।ਪੰਜਾਬ ਇਸਤਰੀ ਸਭਾ ਜ਼ਿਲ੍ਹਾ ਫਰੀਦਕੋਟ ਦੀਆਂ ਆਗੂ ਸ਼ਸ਼ੀ ਸ਼ਰਮਾ, ਮਨਜੀਤ ਕੌਰ ਨੱਥੇਵਾਲਾ, ਸ਼ੀਲਾ ਮਨਚੰਦਾ, ਆਸ਼ਾ ਚੌਧਰੀ ਤੇ ਪੂਨਮ ਰਾਣੀ ਨੇ ਪੰਜਾਬ ਸਰਕਾਰ ਅਤੇ ਮਾਨਸਾ ਦੇ ਪੁਲਸ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਬੀਬੀ ਮਨਜੀਤ ਕੌਰ ਗਾਮੀਵਾਲਾ ਦੇ ਸਾਰੇ ਕਾਤਲਾਂ ਨੂੰ ਤੁਰੰਤ ਗ੍ਰਿਫ਼ਤਾਰ ਕੀਤਾ ਜਾਵੇ ਅਤੇ ਉਸ ਦੇ ਪਰਿਵਾਰ ਨੂੰ ਢੁੱਕਵਾਂ ਮੁਆਵਜ਼ਾ ਦਿੱਤਾ ਜਾਵੇ।ਆਖ਼ਰੀ ਖਬਰ ਮਿਲਣ ਤੱਕ ਸਿਵਲ ਹਸਪਤਾਲ ਬੁਢਲਾਡਾ ਵਿਖੇ ਰੋਸ ਧਰਨਾ ਚਲ ਰਿਹਾ ਹੈ ਅਤੇ ਪਰਿਵਾਰ ਨੂੰ ਇਨਸਾਫ ਦਿਵਾਉਣ ਲਈ ਐਕਸ਼ਨ ਕਮੇਟੀ ਬਣ ਗਈ ਹੈ, ਜਿਸ ਵੱਲੋਂ ਛੇਤੀ ਹੀ ਅਗਲਾ ਪ੍ਰੋਗਰਾਮ ਦਿੱਤਾ ਜਾਵੇਗਾ।

ਮਲੋਟ (ਗੁਰਮੀਤ ਸਿੰਘ ਮੱਕੜ) : ਭਾਰਤੀ ਕਮਿਊਨਿਸਟ ਪਾਰਟੀ ਦੀ ਸੂਬਾ ਕੌਂਸਲ ਮੈਂਬਰ ਤੇ ਪੰਜਾਬ ਇਸਤਰੀ ਸਭਾ ਦੀ ਜ਼ਿਲ੍ਹਾ ਮਾਨਸਾ ਦੀ ਪ੍ਰਧਾਨ ਬੀਬੀ ਮਨਜੀਤ ਕੌਰ ਗਾਮੀਵਾਲਾ ਦਾ ਗੁੰਡਿਆਂ ਵੱਲੋਂ ਕੀਤੇ ਗਏ ਕਤਲ ਦੀ ਇਸਤਰੀ ਸਭਾ ਮਲੋਟ ਵੱਲੋਂ ਜ਼ੋਰਦਾਰ ਸ਼ਬਦਾਂ 'ਚ ਨਿਖੇਧੀ ਕੀਤੀ ਹੈ। ਇਸ ਮੌਕੇ ਸਾਬਕਾ ਨਗਰ ਕੌਂਸਲਰ ਤੇ ਇਸਤਰੀ ਸਭਾ ਮਲੋਟ ਦੀ ਆਗੂ ਬੀਬੀ ਸੁਦੇਸ਼ ਕੁਮਾਰੀ ਨੇ ਕਿਹਾ ਕਿ ਬੀਬੀ ਮਨਜੀਤ ਕੌਰ ਗਾਮੀਵਾਲਾ ਹਰ ਵਰਗ ਦੇ ਲੋਕਾਂ ਦੀ ਹਰ ਲੜਾਈ ਵਿੱਚ ਅੱਗੇ ਰਹਿੰਦੇ ਸਨ। ਉਨ੍ਹਾਂ ਦਾ ਇਸ ਤਰ੍ਹਾਂ ਕਤਲ ਕੀਤੇ ਜਾਣ ਤੋਂ ਪਤਾ ਚੱਲਦਾ ਹੈ ਕਿ ਪੰਜਾਬ ਅੰਦਰ ਅਮਨ-ਕਾਨੂੰਨ ਦੀ ਵਿਵਸਥਾ ਵਿਗੜ ਚੁੱਕੀ ਹੈ, ਜੋ ਕਿ ਚਿੰਤਾ ਵਿਸ਼ਾ ਹੈ। ਉਨ੍ਹਾਂ ਮੰਗ ਕੀਤੀ ਕਿ ਬੀਬੀ ਗਾਮੀਵਾਲਾ ਦੇ ਕਾਤਲਾਂ ਨੂੰ ਸਖਤ ਸਜ਼ਾ ਦਿੱਤੀ ਜਾਵੇ। ਇਸ ਮੌਕੇ ਪ੍ਰੇਮ ਲਤਾ, ਸ਼ਸ਼ੀ ਸ਼ਰਮਾ ਫਰੀਦਕੋਟ, ਕਾਮਰੇਡ ਸੁਦਰਸ਼ਨ ਜੱਗਾ ਬਲਾਕ ਸੈਕਟਰੀ ਆਦਿ ਹਾਜ਼ਰ ਸਨ।

ਕਾਤਰਾਂ

ਨਸ਼ੀਲੀਆਂ ਗੋਲੀਆਂ ਸਮੇਤ ਦੋ ਕਾਬੂ

ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)-ਘੱਗਾ ਪੁਲਸ ਨੇ ਨਾਕੇਬੰਦੀ ਕਰਕੇ ਦੋ ਵਿਅਕਤੀਆਂ ਨੂੰ ਨਸ਼ੇ ਦੀਆਂ ਗੋਲੀਆਂ ਸਮੇਤ ਕਾਬੂ ਕਰਨ ਵਿੱਚ ਸਫਲਤਾ ਹਾਸਲ ਕੀਤੀ ਹੈ।ਜਾਣਕਾਰੀ ਅਨੁਸਾਰ ਪੁਲਸ ਥਾਣਾ ਘੱਗਾ ਵਿਖੇ ਤਾਇਨਾਤ ਸਹਾਇਕ ਥਾਣੇਦਾਰ ਗੁਰਦੇਵ ਸਿੰਘ ਨੇ ਸਮੇਤ ਪੁਲਸ ਪਾਰਟੀ ਮੁਖਬਰੀ ਦੇ ਅਧਾਰ ਉੱਤੇ ਪਿੰਡ ਬਰਾਸ ਪੁਲੀ ਰਜਬਾਹਾ ਲਿੰਕ ਰੋਡ ਘੱਗਾ ਨੇੜੇ ਸੁਆ ਪਟੜੀ ਉਤੇ ਕੀਤੀ ਗਈ ਨਾਕਾਬੰਦੀ ਦੌਰਾਨ ਦੋ ਵਿਅਕਤੀ ਜਸਵੀਰ ਸਿੰਘ ਤੇ ਸੱਤਪਾਲ ਸਿੰਘ ਉਰਫ ਸੱਤਾ ਦੋਵੇਂ ਵਾਸੀ ਪਿੰਡ ਦੇਧਨਾ ਥਾਣਾ ਘੱਗਾ ਨੂੰ ਕਾਬੂ ਕਰਕੇ ਉਨ੍ਹਾਂ ਪਾਸੋਂ 1100 ਨਸ਼ੀਲੀਆਂ ਗੋਲੀਆਂ ਬਰਾਮਦ ਕੀਤੀਆਂ। ਉਨ੍ਹਾਂ ਦੱਸਿਆ ਕਿ ਫੜੇ ਗਏ ਵਿਅਕਤੀਆਂ ਖਿਲਾਫ ਕੇਸ ਦਰਜ ਕਰਕੇ ਮਾਨਯੋਗ ਅਦਾਲਤ ਵਿੱਚ ਪੇਸ਼ ਕੀਤਾ ਗਿਆ, ਜਿਸ 'ਤੇ ਅਦਾਲਤ ਨੇ ਹੋਰ ਪੁੱਛਗਿੱਛ ਲਈ ਇੱਕ ਦਿਨ ਦੇ ਪੁਲਸ ਰਿਮਾਂਡ 'ਤੇ ਭੇਜ ਦਿੱਤਾ ਹੈ।

ਭੇਡਾਂ ਚੋਰੀ ਕਰਨ ਦੇ ਦੋਸ਼ 'ਚ ਇੱਕ ਗ੍ਰਿਫ਼ਤਾਰ, 40 ਭੇਡਾਂ ਬਰਾਮਦ

ਸ੍ਰੀ ਫਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)-ਪਿੰਡ ਹਰਬੰਸਪੁਰਾ ਨੇੜਿਓਂ ਇੱਕ ਭੇਡਾਂ ਚਾਰਨ ਵਾਲੇ ਚਰਵਾਹੇ ਦੀਆਂ ਭੇਡਾਂ ਚੋਰੀ ਕਰ ਕੇ ਲੈ ਜਾਣ ਦੇ ਦੋਸ਼ ਹੇਠ ਸਰਹਿੰਦ ਪੁਲਸ ਵੱਲੋਂ ਇੱਕ ਵਿਅਕਤੀ ਨੂੰ ਗ੍ਰਿਫਤਾਰ ਕੀਤੇ ਜਾਣ ਦਾ ਸਮਾਚਾਰ ਹੈ।ਪ੍ਰਾਪਤ ਹੋਈ ਜਾਣਕਾਰੀ ਅਨੁਸਾਰ ਜਰਨੈਲ ਸਿੰਘ ਵਾਸੀ ਪਿੰਡ ਕਾਮੀ ਕਲਾਂ (ਪਟਿਆਲਾ) ਨੇ ਸਰਹਿੰਦ ਪੁਲਸ ਨੂੰ ਦਿੱਤੀ ਸ਼ਿਕਾਇਤ 'ਚ ਦੱਸਿਆ ਸੀ ਕਿ 6/7 ਮਾਰਚ ਦੀ ਦਰਮਿਆਨੀ ਰਾਤ ਨੂੰ ਉਹ ਆਪਣੀਆਂ ਕਰੀਬ 270 ਭੇਡਾਂ ਨੂੰ ਪਿੰਡ ਹਰਬੰਸਪੁਰਾ ਨੇੜਲੇ ਇੱਕ ਖੁੱਲ੍ਹੇ ਪਲਾਟ ਵਿਖੇ ਛੱਡ ਕੇ ਸੁੱਤੇ ਹੋਏ ਸਨ ਤਾਂ ਕੁਝ ਵਿਅਕਤੀ ਉਨ੍ਹਾਂ ਦੀਆਂ ਕਰੀਬ 60 ਭੇਡਾਂ ਚੋਰੀ ਕਰ ਕੇ ਲੈ ਗਏ।ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਸੰਦੀਪ ਸਿੰਘ ਵਾਸੀ ਮੰਡੀ ਗੋਬਿੰਦਗੜ੍ਹ, ਜੈ ਸਿੰਘ ਵਾਸੀ ਭੰਜੈਲ, ਜ਼ਿਲ੍ਹਾ ਅੰਬਾਲਾ (ਹਰਿਆਣਾ) ਅਤੇ ਦੋ/ਤਿੰਨ ਨਾਮਾਲੂਮ ਵਿਅਕਤੀਆਂ ਵਿਰੁੱਧ ਮੁਕੱਦਮਾ ਦਰਜ ਕਰਦੇ ਹੋਏ ਥਾਣਾ ਸਰਹਿੰਦ ਦੀ ਪੁਲਸ ਵੱਲੋਂ ਸੰਦੀਪ ਸਿੰਘ ਨਾਮਕ ਵਿਅਕਤੀ ਨੂੰ ਗ੍ਰਿਫਤਾਰ ਕਰਕੇ 40 ਭੇਡਾਂ ਬਰਾਮਦ ਕਰ ਲਈਆਂ ਗਈਆਂ ਹਨ ਤੇ ਮਾਮਲੇ 'ਚ ਲੋੜੀਂਦੇ ਦੂਸਰੇ ਵਿਅਕਤੀਆਂ ਦੀ ਭਾਲ ਜਾਰੀ ਹੈ।

30 ਗ੍ਰਾਮ ਹੈਰੋਇਨ ਸਮੇਤ ਦੋ ਗ੍ਰਿਫਤਾਰ

**ਫਿਰੋਜ

10- March - Page - 6.qxd 3/9/2025 10:12 PM Page 1

ਬਿਰਧ ਆਸ਼ਰਮ 'ਚ ਲਾਇਆ ਮੁਫ਼ਤ ਮੈਡੀਕਲ ਜਾਂਚ ਕੈਂਪ

ਅੱਡਾ ਸਰਾਂ , (ਕਾਜਲ) ਖੇਡ ਪ੍ਰਮੋਟਰ ਅਤੇ ਸਮਾਜ ਸੇਵਕ ਪ੍ਰਵਾਸੀ ਪੰਜਾਬੀ ਜਵਾਹਰ ਸਿੰਘ ਪੱਡਾ ਅਤੇ ਉਨ੍ਹਾਂ ਦੇ ਪਰਵਾਰ ਵੱਲੋਂ ਪਿੰਡ ਦੇਹਰੀਵਾਲ ਵਿਖੇ ਬੇਸਹਾਰਿਆਂ ਦੀ ਸੇਵਾ ਸੰਭਾਲ ਲਈ ਚਲਾਏ ਜਾ ਰਹੇ ਗੁਰੂ ਨਾਨਕ ਬਿਰਧ ਆਸ਼ਰਮ ਵਿਖੇ ਮੁਫ਼ਤ ਮੈਡੀਕਲ ਜਾਂਚ ਕੈਂਪ ਲਾਇਆ ਗਿਆ। ਪ੍ਰਬੰਧਕ ਸੇਵਾਦਾਰ ਹਰਵਿੰਦਰ ਸਿੰਘ ਬਸੀ ਜਲਾਲ ਦੀ ਦੇਖ ਰੇਖ ਵਿਚ ਲਾਏ ਗਏ ਇਸ ਕੈਂਪ 'ਚ ਸੀਤਾ ਦੇਵੀ ਮਹਿੰਗਾ ਸਿੰਘ ਮੈਮੋਰੀਅਲ ਵੇਵਜ਼ ਹਸਪਤਾਲ ਦੀ ਟੀਮ ਡਾ. ਲਵਪ੍ਰੀਤ ਸਿੰਘ ਪਾਬਲਾ, ਸ਼ਰਨਜੋਤ ਸਿੰਘ, ਪ੍ਰਭਜੋਤ ਸਿੰਘ, ਸਿਰਮਨ ਨੇ ਆਸ਼ਰਮ ਵਿੱਚ ਰਹਿੰਦੇ ਮੈਂਬਰਾਂ ਅਤੇ ਪਿੰਡ ਵਾਸੀਆਂ ਦੀ ਮੈਡੀਕਲ ਜਾਚ ਕਰਦੇ ਹੋਏ ਦਵਾਈਆਂ ਦਿੱਤੀਆਂ। ਇਸ ਮੌਕੇ ਜਸਕਰਨ ਸਿੰਘ, ਜਸਵਿੰਦਰ ਸਿੰਘ, ਬਖਸ਼ੀਸ਼ ਸਿੰਘ, ਰਾਜ ਕੁਮਾਰ, ਭੋਲੂ, ਅਵਤਾਰ ਸਿੰਘ, ਚੰਨਣ ਸਿੰਘ, ਸੁਰਿੰਦਰ ਸਿੰਘ, ਮੰਗਲ ਸਿੰਘ ਆਦਿ ਮੌਜੂਦ ਸਨ।

ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੂੰ ਸਦਮਾ - ਮਾਤਾ ਦਾ ਦੇਹਾਂਤ

ਨਵਾਂਸ਼ਹਿਰ, (ਕੁਲਵਿੰਦਰ ਸਿੰਘ ਦੂਰਗਾਪੁਰੀਆ) —ਪੰਜਾਬ ਦੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੂੰ ਉਸ ਵੇਲੇ ਵੱਡਾ ਸਦਮਾ ਲੱਗਾ ਜਦੋਂ ਉਨ੍ਹਾਂ ਦੇ ਮਾਤਾ ਦਲਜੀਤ ਕੌਰ (92) ਦਾ ਚੰਡੀਗੜ੍ਹ ਵਿਖੇ ਦਿਹਾਂਤ ਹੋ ਗਿਆ। ਵਢੇਰੀ ਉਮਰ ਅਤੇ ਕਮਜ਼ੋਰੀ ਦੇ ਚੱਲਦਿਆਂ ਉਨ੍ਹਾਂ ਚੰਡੀਗੜ੍ਹ ਵਿਖੇ ਆਖ਼ਰੀ ਸਾਹ ਲਏ। ਉਨ੍ਹਾਂ ਦਾ ਅੰਤਿਮ ਸੰਸਕਾਰ ਉਨ੍ਹਾਂ ਦੇ ਜੱਦੀ ਪਿੰਡ ਭੌਰਾ (ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ) ਵਿਖੇ ਕੀਤਾ ਗਿਆ। ਇਸ ਦੌਰਾਨ ਪਰਵਾਰਕ ਮੈਂਬਰਾਂ, ਰਿਸ਼ਤੇਦਾਰਾਂ, ਇਲਾਕਾ ਵਾਸੀਆਂ ਤੋਂ ਇਲਾਵਾ ਵੱਡੀ ਗਿਣਤੀ ਵਿਚ ਾਜ਼ਰ ਰਾਜਨੀਤਿਕ, ਸਮਾਜਿਕ ਅਤੇ ਹੋਰਨਾਂ ਸ਼ਖ਼ਸੀਅਤਾਂ ਵੱਲੋਂ ਉਨ੍ਹਾਂ ਨੂੰ ਅੰਤਿਮ ਵਿਦਾਇਗੀ ਦਿੱਤੀ ਗਈ।ਇਸ ਮੌਕੇ ਪੰਜਾਬ ਕੰਟੇਨਰ ਤੇ ਵੇਅਰਹਾਊਸਿੰਗ ਕਾਰਪੋਰੇਸ਼ਨ ਦੇ ਚੇਅਰਮੈਨ ਤੇ ਵਿਧਾਇਕ ਬੰਗਾ ਡਾ. ਸੁਖਵਿੰਦਰ ਕੁਮਾਰ ਸੁੱਖੀ, ਵਿਧਾਇਕ ਨਵਾਂਸ਼ਹਿਰ ਡਾ. ਨਛੱਤਰ ਪਾਲ, ਐਸ.ਐਸ. ਪੀ ਸ਼ਹੀਦ ਭਗਤ ਸਿੰਘ ਨਗਰ ਡਾ. ਮਹਿਤਾਬ ਸਿੰਘ, ਸਾਬਕਾ ਵਿਧਾਇਕਾ ਗੁਰਇਕਬਾਲ ਕੌਰ ਬਬਲੀ, ਸਾਬਕਾ ਵਿਧਾਇਕ ਨਵਾਂਸ਼ਹਿਰ ਅੰਗਦ ਸਿੰਘ, ਵਧੀਕ ਡਿਪਟੀ ਕਮਿਸ਼ਨਰ (ਜ) ਰਾਜੀਵ ਵਰਮਾ, ਐਸ.ਡੀ.ਐਮ ਬਲਾਚੌਰ ਰਵਿੰਦਰ ਕੁਮਾਰ ਬਾਂਸਲ, ਪੰਜਾਬ ਰਾਜ ਤਕਨੀਕੀ ਸਿੱਖਿਆ ਬੋਰਡ ਦੇ ਉੱਪ ਚੇਅਰਮੈਨ ਲਲਿਤ ਮੋਹਨ ਪਾਠਕ (ਬੱਲੂ), ਪੰਜਾਬ ਜਲ ਸਰੋਤ ਪ੍ਰਬੰਧਨ ਤੇ ਵਿਕਾਸ ਕਾਰਪੋਰੇਸ਼ਨ ਦੇ ਉੱਪ ਚੇਅਰਮੈਨ ਕੁਲਜੀਤ ਸਿੰਘ ਸਰਹਾਲ, ਨਗਰ ਸੁਧਾਰ ਟਰੱਸਟ ਨਵਾਂਸ਼ਹਿਰ ਦੇ ਚੇਅਰਮੈਨ ਸਤਨਾਮ ਸਿੰਘ ਜਲਵਾਹਾ, ਨਗਰ ਸੁਧਾਰ ਟਰੱਸਟ ਨਵਾਂਸ਼ਹਿਰ ਦੇ ਟਰੱਸਟੀ ਹਰਜੋਤ ਕੌਰ ਲੋਹਟੀਆ ਤੇ ਹੋਰ ਸ਼ਖਸੀਅਤਾਂ ਹਾਜ਼ਰ ਸਨ।

ਡਿਪਟੀ ਕਮਿਸ਼ਨਰ ਨੇ ਕੁਦਰਤੀ ਸਰੋਤਾਂ ਦੀ ਰਾਖੀ ਦਾ ਲਿਆ ਪ੍ਰਣ

ਭੋਗਪੁਰ, (ਕੁਲਵੀਰ ਸਿੰਘ ਕਾਹਲੋਂ)— ਵਾਤਾਵਰਣ ਦੀ ਸੰਭਾਲ ਪ੍ਰਤੀ ਦ੍ਰਿੜ ਵਚਨਬੱਧਤਾ ਪ੍ਰਗਟ ਕਰਦਿਆਂ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਭੋਗਪੁਰ ਵਿੱਚ ਇਕ ਇਕੱਠ ਨੂੰ ਸੰਬੋਧਨ ਕਰਦਿਆਂ ਕੁਦਰਤੀ ਸਰੋਤਾਂ ਨੂੰ ਪ੍ਰਦੂਸ਼ਣ ਤੋਂ ਬਚਾਉਣ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ। ਮਿੱਟੀ, ਪਾਣੀ ਅਤੇ ਹਵਾ ਨੂੰ ਮਾਤਾ-ਪਿਤਾ ਦੇ ਰੂਪ ਵਿੱਚ ਸਤਿਕਾਰਨ ਵਾਲੇ ਪਵਿੱਤਰ ਗ੍ਰੰਥਾਂ ਤੋਂ ਪ੍ਰੇਰਨਾ ਲੈਂਦਿਆਂ ਡਾ. ਅਗਰਵਾਲ ਨੇ ਇਨ੍ਹਾਂ ਵਡਮੁੱਲੇ ਤੱਤਾਂ ਦੀ ਸੰਭਾਲ ਲਈ ਸਮੂਹਿਕ ਜ਼ਿੰਮੇਵਾਰੀ ਦੀ ਅਹਿਮੀਅਤ ਨੂੰ ਉਜਾਗਰ ਕੀਤਾ।ਸਥਾਨਕ ਨਿਵਾਸੀਆਂ ਵੱਲੋਂ ਬਾਇਓ-ਸੀਐਨਜੀ ਪਲਾਂਟ ਖਿਲਾਫ਼ ਕੀਤੇ ਜਾ ਰਹੇ ਵਿਰੋਧ ਪ੍ਰਦਰਸ਼ਨ ਦੇ ਮੱਦੇਨਜ਼ਰ ਡਿਪਟੀ ਕਮਿਸ਼ਨਰ ਐਸ.ਐਸ.ਪੀ. ਗੁਰਮੀਤ ਸਿੰਘ ਅਤੇ ਹੋਰ ਅਧਿਕਾਰੀਆਂ ਨਾਲ ਭੋਗਪੁਰ ਦਾ ਦੌਰਾ ਕਰ ਰਹੇ ਸਨ। ਡਿਪਟੀ ਕਮਿਸ਼ਨਰ ਨੇ ਲੋਕਾਂ ਦੀਆਂ ਮੁਸ਼ਕਲਾਂ ਸੁਣੀਆਂ ਅਤੇ ਵਿਚਾਰ-ਚਰਚਾ ਰਾਹੀਂ ਉਨ੍ਹਾਂ ਦੇ ਡਰ ਨੂੰ ਦੂਰ ਕੀਤਾ।ਭੋਗਪੁਰ ਖੰਡ ਮਿੱਲ ਦੇ ਬਾਇਲਰ 'ਚੋਂ ਨਿਕਲਣ ਵਾਲੇ ਧੂੰਏਂ ਬਾਰੇ ਮੁੱਦਿਆਂ ਨੂੰ ਸੁਣਦਿਆਂ ਡਾ. ਅਗਰਵਾਲ ਨੇ ਇਸ ਮੁੱਦੇ 'ਤੇ ਪੰਜਾਬ ਸਰਕਾਰ ਦੇ ਸਰਗਰਮ ਰੁਖ 'ਤੇ ਚਾਨਣਾ ਪਾਇਆ। ਉਨ੍ਹਾਂ ਦੱਸਿਆ ਕਿ ਪ੍ਰਸ਼ਾਸਨ ਵੱਲੋਂ ਮਿੱਲ ਨੂੰ ਬੈਂਕ ਗਰੰਟੀ ਜਮ੍ਹਾ ਕਰਨ ਦਾ ਆਦੇਸ਼ ਦਿੱਤਾ ਗਿਆ ਹੈ ਅਤੇ ਧੂੰਆਂ ਨਿਕਲਣ 'ਤੇ ਬਾਇਲਰ ਦਾ ਸੰਚਾਲਨ ਬੰਦ ਕਰਨ ਦੇ ਨਿਰਦੇਸ਼ ਜਾਰੀ ਕੀਤੇ ਗਏ ਹਨ। ਇਹ ਫੈਸਲਾਕੁੰਨ ਪਹੁੰਚ ਯਕੀਨੀ ਬਣਾਉਂਦੀ ਹੈ ਕਿ ਉਦਯੋਗਿਕ ਗਤੀਵਿਧੀਆਂ ਵਾਤਾਵਰਣ ਨਾਲ ਸਮਝੌਤਾ ਨਾ ਕਰਨ।

ਡਾ. ਅਗਰਵਾਲ ਨੇ ਕਿਹਾ ਕਿ ਜੇਕਰ ਕੋਈ ਉਦਯੋਗਿਕ ਇਕਾਈ ਕੁਦਰਤੀ ਸਰੋਤਾਂ ਨੂੰ ਪ੍ਰਦੂਸ਼ਿਤ ਕਰਦੀ ਪਾਈ ਗਈ ਤਾਂ ਉਸ ਨੂੰ ਉਨ੍ਹਾਂ ਦੀ ਨਿਗਰਾਨੀ ਹੇਠ ਸਖ਼ਤ ਕਾਰਵਾਈਆਂ ਦਾ ਸਾਹਮਣਾ ਕਰਨਾ ਪਵੇਗਾ।ਤਜਵੀਜ਼ਤ ਬਾਇਓ-ਸੀਐਨਜੀ ਪਲਾਂਟ ਦੇ ਮੱਦੇਨਜ਼ਰ ਡਾ. ਅਗਰਵਾਲ ਨੇ ਸਥਾਨਕ ਨਿਵਾਸੀਆਂ ਦੀ ਇੱਕ ਤਾਲਮੇਲ ਕਮੇਟੀ ਦੇ ਗਠਨ ਦਾ ਐਲਾਨ ਕੀਤਾ। ਇਹ ਯਕੀਨੀ ਬਣਾਉਂਦਿਆਂ ਕਿ ਫੈਸਲਾ ਲੈਣ ਦੀ ਪ੍ਰਕਿਰਿਆ ਵਿੱਚ ਭਾਈਚਾਰਕ ਰਾਏ ਅਨਿੱਖੜਵਾਂ ਹੋਵੇ, ਇਸ ਕਮੇਟੀ ਨੂੰ ਪ੍ਰਾਜੈਕਟ ਦੇ ਸੰਭਾਵੀ ਵਾਤਾਵਰਣ ਅਤੇ ਸਮਾਜਿਕ ਪ੍ਰਭਾਵਾਂ ਦਾ ਮੁਲਾਂਕਣ ਕਰਨ ਦਾ ਕੰਮ ਸੌਂਪਿਆ ਗਿਆ ਹੈ। ਡਿਪਟੀ ਕਮਿਸ਼ਨਰ ਨੇ ਕਮੇਟੀ ਦੇ ਸਿੱਟਿਆਂ ਅਨੁਸਾਰ ਕੰਮ ਕਰਨ ਦੀ ਵਚਨਬੱਧਤਾ ਪ੍ਰਗਟਾਈ।ਡਿਪਟੀ ਕਮਿਸ਼ਨਰ ਨੇ ਵਾਤਾਵਰਣ ਕਾਨੂੰਨਾਂ ਨੂੰ ਲਾਗੂ ਕਰਨ ਪ੍ਰਤੀ ਆਪਣੀ ਵਚਨਬੱਧਤਾ ਦਹੁਰਾਉਂਦਿਆਂ ਕਿਹਾ ਕਿ ਕਿਸੇ ਵੀ ਤਰ੍ਹਾਂ ਦੀ ਉਲੰਘਣਾ, ਭਾਵੇਂ ਉਹ ਖੰਡ ਮਿੱਲ ਵੱਲੋਂ ਕੀਤੀ ਗਈ ਹੋਵੇ ਜਾਂ ਹੋਰ ਉਦਯੋਗਾਂ ਵੱਲੋਂ, ਸਖ਼ਤ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।ਉਨ੍ਹਾਂ ਇਕੱਠ ਨੂੰ ਦੱਸਿਆ ਕਿ ਮਾਣਯੋਗ ਹਾਈ ਕੋਰਟ ਵੱਲੋਂ ਪ੍ਰਸ਼ਾਸਨ ਅਤੇ ਪ੍ਰਦਰਸ਼ਨਕਾਰੀਆਂ ਸਮੇਤ ਰਿਸਪਾਂਡੈਂਟਸ ਨੂੰ ਕਾਨੂੰਨ ਅਨੁਸਾਰ ਪਲਾਂਟ ਵਿੱਚ ਮੁੜ ਤੋਂ ਕੰਮ ਜਲਦ ਸ਼ੁਰੂ ਕਰਨ ਦੇ ਪ੍ਰਬੰਧ ਕਰਨ ਦੇ ਨਿਰਦੇਸ਼ ਦਿੱਤੇ ਗਏ ਹਨ ਅਤੇ ਇਹ ਯਤਨ ਇਨ੍ਹਾਂ ਹੁਕਮਾਂ ਦੀ ਪਾਲਣਾ ਨੂੰ ਯਕੀਨੀ ਬਣਾਉਣ ਅਤੇ ਲੋਕਾਂ ਦੇ ਡਰ ਤੇ ਮਿਥਕਾਂ ਨੂੰ ਦੂਰ ਕਰਨ ਲਈ ਕੀਤੇ ਜਾ ਰਹੇ ਹਨ। ਉਨ੍ਹਾਂ ਜ਼ੋਰ ਦਿੰਦਿਆਂ ਕਿਹਾ ਕਿ ਸਭ ਨੂੰ ਮਾਣਯੋਗ ਹਾਈ ਕੋਰਟ ਦੇ ਨਿਰਦੇਸ਼ਾਂ ਦੀ ਪਾਲਣਾ ਕਰਨੀ ਚਾਹੀਦੀ ਹੈ ਅਤੇ ਨਿਰਦੇਸ਼ਾਂ ਦੀ ਕਿਸੇ ਵੀ ਉਲੰਘਣਾ 'ਤੇ ਤੁਰੰਤ ਸੁਧਾਰਾਤਮਕ ਉਪਾਅ ਕੀਤੇ ਜਾਣਗੇ।ਇਨ੍ਹਾਂ ਸਾਂਝੇ ਯਤਨਾਂ ਰਾਹੀਂ ਜ਼ਿਲ੍ਹਾ ਪ੍ਰਸ਼ਾਸਨ ਦਾ ਉਦੇਸ਼ ਆਉਣ ਵਾਲੀਆਂ ਪੀੜ੍ਹੀਆਂ ਲਈ ਕੁਦਰਤੀ ਸਰੋਤਾਂ ਦੀ ਸ਼ੁੱਧਤਾ ਨੂੰ ਸੁਰੱਖਿਅਤ ਰੱਖਦਿਆਂ ਟਿਕਾਊ ਵਿਕਾਸ ਨੂੰ ਉਤਸ਼ਾਹਿਤ ਕਰਨਾ ਹੈ।

ਸੂਬੇ ਭਰ 'ਚ ਲੱਗੀ ਰਾਸ਼ਟਰੀ ਲੋਕ ਅਦਾਲਤ

394 ਬੈਂਚਾਂ ਨੇ 3.85 ਲੱਖ ਕੇਸਾਂ ਦੀ ਕੀਤੀ ਸੁਣਵਾਈ

ਚੰਡੀਗੜ੍ਹ, (ਗੁਰਜੀਤ ਬਿੱਲਾ)-ਅਦਾਲਤਾਂ ਵਿੱਚ ਲੰਬਿਤ ਮਾਮਲਿਆਂ ਨੂੰ ਘਟਾਉਣ ਵੱਲ ਇੱਕ ਮਹੱਤਵਪੂਰਨ ਕਦਮ ਚੁੱਕਦੇ ਹੋਏ, ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਨੇ ਰਾਜ ਅਥਾਰਟੀ ਦੇ ਕਾਰਜਕਾਰੀ ਚੇਅਰਮੈਨ ਮਾਣਯੋਗ ਜਸਟਿਸ ਅਰੁਣ ਪੱਲੀ ਦੀ ਅਗਵਾਈ ਹੇਠ ਪੰਜਾਬ ਭਰ ਵਿੱਚ ਇੱਕ ਰਾਸ਼ਟਰੀ ਲੋਕ ਅਦਾਲਤ ਦਾ ਆਯੋਜਨ ਕੀਤਾ। ਇਸ ਦੌਰਾਨ ਕੁੱਲ 394 ਲੋਕ ਅਦਾਲਤ ਬੈਂਚਾਂ ਦਾ ਗਠਨ ਕੀਤਾ ਗਿਆ ਸੀ ਜਿਨ੍ਹਾਂ ਵੱਲੋਂ 3,85,189 ਕੇਸਾਂ ਦੀ ਸੁਣਵਾਈ ਕੀਤੀ ਗਈ।ਇਸ ਮੌਕੇ, ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਮੈਂਬਰ ਸਕੱਤਰ ਮਨਜਿੰਦਰ ਸਿੰਘ ਨੇ ਲੋਕ ਅਦਾਲਤ ਦੀ ਕਾਰਵਾਈ ਦਾ ਮੁਆਇਨਾ ਕਰਨ ਲਈ ਫਾਜ਼ਿਲਕਾ ਦੇ ਕੋਰਟ ਕੰਪਲੈਕਸ ਦਾ ਦੌਰਾ ਵੀ ਕੀਤਾ।ਪੱਤਰਕਾਰਾਂ ਨੂੰ ਸੰਬੋਧਨ ਦੌਰਾਨ, ਲੋਕ ਅਦਾਲਤਾਂ ਦੇ ਫਾਇਦਿਆਂ ਦਾ ਜ਼ਿਕਰ ਕਰਦਿਆਂ ਉਨ੍ਹਾਂ ਕਿਹਾ ਕਿ ਇਸ ਨਾਲ ਨਾ ਕੇਵਲ ਮੁਕੱਦਮੇਬਾਜ਼ਾਂ ਦਾ ਸਮਾਂ ਅਤੇ ਪੈਸਾ ਬਚਦਾ ਹੈ, ਸਗੋਂ ਇਹ ਸਾਰੀਆਂ ਸਬੰਧਤ ਧਿਰਾਂ ਲਈ ਸੁਚੱਜੇ ਤੇ ਆਸਾਨ ਨਿਪਟਾਰੇ ਨੂੰ ਵੀ ਯਕੀਨੀ ਬਣਾਉਂਦੀਆਂ ਹਨ।ਉਨ੍ਹਾਂ ਅੱਗੇ ਦੱਸਿਆ ਕਿ ਰਾਸ਼ਟਰੀ ਕਾਨੂੰਨੀ ਸੇਵਾਵਾਂ ਅਥਾਰਟੀ (ਨਾਲਸਾ), ਨਵੀਂ ਦਿੱਲੀ ਨੇ ਇੱਕ ਮੁਫ਼ਤ ਕਾਨੂੰਨੀ ਸਹਾਇਤਾ ਹੈਲਪਲਾਈਨ— 15100 ਸ਼ੁਰੂ ਕੀਤੀ ਹੈ, ਜੋ ਕਿ ਪੰਜਾਬ ਭਰ ਵਿੱਚ 24 ਘੰਟੇ ਉਪਲਬਧ ਹੈ ਤਾਂ ਜੋ ਲੋਕਾਂ ਨੂੰ ਮੁਫ਼ਤ ਕਾਨੂੰਨੀ ਸੇਵਾਵਾਂ ਪ੍ਰਦਾਨ ਕੀਤੀਆਂ ਜਾ ਸਕਣ।ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਦੀ ਵਚਨਬੱਧਤਾ ਨੂੰ ਦੁਹਰਾਉਂਦੇ ਹੋਏ, ਉਨ੍ਹਾਂ ਭਰੋਸਾ ਦਿੱਤਾ ਕਿ ਭਵਿੱਖ ਵਿੱਚ ਲੋਕ ਅਦਾਲਤਾਂ ਰਾਹੀਂ ਵੱਧ ਤੋਂ ਵੱਧ ਮਸਲਿਆਂ ਦਾ ਨਿਪਟਾਰਾ ਹੁੰਦਾ ਰਹੇਗਾ।

ਸਿਹਤਮੰਦ ਜੀਵਨ ਸ਼ੈਲੀ ਅਪਣਾਉਣ ਦਾ ਸੱਦਾ ਦੇਣ ਲਈ ਕਰਵਾਈ ਈਟ ਰਾਈਟ ਵਾਕਾਥੋਨ

ਜਲੰਧਰ (ਇਕਬਾਲ ਸਿੰਘ ਉੰਭੀ)- ਸਿਹਤਮੰਦ ਜੀਵਨ ਸ਼ੈਲੀ ਅਪਣਾਉਣ ਦਾ ਸੱਦਾ ਦੇਣ ਦੇ ਮੰਤਵ ਨਾਲ ਫੂਡ ਐਂਡ ਡਰੱਗ ਐਡਮਨਿਸਟ੍ਰੇਸ਼ਨ ਅਤੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਅੱਜ ਈਟ ਰਾਈਟ ਵਾਕਾਥੋਨ ਕਰਵਾਈ ਗਈ, ਜਿਸ ਨੂੰ ਸਹਾਇਕ ਸਿਵਲ ਸਰਜਨ ਡਾ. ਜੋਤੀ ਫੁਕੇਲਾ ਨੇ ਸਥਾਨਕ ਸਰਕਟ ਹਾਊਸ ਤੋਂ ਹਰੀ ਝੰਡੀ ਦੇ ਕੇ ਰਵਾਨਾ ਕੀਤਾ। ਪੰਜਾਬ ਸਰਕਾਰ ਦੇ ਨਿਰਦੇਸ਼ਾਂ 'ਤੇ ਕਰਵਾਈ ਵਾਕਾਥੋਨ, ਜਿਸ ਵਿੱਚ ਵੱਖ-ਵੱਖ ਵਿੱਦਿਅਕ ਸੰਸਥਾਵਾਂ ਦੇ ਵਿਦਿਆਰਥੀਆਂ ਅਤੇ 500 ਤੋਂ ਵੱਧ ਨਾਗਰਿਕਾਂ ਨੇ ਬੜੇ ਉਤਸ਼ਾਹ ਨਾਲ ਭਾਗ ਲਿਆ, ਸਥਾਨਕ ਗੁਰੂ ਗੋਬਿੰਦ ਸਿੰਘ ਸਟੇਡੀਅਮ ਵਿਖੇ ਸਮਾਪਤ ਹੋਈ। ਵਾਕਾਥੋਨ ਵਿੱਚ ਸ਼ਾਮਲ ਵਿਦਿਆਰਥੀਆਂ ਨੇ ਆਪਣੇ ਹੱਥਾਂ ਵਿੱਚ ਬੈਨਰ ਅਤੇ ਤਖ਼ਤੀਆਂ ਫੜ ਕੇ ਲੋਕਾਂ ਨੂੰ ਸਿਹਤਮੰਦ ਜੀਵਨ ਸ਼ੈਲੀ, ਸਰੀਰਕ ਕਸਰਤ ਤੇ ਖੇਡਾਂ ਵਿੱਚ ਭਾਗ ਲੈਣ ਆਦਿ ਬਾਰੇ ਜਾਗਰੂਕ ਕੀਤਾ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਸੂਬੇ ਨੂੰ ਰੰਗਲਾ ਅਤੇ ਸਿਹਤਮੰਦ ਪੰਜਾਬ ਬਣਾਉਣ ਦੇ ਸਬੰਧ ਵਿੱਚ ਰਾਜ ਭਰ ਵਿੱਚ ਕੀਤੇ ਜਾ ਰਹੇ ਉਪਰਾਲਿਆਂ ਦੀ ਲੜੀ ਤਹਿਤ ਫੂਡ ਐਂਡ ਡਰੱਗ ਐਡਮਨਿਸਟ੍ਰੇਸ਼ਨ ਅਤੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਇਹ ਈਟ ਰਾਈਟ ਵਾਕਾਥੋਨ ਕਰਵਾਈ ਗਈ। ਸਹਾਇਕ ਕਮਿਸ਼ਨਰ (ਫੂਡ) ਡਾ. ਹਰਜੋਤ ਪਾਲ ਸਿੰਘ ਨੇ ਦੱਸਿਆ ਕਿ ਇਸ ਵਾਕਾਥੋਨ ਦਾ ਮੁੱਖ ਉਦੇਸ਼ ਸਰੀਰਕ ਅਤੇ ਮਾਨਸਿਕ ਤੰਦਰੁਸਤੀ ਲਈ ਸਿਹਤ ਜੀਵਨ ਸ਼ੈਲੀ ਵਿੱਚ ਕੁਝ ਮਹੱਤਵਪੂਰਨ ਤਬਦੀਲੀਆਂ ਲਿਆਉਣਾ ਹੈ, ਜਿਵੇਂ ਕਿ ਰੋਜ਼ਾਨਾ ਜੀਵਨ ਵਿੱਚ ਨਮਕ, ਖੰਡ ਅਤੇ ਤੇਲ ਦੀ ਖਪਤ ਘਟਾਉਣ, ਖੁਰਾਕ ਵਿੱਚ ਸਲਾਦ, ਹਰੀਆਂ ਪੱਤੇਦਾਰ ਸਬਜ਼ੀਆਂ ਅਤੇ ਤਾਜ਼ੇ ਫਲਾਂ ਦੀ ਵਰਤੋਂ ਵਧਾਉਣ, ਤਲਣ ਵਾਲੇ ਤੇਲ ਦੀ ਵਰਤੋਂ ਦੋ ਵਾਰ ਤੋਂ ਵੱਧ ਨਾ ਕਰਨ, ਬਾਜਰਾ ਤੇ ਹੋਰ ਮਿਲਟਸ ਅਤੇ ਫੋਰਟੀਫਾਈਡ ਖਾਧ-ਪਦਾਰਥ (ਖਣਿਜਾਂ ਅਤੇ ਵਿਟਾਮਿਨਾਂ ਨਾਲ ਭਰਪੂਰ) ਨੂੰ ਖੁਰਾਕ ਵਿੱਚ ਸ਼ਾਮਲ ਕਰਨਾ ਅਤੇ ਰੋਜ਼ਾਨਾ ਕਸਰਤ, ਯੋਗਾ ਅਤੇ ਵੱਖ-ਵੱਖ ਖੇਡ ਗਤੀਵਿਧੀਆਂ ਵਿੱਚ ਭਾਗੀਦਾਰੀ ਆਦਿ। ਉਨ੍ਹਾਂ ਦੱਸਿਆ ਕਿ ਇਸੇ ਕੜੀ ਨੂੰ ਅੱਗੇ ਵਧਾਉਂਦੇ ਹੋਏ ਇੱਕ ਹੋਰ ਪ੍ਰੋਗਰਾਮ 'ਈਟ ਰਾਈਟ ਮੇਲਾ' 15 ਮਾਰਚ ਨੂੰ ਸਥਾਨਕ ਰੌਡ ਕਰਾਸ ਭਵਨ ਵਿਖੇ ਕਰਵਾਇਆ ਜਾ ਰਿਹਾ ਹੈ, ਜਿਸ ਵਿੱਚ ਲਾਈਵ ਯੋਗਾ ਸ਼ੋਅ, ਲਾਈਵ ਮਿਲਟਸ ਕੁਕਿੰਗ ਸ਼ੋਅ, ਪੈਨਲ ਚਰਚਾਵਾਂ (ਡਾਈਟੀਸ਼ੀਅਨ ਅਤੇ ਪੋਸ਼ਣ ਮਾਹਰਾਂ ਨਾਲ) ਹੋਣਗੀਆਂ। ਇਸ ਮੌਕੇ ਐਫ਼.ਐਸ.ਓ. ਮੁਕੁਲ ਗਿੱਲ, ਐਫ਼.ਐਸ.ਓ. ਪ੍ਰਭਜੋਤ ਕੌਰ,ਐਫ਼.ਐਸ. ਓ. ਰਜਨੀ, ਸ਼ਰਨਦੀਪ ਸਿੰਘ, ਰਵਿੰਦਰ ਜੱਸਲ, ਵਿਨੋਦ ਕੁਮਾਰ ਤੋਂ ਇਲਾਵਾ ਫੂਡ ਸੇਫਟੀ ਵਿੰਗ, ਸਿਹਤ ਵਿਭਾਗ ਦੇ ਹੋਰ ਅਧਿਕਾਰੀ ਅਤੇ ਕਰਮਚਾਰੀ ਅਤੇ ਵਿਦਿਆਰਥੀ ਵੀ ਮੌਜੂਦ ਸਨ।

ਸਲੇਮਗੜ੍ਹ ਵਿਖੇ ਮਨਰੇਗਾ ਵਰਕਰਾਂ ਨੇ ਕੰਮ ਲੈਣ ਲਈ ਅਰਜ਼ੀਆਂ ਦਿੱਤੀਆਂ

ਮੂਨਕ (ਰਾਜਪਾਲ ਸਿੰਗਲਾ)-ਪੰਜਾਬ ਖੇਤ ਮਜ਼ਦੂਰ ਯੂਨੀਅਨ ਦੇ ਸੂਬਾ ਕਮੇਟੀ ਮੈਂਬਰ ਹਰ ਭਗਵਾਨ ਸਿੰਘ ਮੂਨਕ ਨੇ ਕਿਹਾ ਕਿ ਅੱਜ ਪਿੰਡ ਸਲੇਮਗੜ੍ਹ ਵਿਖੇ ਖੇਤ ਮਜ਼ਦੂਰ ਤੇ ਮਨਰੇਗਾ ਵਰਕਰ ਮਰਦ ਤੇ ਔਰਤਾਂ ਨੇ ਇਕੱਠੇ ਹੋ ਕੇ ਮਨਰੇਗਾ ਦੇ ਵਿੱਚ 100 ਦਿਨਾਂ ਵਿੱਚੋਂ ਰਹਿੰਦਾ ਕੰਮ ਲੈਣ ਲਈ ਅਰਜ਼ੀਆਂ ਭਰੀਆਂ, ਕਿਉਂਕਿ ਮਨਰੇਗਾ ਕਾਨੂੰਨ ਮੁਤਾਬਕ ਲੋੜਵੰਦ ਬੇਰੁਜ਼ਗਾਰ ਪੇਂਡੂ ਵਿਅਕਤੀ ਆਪਣਾ 100 ਦਿਨਾਂ ਦਾ ਰੁਜ਼ਗਾਰ ਪੂਰਾ ਲੈਣ ਦੀ ਖਾਤਰ ਅਰਜ਼ੀ ਦੇ ਕੇ ਕੰਮ ਦੀ ਮੰਗ ਕਰ ਸਕਦਾ ਹੈ। ਸਬੰਧਤ ਅਧਿਕਾਰੀਆਂ ਵੱਲੋਂ ਦਿੱਤੀ

10-MAR-PAGE-7.qxd 3/9/2025 8:51 PM Page 1

ਰਾਜਾ ਵੜਿੰਗ ਦੀ ਕਾਂਗਰਸੀ ਵਰਕਰਾਂ ਨਾਲ ਅਹਿਮ ਮੀਟਿੰਗ

ਸਨੌਰ/ਪਟਿਆਲਾ (ਰਾਜਿੰਦਰ ਸਿੰਘ ਬਿੰਦ)-ਜੁੜੇਗਾ ਬਲਾਕ, ਜਿੱਤੇਗੀ ਕਾਂਗਰਸ ਮੁਹਿੰਮ ਤਹਿਤ ਪਟਿਆਲਾ ਜ਼ਿਲ੍ਹੇ ਦੇ ਹਲਕਾ ਸਨੌਰ ਦੇ ਜੋੜੀਆਂ ਸੜਕਾਂ ਦੇ ਇਕ ਨਿੱਜੀ ਪੈਲਸ ਵਿਖੇ ਪਲੇਠੀ ਮੀਟਿੰਗ ਹਰਿੰਦਰਪਾਲ ਹੈਰੀਮਾਨ ਹਲਕਾ ਸਨੌਰ ਇੰਚਾਰਜ ਦੀ ਅਗਵਾਈ ਹੇਠ ਕਾਂਗਰਸੀ ਵਰਕਰਾਂ ਨਾਲ ਸੂਬਾ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਕੀਤੀ। ਇਸ ਮੌਕੇ ਉਨ੍ਹਾਂ ਨਾਲ ਪ੍ਰਤਾਪ ਸਿੰਘ ਬਾਜਵਾ ਲੀਡਰ ਵਿਰੋਧੀ ਧਿਰ, ਡਾ. ਧਰਮਵੀਰ ਗਾਂਧੀ ਮੈਂਬਰ ਪਾਰਲੀਮੈਂਟ, ਮਦਨ ਲਾਲ ਜਲਾਲਪੁਰ ਸਾਬਕਾ ਵਿਧਾਇਕ ਹਲਕਾ ਘਨੌਰ, ਗੁਰਸ਼ਰਨ ਕੌਰ ਰੰਧਾਵਾ ਪ੍ਰਧਾਨ ਮਹਿਲਾ ਵਿੰਗ ਪੰਜਾਬ ਵੀ ਨਾਲ ਸਨ। ਇਸ ਮੌਕੇ ਰਾਜਾ ਵੜਿੰਗ ਨੇ ਕਾਂਗਰਸ ਪਾਰਟੀ ਦੇ ਵਰਕਰਾਂ ਦੀਆਂ ਮੁਸ਼ਕਲਾਂ ਸੁਣੀਆਂ ਅਤੇ ਪਾਰਟੀ ਦੀ ਮਜ਼ਬੂਤੀ ਲਈ ਸੁਝਾਅ ਲਏ ਗਏ। ਇਸ ਮੌਕੇ ਰਾਜਾ ਵੜਿੰਗ ਨੇ ਕਿਹਾ ਕਿ ਪੰਜਾਬ ਦੇ ਲੋਕਾਂ ਨੇ ਬਦਲਾਅ ਦੇ ਨਾਂ ਤੇ ਆਮ ਆਦਮੀ ਪਾਰਟੀ ਨੂੰ ਵੋਟਾਂ ਦੇ ਕੇ ਸਰਕਾਰ ਬਣਾ ਲਈ, ਪਰ ਬਾਅਦ ਚ ਲੋਕ ਪਛਤਾਵਾ ਕਰ ਰਹੇ ਹਨ, ਕਿਉਂਕਿ ਇਸ ਸਰਕਾਰ ਨੇ ਤਿੰਨ ਸਾਲਾਂ ਚ ਕਿਸੇ ਦਾ ਕੁਝ ਨਹੀ ਕੀਤਾ। ਹੁਣ ਲੋਕ ਪੰਜਾਬ ਚ ਕਾਗਰਸ ਪਾਰਟੀ ਦੀ ਸਰਕਾਰ ਬਣਾਉਣ ਨੂੰ ਕਾਹਲੇ ਹਨ। ਇਸ ਮੌਕੇ ਧਰਮਵੀਰ ਗਾਂਧੀ ਮੈਂਬਰ ਪਾਰਲੀਮੈਂਟ ਨੇ ਆਪਣੇ ਸੰਬੋਧਨ ਚ ਕਿਹਾ ਕਿ ਪੰਜਾਬ ਚ ਆਮ ਆਦਮੀ ਪਾਰਟੀ ਸਰਕਾਰ ਲੋਕਾਂ ਨਾਲ ਬਹੁਤ ਧੱਕਾ ਕਰ ਰਹੀ ਹੈ।ਇਸ ਮੌਕੇ ਰਿਕੀ ਮਾਨ, ਅਸ਼ਵਨੀ ਬੱਤਾ, ਜੋਗਿੰਦਰ ਸਿੰਘ ਕਾਕੜਾ, ਮਹਿਕ ਗਰੇਵਾਲ ਨੈਣਾਂ ਚੇਅਰਮੈਨ, ਰਾਜੀਵ ਗੋਇਲ, ਮਹੰਤ ਖਨੌੜਾ, ਸੁਰਿੰਦਰ ਛਿੰਦਾ ਬਲਬੇੜਾ, ਆਦਿ ਤੋਂ ਇਲਾਵਾ ਸਾਰੇ ਬੂਥ ਲੈਵਲ ਵਰਕਰ ਕਮੇਟੀਆਂ ਦੇ ਆਗੂ ਸਾਹਿਬਾਨ, ਮੰਡਲਾਂ ਦੇ ਪ੍ਰਧਾਨ, ਬਲਾਕ ਕਮੇਟੀਆਂ, ਜਿਲਾ ਕਮੇਟੀਆਂ ਦੇ ਮੈਂਬਰ, ਕਿਸਾਨ ਸੈੱਲ, ਐੱਸ ਸੀ, ਬੀ ਸੀ ਸੈੱਲਾਂ ਅਤੇ ਸਮੂਹ ਕਾਂਗਰਸ ਪਾਰਟੀ ਦੇ ਵਰਕਰਾਂ ਤੋਂ ਇਲਾਵਾ ਵੱਡੀ ਗਗਿਣਤੀ 'ਚ ਕਾਂਗਰਸੀ ਵਰਕਰ ਮੌਜੂਦ ਸਨ।

ਔਰਤਾਂ ਨੂੰ ਆਪਣੇ ਅਧਿਕਾਰਾਂ ਬਾਰੇ ਜਾਣਕਾਰੀ ਹੋਣੀ ਸਮੇਂ ਦੀ ਮੁੱਖ ਲੋੜ : ਹਰਵੰਤ ਕੌਰ

ਪਟਿਆਲਾ (ਰਾਜਿੰਦਰ ਸਿੰਘ ਬਿੰਦ)-ਐਸ ਐਸ ਪੀ ਪਟਿਆਲਾ ਡਾ. ਨਾਨਕ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਪੁਲਸ ਲਾਈਨ ਕਮੇਟੀ ਹਾਲ ਵਿਖੇ ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਅਤੇ ਮਹਿਲਾ ਮਿੱਤਰ ਵਲੋਂ ਅੰਤਰਰਾਸ਼ਟਰੀ ਮਹਿਲਾ ਦਿਵਸ ਮੌਕੇ ਔਰਤਾਂ 'ਤੇ ਹੁੰਦੀ ਹਿੰਸਾ ਵਿਰੁੱਧ ਜਾਗਰੂਕਤਾ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ, ਜਿਸ ਵਿਚ ਮੁੱਖ ਮਹਿਮਾਨ ਐਸ ਪੀ ਹੈਡਕੁਆਰਟਰ-ਕਮ-ਕਮਿਊਨਿਟੀ ਅਫੇਅਰ ਅਫ਼ਸਰ ਓਲੰਪੀਅਨ ਹਰਵੰਤ ਕੌਰ ਨੇ ਸ਼ਿਰਕਤ ਕੀਤੀ। ਪ੍ਰੋਗਰਾਮ ਦੀ ਪ੍ਰਧਾਨਗੀ ਐਸ ਆਈ ਸੰਦੀਪ ਕੌਰ ਇੰਚਾਰਜ ਜ਼ਿਲ੍ਹਾ ਪੁਲਸ ਮਹਿਲਾ ਮਿੱਤਰ ਪਟਿਆਲਾ ਅਤੇ ਸੁਖਜਿੰਦਰ ਸਿੰਘ ਇੰਚਾਰਜ ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਨੇ ਸ਼ਿਰਕਤ ਕੀਤੀ। ਵਿਸ਼ੇਸ਼ ਤੌਰ 'ਤੇ ਭੁਪਿੰਦਰ ਸਿੰਘ ਇੰਚਾਰਜ ਸਾਂਝ ਕੇਂਦਰ ਸਿਟੀ 1, ਸਟੇਟ ਐਵਾਰਡੀ ਪਰਮਿੰਦਰ ਭਲਵਾਨ ਮੈਂਬਰ ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਅਤੇ ਮੈਂਬਰ ਵੂਮੈਨ ਕੌਂਸਲਿੰਗ ਸੈਲ, ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ, ਵਰਿੰਦਰ ਸਿੰਘ ਖਰੋੜ, ਰੁਦਰਪ੍ਰਤਾਪ ਸਿੰਘ ਪ੍ਰਧਾਨ ਯੁਵਕ ਸੇਵਾਵਾਂ ਕਲੱਬ ਦੀਪ ਨਗਰ, ਲੱਕੀ ਹਰਦਾਸਪੁਰ ਨੇ ਸ਼ਿਰਕਤ ਕੀਤੀ। ਇਸ ਮੌਕੇ ਓਲੰਪੀਅਨ ਹਰਵੰਤ ਕੌਰ ਨੇ ਕਿਹਾ ਕਿ ਐਸ ਐਸ ਪੀ ਪਟਿਆਲਾ ਡਾ. ਨਾਨਕ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਵੱਖ ਵੱਖ ਸਕੂਲਾਂ ਕਾਲਜਾਂ ਅਤੇ ਇੰਸੀਚਿਊਟਸ ਵਿਖੇ ਔਰਤਾਂ ਅਤੇ ਲੜਕੀਆਂ ਵਿਰੁੱਧ ਹਿੰਸਾ ਨੂੰ ਰੋਕਣ ਲਈ ਸੈਮੀਨਾਰਾਂ ਦਾ ਆਯੋਜਨ ਕੀਤਾ ਜਾ ਰਿਹਾ ਹੈ । ਉਨ੍ਹਾਂ ਔਰਤਾਂ ਅਤੇ ਲੜਕੀਆਂ ਨੂੰ ਪੰਜਾਬ ਪੁਲਸ ਵੱਲੋਂ ਸ਼ੁਰੂ ਕੀਤੇ ਗਏ ਟੋਲ ਫਰੀ ਨੰਬਰਾਂ 181,112 ਬਾਰੇ ਜਾਣਕਾਰੀ ਦਿੱਤੀ ਅਤੇ ਦੱਸਿਆ ਕਿ ਜੇਕਰ ਕਿਸੇ ਵੀ ਔਰਤ, ਲੜਕੀ ਜਾ ਬੱਚੇ ਉਪਰ ਕਿਸੇ ਵੀ ਪ੍ਰਕਾਰ ਦਾ ਜ਼ੁਲਮ ਹੁੰਦਾ ਹੈ ਤਾਂ ਉਹ ਆਪਣੀ ਕੰਪਲੇਂਟ ਟੋਲ ਫਰੀ ਨੰਬਰ ਉਪਰ ਕਰ ਸਕਦੇ ਹਨ।

ਪਿਆਜ਼ ਉਗਾਉਣ ਦੀਆਂ ਉਨਤ ਤਕਨੀਕਾਂ ਬਾਰੇ ਵਰਕਸ਼ਾਪ

ਰਾਮਪੁਰਾ ਫੂਲ (ਦਰਸ਼ਨ ਜਿੰਦਲ)-ਭਾਰਤ ਸਰਕਾਰ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰਾਲੇ ਅਧੀਨ ਏਕੀਕ੍ਰਿਤ ਬਾਗਬਾਨੀ ਵਿਕਾਸ ਮਿਸ਼ਨ ਦੇ ਸਬੰਧ ਵਿੱਚ ਪਿਆਜ਼ ਉਗਾਣ ਦੀਆਂ ਉਨਤ ਤਕਨੀਕਾਂ ਬਾਰੇ ਹਰ ਪੱਖ ਤੋਂ ਚਰਚਾ ਕਰਨ ਸਬੰਧੀ (ਐਨ.ਐਚ.ਆਰ.ਡੀ.ਐਫ. ਅਧਿਕਾਰੀ) ਏ.ਬੀ. ਵਰਮਾ ਅਤੇ ਏ.ਕੇ.ਸ਼ਰਮਾ ਦੀ ਨਿਗਰਾਨੀ ਹੇਠ ਸਰਵਹਿੱਤਕਾਰੀ ਸਿੱਖਿਆ ਸਮਿਤੀ, ਪੰਜਾਬ ਦੁਆਰਾ ਚਲਾਏ ਜਾ ਰਹੇ ਸਕੂਲ ਲਾਲਾ ਕਸਤੂਰੀ ਸਰਵਹਿਤਕਾਰੀ ਸੀਨੀਅਰ ਸੈਕੰਡਰੀ ਵਿਦਿਆ ਮੰਦਰ ਵਿੱਚ ਚਾਰ ਦਿਨਾ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ। ਇਸ ਵਰਕਸ਼ਾਪ ਦਾ ਉਦੇਸ਼ ਵਿੱਦਿਆ ਭਾਰਤ ਦੁਆਰਾ ਚਲਾਏ ਜਾ ਰਹੇ ਕੌਸ਼ਲ ਵਿਕਾਸ ਮਿਸ਼ਨ ਅਧੀਨ ਖੇਤੀਬਾੜੀ ਨਾਲ ਜੁੜੇ ਵਿਦਿਆਰਥੀਆਂ ਦੇ ਮਾਪਿਆਂ ਅਤੇ ਹੋਰ ਕਿਸਾਨਾਂ ਨੂੰ ਬਾਗਬਾਨੀ ਦੀ ਮਹੱਤਤਾ ਅਤੇ ਖੇਤੀਬਾੜੀ ਨੂੰ ਬਿਹਤਰ ਬਣਾਉਣ ਦੇ ਉਪਾਵਾਂ ਬਾਰੇ ਜਾਣਕਾਰੀ ਪ੍ਰਦਾਨ ਕਰਨਾ ਸੀ। ਇਸ ਪ੍ਰੋਗਰਾਮ ਦੀ ਸ਼ੁਰੂਆਤ ਡਾ. ਗੁਰਸ਼ਰਨ ਸਿੰਘ (ਡਿਪਟੀ ਡਾਇਰੈਕਟਰ, ਖੇਤੀਬਾੜੀ ਵਿਭਾਗ, ਬਠਿੰਡਾ) ਨੇ ਜੋਤ ਜਲਾ ਕੇ ਕੀਤੀ ਅਤੇ ਉਨ੍ਹਾਂ ਕਿਸਾਨਾਂ ਨੂੰ ਪਿਆਜ਼ ਦੀ ਕਾਸ਼ਤ ਦੇ ਉਤਪਾਦਨ ਨੂੰ ਵਧਾਉਣ ਲਈ ਕੇਂਦਰ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਸਾਰੀਆਂ ਯੋਜਨਾਵਾਂ ਬਾਰੇ ਦੱਸਿਆ। ਇਸ ਵਰਕਸ਼ਾਪ ਦੇ ਅਗਲੇ ਸੈਸ਼ਨ ਵਿੱਚ ਬੁਲਾਰੇ ਰਪਿੰਦਰ ਪਟਿਆਲ (ਪ੍ਰਿੰਸੀਪਲ, ਸਥਾਨਕ ਸਕੂਲ) ਨੇ ਪਿਆਜ਼ ਦੀ ਫਸਲ ਵਿੱਚ ਅੰਤਰ-ਫਸਲੀ ਪ੍ਰਬੰਧਨ ਬਾਰੇ ਜਾਣਕਾਰੀ ਦਿੱਤੀ। ਦੁਪਹਿਰ ਦੇ ਖਾਣੇ ਤੋਂ ਬਾਅਦ ਅੰਤਿਮ ਸੈਸ਼ਨ ਵਿੱਚ ਡਾ. ਨਵਦੀਪ ਸ਼ੇਖਰ (ਜਨਰਲ ਸਕੱਤਰ, ਸਰਵਹਿਤਕਾਰੀ ਸਿੱਖਿਆ ਸਮਿਤੀ, ਪੰਜਾਬ) ਨੇ ਪਿਆਜ਼ ਦੀ ਕਾਸ਼ਤ ਲਈ ਸੂਖਮ ਸਿੰਚਾਈ ਬਾਰੇ ਦੱਸਿਆ । ਡਾ. ਨਵਦੀਪ ਸ਼ੇਖਰ ਨੇ ਬਾਗਬਾਨੀ ਦੇ ਵੱਖ-ਵੱਖ ਪਹਿਲੂਆਂ 'ਤੇ ਚਰਚਾ ਕੀਤੀ।

ਡਾ. ਵਿਸ਼ਵਦੀਪ ਗੋਇਲ ਸਨਮਾਨਤ

ਫਰੀਦਕੋਟ (ਐਲਿਗਜੈਂਡਰ ਡਿਸੂਜਾ)-ਡਾ. ਵਿਸ਼ਵਦੀਪ ਗੋਇਲ ਨੂੰ ਡਿਪਟੀ ਮੈਡੀਕਲ ਕਮਿਸ਼ਨਰ ਫਰੀਦਕੋਟ ਬਣਨ 'ਤੇ ਫਰੀਦਕੋਟ ਦੀਆਂ ਸਮੂਹ ਸਮਾਜ ਸੇਵੀ ਸੰਸਥਾਵਾਂ ਵਲੋਂ ਸਨਮਾਨਤ ਕੀਤਾ ਗਿਆ। ਸਮਾਜ ਸੇਵੀ ਸੰਸਥਾਵਾਂ ਨੇ ਲੋਈ ਅਤੇ ਬੱਕੇ, ਗੁਲਦਸਤੇ ਦੇ ਕੇ ਡਾ. ਵਿਸ਼ਵਦੀਪ ਗੋਇਲ ਦਾ ਸਨਮਾਨ ਕੀਤਾ।ਇਸ ਮੌਕੇ ਲੰਗਰ ਮਾਤਾ ਖੀਵੀ ਜੀ ਟਰੱਸਟ, ਫਰੈਂਡਜ਼ ਕਲੱਬ ਫਰੀਦਕੋਟ, ਭਾਰਤ ਵਿਕਾਸ ਪ੍ਰੀਸ਼ਦ, ਰੈੱਡ ਕਰਾਸ ਸੀਨੀਅਰ ਸਿਟੀਜ਼ਨ ਕਲੱਬ, ਹੈਲਥ ਫਾਰ ਆਲ ਸੁਸਾਇਟੀ, ਮਹਾਂਕਾਲ ਸੁਸਾਇਟੀ, ਸ੍ਰੀ ਭੋਲੇ ਬਾਬਾ ਕਾਂਵੜ ਸੰਘ, ਅਰੋੜਾ ਮਹਾਂਸਭਾ, ਆਦਿ ਨੇ ਡਾ. ਗੋਇਲ ਦੇ ਪਦਉੱਨਤ ਹੋਣ 'ਤੇ ਵਧਾਈਆਂ ਦਿੱਤੀਆਂ ਤੇ ਸਨਮਾਨਤ ਕੀਤਾ।ਇਸ ਮੌਕੇ ਨਵੀਨ ਰਾਬੜਾ ਨੇ ਕਿਹਾ ਡਾ. ਵਿਸ਼ਵਦੀਪ ਗੋਇਲ ਇੱਕ ਸਮਾਜ ਸੇਵੀ ਸ਼ਖਸੀਅਤ ਹੈ ਅਤੇ ਸਮਾਜ ਸੇਵਾ ਦੇ ਅਨੇਕਾਂ ਕੰਮ ਵੱਧ ਚੜ੍ਹ ਕੇ ਕਰ ਰਹੇ ਹਨ। ਇਸ ਮੌਕੇ ਡਾ. ਵਿਸ਼ਵਦੀਪ ਗੋਇਲ ਨੇ ਸਭ ਦਾ ਧੰਨਵਾਦ ਕਰਦਿਆ ਕਿਹਾ ਕਿ ਮੇਰਾ ਰੋਮ ਰੋਮ ਆਪ ਸਭ ਦਾ ਹਮੇਸ਼ਾ ਰਿਣੀ ਰਹੇਗਾ।

ਬਾਬਾ ਫਰੀਦ 'ਵਰਸਿਟੀ ਨੇ ਸੰਪੂਰਨ ਡਿਜੀਟਲ ਲਰਨਿੰਗ ਪ੍ਰਣਾਲੀ ਨੂੰ ਅਪਣਾਇਆ

ਫਰੀਦਕੋਟ (ਐਲਿਗਜੈਂਡਰ ਡਿਸੂਜਾ)-ਬਾਬਾ ਫਰੀਦ ਯੂਨੀਵਰਸਿਟੀ ਆਫ਼ ਹੈਲਥ ਸਾਇੰਸਜ਼ ਨੇ ਭਾਰਤ ਦੀ ਪਹਿਲੀ ਸਿਹਤ ਵਿਗਿਆਨ ਯੂਨੀਵਰਸਿਟੀ ਬਣਨ ਦਾ ਮਾਣ ਪ੍ਰਾਪਤ ਕੀਤਾ ਹੈ, ਜਿਸ ਨੇ ਪੂਰੀ ਤਰ੍ਹਾਂ ਇਕ ਸੰਪੂਰਨ ਡਿਜੀਟਲ ਲਰਨਿੰਗ ਪ੍ਰਣਾਲੀ ਨੂੰ ਅਪਣਾਇਆ ਹੈ। ਹੈਦਰਾਬਾਦ ਦੀ ਮੈਡਿਸਿਸ ਐਜੂਟੈਕ ਦੇ ਸਹਿਯੋਗ ਨਾਲ, ਯੂਨੀਵਰਸਿਟੀ ਨੇ ਇਸ ਤਬਦੀਲੀਆਤਮਕ ਪਲੇਟਫਾਰਮ ਨੂੰ ਸਫਲਤਾਪੂਰਵਕ ਲਾਗੂ ਕੀਤਾ ਹੈ, ਜਿਸ ਨਾਲ ਇਸ ਦੇ ਸਾਰੇ ਕੰਸਟੀਚਿਊਟ ਅਤੇ ਮਾਨਤਾ ਪ੍ਰਾਪਤ ਕਾਲਜਾਂ ਵਿੱਚ ਅਕਾਦਮਿਕ ਕਾਰਜਾਂ ਵਿੱਚ ਇਨਕਲਾਬੀ ਬਦਲਾਵ ਆਇਆ ਹੈ।ਇਹ ਪਹਿਲ 22 ਜਨਵਰੀ 2025 ਨੂੰ ਇੱਕ ਪ੍ਰੀ-ਲਾਂਚ ਸਮਾਗਮ ਦੌਰਾਨ ਸ਼ੁਰੂ ਕੀਤੀ ਗਈ, ਜਿਸ ਵਿੱਚ ਮਾਣਯੋਗ ਕੈਬਿਨਟ ਮੰਤਰੀ ਗੁਰਮੀਤ ਸਿੰਘ ਖੁਡੀਆਂ ਅਤੇ ਸੀਨੀਅਰ ਸਰਕਾਰੀ ਅਧਿਕਾਰੀ ਸ਼ਾਮਲ ਸਨ।ਪ੍ਰੋ. (ਡਾ.) ਰਾਜੀਵ ਸੂਦ, ਵਾਇਸ ਚਾਂਸਲਰ ਨੇ ਇਸ ਪਲੇਟਫਾਰਮ ਦੀ ਇਨਕਲਾਬੀ ਭੂਮਿਕਾ ਉੱਤੇ ਜ਼ੋਰ ਦਿੰਦਿਆਂ ਕਿਹਾ ਕਿ ਡਿਜੀਟਲ ਲਰਨਿੰਗ ਹੁਣ ਬਾਬਾ ਫਰੀਦ ਯੂਨੀਵਰਸਿਟੀ ਆਫ਼ ਹੈਲਥ ਸਾਇੰਸਜ਼ ਵਿੱਚ ਹਕੀਕਤ ਬਣ ਗਈ ਹੈ। ਮੈਡਿਸਿਸ ਐਜੂਟੈਕ ਦੇ ਚੇਅਰਮੈਨ ਐੱਮ. ਐਨ. ਰਾਓ ਨੇ ਯੂਜ਼ਰ ਟਰੇਨਿੰਗ ਅਤੇ ਸ਼ਮੂਲੀਅਤ ਦੀ ਭੂਮਿਕਾ 'ਤੇ ਜ਼ੋਰ ਦਿੰਦਿਆਂ ਕਿਹਾ ਕਿ ਸਾਨੂੰ ਇਸ ਮਹੱਤਵਪੂਰਨ ਯਾਤਰਾ 'ਤੇ ਬੀ ਐਫ ਯੂ ਐਚ ਐਸ ਨਾਲ ਸਹਿਯੋਗ ਕਰਨ 'ਤੇ ਮਾਣ ਹੈ।

ਜੇ ਐੱਮ ਐੱਸ ਇਮੀਗ੍ਰੇਸ਼ਨ ਨੇ ਲਵਾਇਆ ਕੈਨੇਡਾ ਦਾ ਵਿਜ਼ਟਰ ਵੀਜ਼ਾ

ਬਾਘਾ ਪੁਰਾਣਾ (ਮਨੀ ਸਿੰਗਲਾ)-ਬਾਘਾਪੁਰਾਣਾ ਸ਼ਹਿਰ ਦੀ ਮੰਨੀ ਪ੍ਰਮੰਨੀ ਸੰਸਥਾ ਜੇ.ਐਮ.ਐੱਸ. ਇਮੀਗ੍ਰੇਸ਼ਨ ਜੋ ਕਿ ਰਫਿਊਜ ਕੇਸਾਂ ਨੂੰ ਹੱਲ ਕਰਨ ਵਿੱਚ ਮਾਹਿਰ ਦੇ ਨਾਂਅ ਨਾਲ ਜਾਣੀ ਜਾਂਦੀ ਹੈ, ਦੇ ਨਾਲ-ਨਾਲ ਹੁਣ ਸੰਸਥਾ ਵੱਲੋਂ ਬਹੁਤ ਹੀ ਘੱਟ ਉਮਰ ਵਾਲਿਆਂ ਬੱਚਿਆਂ ਦਾ ਵਿਦੇਸ਼ਾਂ ਵਿੱਚ ਜਾਣ ਦਾ ਸੁਪਨਾ ਵੀ ਬੜੀ ਜਲਦੀ ਪੂਰਾ ਕੀਤਾ ਜਾ ਰਿਹਾ ਹੈ। ਸੰਸਥਾ ਵੱਲੋਂ ਅੰਗਰੇਜ਼ ਸਿੰਘ ਅਤੇ ਉਹਨਾਂ ਦੀ ਪਤਨੀ ਮਨਦੀਪ ਕੌਰ ਵਾਸੀ ਰਾਜਿਆਣਾ ਦਾ ਕੈਨੇਡਾ ਦਾ ਵਿਜ਼ਿਟਰ ਵੀਜ਼ਾ ਬਹੁਤ ਹੀ ਘੱਟ ਸਮੇਂ ਵਿੱਚ ਲਗਵਾ ਕੇ ਦਿੱਤਾ ਗਿਆ ਹੈ। ਅੰਗਰੇਜ਼ ਸਿੰਘ ਨੇ ਆਪਣੀ ਖੁਸ਼ੀ ਸਾਂਝੀ ਕਰਦਿਆਂ ਕਿਹਾ ਕਿ ਉਨ੍ਹਾਂ ਨੂੰ ਬਹੁਤ ਹੀ ਜਲਦ ਜੇ.ਐਮ.ਐੱਸ. ਸੰਸਥਾ ਵੱਲੋਂ ਕੈਨੇਡਾ ਦਾ ਵਿਜ਼ਿਟਰ ਵੀਜ਼ਾ ਪ੍ਰਾਪਤ ਹੋਇਆ ਹੈ। ਇੱਥੇ ਮਾਹਿਰਾਂ ਦੀ ਦੇਖ-ਰੇਖ ਹੇਠ ਪਹਿਲਾਂ ਵੀਜ਼ੇ ਲਈ ਸਾਰੇ ਦਸਤਾਵੇਜ਼ ਤਸੱਲੀਬਖਸ਼ ਪੂਰੇ ਕੀਤੇ ਜਾਂਦੇ ਹਨ ਅਤੇ ਵਿਦੇਸ਼ਾਂ ਵਿੱਚ ਜਾਣ ਦੇ ਚਾਹਵਾਨਾਂ ਨੂੰ ਪਹਿਲੀ ਵਾਰ ਵਿੱਚ ਹੀ ਸੰਸਥਾ ਵੱਲੋਂ ਵੀਜ਼ਾ ਪ੍ਰਾਪਤ ਹੋ ਜਾਂਦਾ ਹੈ। ਸੰਸਥਾ ਵੱਲੋਂ ਵਿਜ਼ਿਟਰ ਵੀਜ਼ਾ, ਸਪਾਊਸ ਓਪਨ ਵਰਕ ਪਰਮਿਟ, ਸਟੱਡੀ ਵੀਜ਼ਾ ਬਹੁਤ ਹੀ ਘੱਟ ਸਮੇਂ ਵਿੱਚ ਲਗਵਾ ਕੇ ਦਿੱਤੇ ਜਾਂਦੇ ਹਨ। ਸੰਸਥਾ ਦੇ ਡਾਇਰੈਕਟਰ ਹਰਲਾਲ ਸਿੰਘ ਮਾਨ ਅਤੇ ਸਟਾਫ ਮੈਂਬਰਾਂ ਵੀਜ਼ਾ ਚਾਹਵਾਨਾਂ ਨੂੰ ਵੀਜ਼ਾ ਸੌਂਪਦਿਆਂ ਵਧਾਈ ਦਿੱਤੀ।

ਜਲ ਸਪਲਾਈ ਕਾਮਿਆਂ ਵੱਲੋਂ ਸੰਯੁਕਤ ਕਿਸਾਨ ਮੋਰਚਾ ਦੀ ਹਮਾਇਤ 'ਚ ਪ੍ਰਦਰਸ਼ਨ

ਕਿਸਾਨਾਂ-ਮਜ਼ਦੂਰਾਂ ਦੀਆਂ ਮੰਗਾਂ ਨੂੰ ਜਲਦ ਪ੍ਰਵਾਨ ਕਰੇ ਸਰਕਾਰ : ਆਗੂ

ਜਲਾਲਾਬਾਦ (ਜੀਤ ਕੁਮਾਰ)

ਜਲ ਸਪਲਾਈ ਤੇ ਸੈਨੀਟੇਸ਼ਨ ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ (ਰਜਿ.31) ਦੀ ਬ੍ਰਾਂਚ ਜਲਾਲਾਬਾਦ ਵੱਲੋਂ ਇਥੇ ਗੁੰਮਾਨੀਵਾਲਾ ਵਿਖੇ ਸਥਿਤ ਜਲ ਸਪਲਾਈ ਦਫਤਰ ਅੱਗੇ ਸੰਯੁਕਤ ਕਿਸਾਨ ਮੋਰਚਾ ਪੰਜਾਬ ਦੀ ਹਮਾਇਤ ਵਿੱਚ ਕਿਸਾਨੀ ਮੰਗਾਂ ਨੂੰ ਲੈ ਕੇ ਪੰਜਾਬ ਸਰਕਾਰ ਦਾ ਪੁਤਲਾ ਫੂਕਿਆ ਗਿਆ ਤੇ ਜੰਮ ਕੇ ਨਾਅਰੇਬਾਜ਼ੀ ਕੀਤੀ ਗਈ।

ਇਸ ਮੌਕੇ ਜ਼ਿਲ੍ਹਾ ਪ੍ਰਧਾਨ ਗੁਰਮੀਤ ਸਿੰਘ ਆਲਮਕੇ, ਦਫਤਰੀ ਸਟਾਫ ਤੋਂ ਸੂਬਾਈ ਆਗੂ ਸੁਖਚੈਨ ਸਿੰਘ ਸੋਢੀ ਨੇ ਪੰਜਾਬ ਸਰਕਾਰ ਦੇ ਇਸ਼ਾਰੇ 'ਤੇ ਐਸ.ਕੇ.ਐਮ. ਦੇ ਕਿਸਾਨ ਆਗੂਆਂ ਨੂੰ ਗ੍ਰਿਫ਼ਤਾਰ ਕਰਨ ਦੀ ਸਖਤ ਸ਼ਬਦਾਂ ਵਿੱਚ ਨਿਖੇਧੀ ਕਰਦਿਆਂ ਕਿਹਾ ਕਿ ਕੇਂਦਰ ਤੇ ਰਾਜ ਸਰਕਾਰਾਂ ਵੱਲੋਂ ਸਾਮਰਾਜੀ ਦਿਸ਼ਾ ਨਿਰਦੇਸ਼ਾਂ ਤਹਿਤ ਕਾਰਪੋਰੇਟ ਘਰਾਣਿਆਂ ਦੀ ਲੁੱਟ ਤੇ ਮੁਨਾਫ਼ੇ ਦੀ ਲੋੜ ਨੂੰ ਮੁੱਖ ਰੱਖ ਕੇ ਸੰਸਾਰੀਕਰਨ, ਉਦਾਰੀਕਰਨ ਤੇ ਨਿੱਜੀਕਰਨ ਦੀਆਂ ਨੀਤੀਆਂ ਨੂੰ ਲਾਗੂ ਕਰਨ ਲਈ ਪਹਿਲਾਂ ਤੋਂ ਤਹਿ ਖੇਤੀ, ਸਨਅਤੀ ਤੇ ਆਰਥਿਕ ਨੀਤੀਆਂ ਵਿੱਚ ਤਬਦੀਲੀ ਕਰਕੇ ਕਾਰਪੋਰੇਟ ਘਰਾਣਿਆਂ ਦੇ ਲੁੱਟ ਤੇ ਮੁਨਾਫ਼ੇ ਕਮਾਉਣ ਦੇ ਰਾਹ ਦੀਆਂ ਸਾਰੀਆਂ ਰੁਕਾਵਟਾਂ ਨੂੰ ਦੂਰ ਕਰਕੇ ਦੇਸ਼ ਦੇ ਪੈਦਾਵਾਰੀ ਵਸੀਲਿਆਂ ਤੇ ਮਿਹਨਤ ਸ਼ਕਤੀ ਨੂੰ ਉਨ੍ਹਾਂ ਅੱਗੇ ਪਰੋਸ ਦਿੱਤਾ ਗਿਆ ਹੈ। ਸਰਕਾਰੀ ਵਿਭਾਗਾਂ ਤੇ ਮੰਡੀਆਂ ਦਾ ਨਿੱਜੀਕਰਨ ਕਰਕੇ, ਘੱਟੋ-ਘੱਟ ਸਮਰਥਨ ਮੁੱਲ ਤੇ ਘੱਟੋ-ਘੱਟ ਤਨਖਾਹ ਦੀ ਨੀਤੀ ਰੱਦ ਕਰਕੇ, ਘੱਟ ਤੋਂ ਘੱਟ ਕੀਮਤ ਤੇ ਫਸਲਾਂ ਦੀ ਖਰੀਦ ਕਰਨ ਤੇ ਮੁਨਾਫ਼ੇ ਦੀ ਲੋੜ ਅਨੁਸਾਰ ਤਨਖਾਹ ਅਦਾਇਗੀ

10 Mar Page-8.qxd 3/9/2025 10:09 PM Page 1

ਵੱਖ-ਵੱਖ ਥਾਈਂ ਮਹਿਲਾ ਦਿਵਸ ਜੋਸ਼ੋ-ਖਰੋਸ਼ ਨਾਲ ਮਨਾਇਆ

ਜਲੰਧਰ

ਮੋਹਾਲੀ

ਗੜ੍ਹਸ਼ੰਕਰ

ਬਲਾਚੌਰ

ਨਵਾਂਸ਼ਹਿਰ

ਜਲੰਧਰ -(ਇਕਬਾਲ ਸਿੰਘ ਉਭੀ)- ਸੇਂਟ ਸੋਲਜਰ ਗਰੁੱਪ ਆਫ਼ ਇੰਸਟੀਚਿਊਸ਼ਨਜ਼ ਵਿਖੇ ਅੰਤਰਰਾਸ਼ਟਰੀ ਮਹਿਲਾ ਦਿਵਸ ਮਨਾਇਆ। ਇਸ ਸਮਾਗਮ ਦੀ ਸ਼ੁਰੂਆਤ ਸੇਂਟ ਸੋਲਜਰ ਮੈਨੇਜਮੈਂਟ ਐਂਡ ਟੈਕਨੀਕਲ ਇੰਸਟੀਟਿਊਟ ਦੇ ਆਡੀਟੋਰੀਅਮ ਵਿੱਚ ਸ਼ਮਾ ਰੋਸ਼ਨ ਕਰ ਕੇ ਗਰੁੱਪ ਵਾਈਸ ਚੇਅਰਪਰਸਨ ਸ਼੍ਰੀਮਤੀ ਸੰਗੀਤਾ ਚੋਪੜਾ ਅਤੇ ਗਰੁੱਪ ਸਟਾਫ਼ ਮੈਂਬਰਾਂ ਦੀ ਅਗਵਾਈ ਵਿੱਚ ਕੀਤੀ ਗਈ। ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੁਰਸਕਾਰ ਪ੍ਰਾਪਤ ਕਰਨ ਵਾਲਿਆਂ ਅਤੇ ਸਮਾਜ ਸੇਵਕਾਂ ਨੂੰ ਸੱਦਾ ਦਿੱਤਾ ਗਿਆ ਸੀ। ਜਿਸ ਵਿੱਚ ਸ਼੍ਰੀਮਤੀ ਗੁਰਜੋਤ ਕੌਰ, ਸ਼੍ਰੀਮਤੀ ਮਨਦੀਪ ਕੌਰ, ਸ਼੍ਰੀਮਤੀ ਅੰਬਿਕਾ, ਸ਼੍ਰੀਮਤੀ ਪ੍ਰਭਜੋਤ ਕੌਰ, ਸ਼੍ਰੀਮਤੀ ਜੋਤੀ ਗੋਗੀਆ, ਸ਼੍ਰੀਮਤੀ ਮੀਨਲ ਵਰਮਾ, ਸ਼੍ਰੀਮਤੀ ਨੀਲਮ ਸਲਵਾਨ ਦੇ ਨਾਲ-ਨਾਲ ਸਮੂਹ ਮਹਿਲਾ ਸਟਾਫ ਨੂੰ ਗਰੁੱਪ ਚੇਅਰਪਰਸਨ ਸੰਗੀਤਾ ਚੋਪੜਾ ਦੁਆਰਾ ਸਨਮਾਨਿਤ ਕੀਤਾ ਗਿਆ। ਸਾਰੇ ਮੁੱਖ ਮਹਿਮਾਨਾਂ ਨੇ ਵਿਦਿਆਰਥੀਆਂ ਨੂੰ ਸਹੀ ਜ਼ਿੰਦਗੀ ਜਿਊਣ ਦੇ ਤਰੀਕੇ ਦੱਸੇ। ਇਸ ਦੇ ਨਾਲ ਹੀ ਕਾਲਜ ਦੇ ਵਿਦਿਆਰਥੀਆਂ ਨੇ ਨਾਟਕ, ਨਾਚ ਪੇਸ਼ ਕੀਤਾ ਅਤੇ ਅਧਿਆਪਕਾਂ ਨੇ ਮਾਡਲਿੰਗ ਪੇਸ਼ ਕੀਤੀ, ਜੋ ਕਿ ਮਹਿਲਾ ਸਸ਼ਕਤੀਕਰਨ ਨੂੰ ਉਤਸ਼ਾਹਿਤ ਕਰਦੀ ਹੈ।ਇਸ ਮੌਕੇ ਵਾਇਸ ਚੇਅਰਪਰਸਨ ਸੰਗੀਤਾ ਚੋਪੜਾ ਨੇ ਸਾਰੇ ਮਹਿਮਾਨਾਂ ਦਾ ਧੰਨਵਾਦ ਕੀਤਾ ਅਤੇ ਸਾਰੇ ਵਿਦਿਆਰਥੀਆਂ ਨੂੰ ਪ੍ਰੇਰਿਤ ਕਰਦੇ ਹੋਏ ਕਿਹਾ ਕਿ ਇੱਕ ਔਰਤ ਕਿਤੇ ਵੀ ਅਤੇ ਕਿਸੇ ਵੀ ਸਮੇਂ ਕਿਸੇ ਵੀ ਸਥਿਤੀ ਦਾ ਬਹਾਦਰੀ ਨਾਲ ਸਾਹਮਣਾ ਕਰ ਸਕਦੀ ਹੈ।

ਡੇਰਾਬੱਸੀ

ਮੋਹਾਲੀ (ਗੁਰਜੀਤ ਬਿੱਲਾ)- ਰਿਆਤ ਬਾਹਰਾ ਯੂਨੀਵਰਸਿਟੀ ਦੇ ਇਵੈਂਟ ਕਲੱਬ ਵਲੋਂ ਜੀਵਨ ਵਿਗਿਆਨ ਵਿਭਾਗ ਦੇ ਸਹਿਯੋਗ ਨਾਲ ਅਤੇ ਆਰਥੀਯੂ ਦੇ ਅਲਫ਼ਾ ਸਕੂਲ ਦੁਆਰਾ ਪ੍ਰੇਰਿਤ ਅੰਤਰਰਾਸ਼ਟਰੀ ਮਹਿਲਾ ਦਿਵਸ ਮਨਾਇਆ।ਇਸ ਸਮਾਗਮ ਵਿੱਚ ਪ੍ਰਸਿੱਧ ਬੁਲਾਰੇ , ਜਿਨ੍ਹਾਂ ਵਿੱਚ ਡਬਲਿਊ ਆਈ ਸੀ ਸੀ ਆਈ ਦੀ ਪ੍ਰਧਾਨ ਸ਼੍ਰੀਮਤੀ ਦੀਪਿਕਾ ਬਾਹਰੀ ਅਤੇ ਸ਼੍ਰੀਮਤੀ ਸੁਜਾਤਾ ਪਾਲ, ਐਸੋਸੀਏਟ ਪ੍ਰੋਫੈਸਰ (ਸੀਐਸਈ) ਆਈਆਈਟੀ ਰੋਪੜ, ਜਿਨ੍ਹਾਂ ਨੇ ਰਵਾਇਤੀ ਤੌਰ 'ਤੇ ਮਰਦ-ਪ੍ਰਧਾਨ ਖੇਤਰਾਂ ਵਿੱਚ ਔਰਤਾਂ ਦੇ ਸਸ਼ਕਤੀਕਰਨ, ਲੀਡਰਸ਼ਿਪ ਅਤੇ ਰੁਕਾਵਟਾਂ ਨੂੰ ਤੋੜਨ ਬਾਰੇ ਆਪਣੇ ਵਿਚਾਰ ਸਾਂਝੇ ਕੀਤੇ।ਰਿਆਤ ਬਾਹਰਾ ਗਰੁੱਪ ਦੇ ਚੇਅਰਮੈਨ ਅਤੇ ਰਿਆਤ ਬਾਹਰਾ ਯੂਨੀਵਰਸਿਟੀ ਦੇ ਚਾਂਸਲਰ ਗੁਰਵਿੰਦਰ ਸਿੰਘ ਬਾਹਰਾ ਨੇ ਹਰ ਖੇਤਰ ਵਿੱਚ ਔਰਤਾਂ ਦੇ ਯੋਗਦਾਨ ਦੀ ਸ਼ਲਾਘਾ ਕੀਤੀ।ਉਨ੍ਹਾਂ ਨੇ ਮਿਆਰੀ ਸਿੱਖਿਆ ਅਤੇ ਹੁਨਰ ਵਿਕਾਸ ਪ੍ਰੋਗਰਾਮਾਂ ਰਾਹੀਂ ਲਿੰਗ ਸਮਾਨਤਾ ਨੂੰ ਉਤਸ਼ਾਹਿਤ ਕਰਨ ਲਈ ਸੰਸਥਾ ਦੀ ਵਚਨਬੱਧਤਾ ਨੂੰ ਉਜਾਗਰ ਕੀਤਾ।ਡਾ. ਸਿਮਰਜੀਤ ਕੌਰ, ਡੀਨ ਵਿਦਿਆਰਥੀ ਭਲਾਈ ਨੇ ਮਹਿਮਾਨਾਂ ਦਾ ਸਵਾਗਤ ਕੀਤਾ ਅਤੇ ਅੰਤਰਰਾਸ਼ਟਰੀ ਮਹਿਲਾ ਦਿਵਸ-2025 ਦੇ ਥੀਮ ਨੂੰ ਉਜਾਗਰ ਕੀਤਾ ਅਤੇ ਕਿਹਾ ਕਿ ਇੱਕ ਅਜਿਹਾ ਸਮਾਵੇਸ਼ੀ ਵਾਤਾਵਰਣ ਬਣਾਉਣ ਦੀ ਲੋੜ ਹੈ ਜਿੱਥੇ ਮਰਦਾਂ ਅਤੇ ਔਰਤਾਂ ਨੂੰ ਬਰਾਬਰ ਅਧਿਕਾਰ ਅਤੇ ਮੌਕੇ ਮਿਲ ਸਕਣ।ਅਲਫ਼ਾ ਸਕੂਲ ਦੀ ਡਾਇਰੈਕਟਰ ਸਾਕਸ਼ੀ ਮਹਿਤਾ ਨੇ ਔਰਤਾਂ ਦੀਆਂ ਪ੍ਰਾਪਤੀਆਂ ਦਾ ਜਸ਼ਨ ਮਨਾਉਣ ਦੀ ਮਹੱਤਤਾ ਬਾਰੇ ਗੱਲ ਕੀਤੀ।ਉਹਨਾਂ ਸਿੱਖਿਆ ਅਤੇ ਪੇਸ਼ੇਵਰ ਖੇਤਰਾਂ ਵਿੱਚ ਔਰਤਾਂ ਨੂੰ ਬਰਾਬਰ ਮੌਕੇ ਪ੍ਰਦਾਨ ਕਰਨ, ਇੱਕ ਸਮਾਵੇਸ਼ੀ ਅਤੇ ਸਹਾਇਕ ਵਾਤਾਵਰਣ ਨੂੰ ਉਤਸ਼ਾਹਿਤ ਕਰਨ ਦੀ ਮਹੱਤਤਾ 'ਤੇ ਜ਼ੋਰ ਦਿੱਤਾ।ਇਸ ਸਮਾਗਮ ਵਿੱਚ ਆਪਣੇ ਇੰਟਰਐਕਟਿਵ ਸੈਸ਼ਨਾਂ ਦੌਰਾਨ, ਸ਼੍ਰੀਮਤੀ ਦੀਪਿਕਾ ਬਾਹਰੀ ਅਤੇ ਸ਼੍ਰੀਮਤੀ ਸੁਜਾਤਾ ਪਾਲ ਨੇ ਵਿਦਿਆਰਥੀਆਂ ਨੂੰ ਰੂੜ੍ਹੀਵਾਦੀ ਧਾਰਨਾਵਾਂ ਨੂੰ ਚੁਣੌਤੀ ਦੇਣ ਅਤੇ ਆਤਮਵਿਸ਼ਵਾਸ ਨਾਲ ਆਪਣੇ ਸੁਪਨਿਆਂ ਨੂੰ ਅੱਗੇ ਵਧਾਉਣ ਲਈ ਉਤਸ਼ਾਹਿਤ ਕੀਤਾ।ਉਨ੍ਹਾਂ ਨੇ ਇੱਕ ਪ੍ਰਗਤੀਸ਼ੀਲ ਮਾਨਸਿਕਤਾ ਦੀ ਲੋੜ ਅਤੇ ਔਰਤਾਂ ਨੂੰ ਆਪਣੇ-ਆਪਣੇ ਖੇਤਰਾਂ ਵਿੱਚ ਆਗੂ ਬਣਨ ਲਈ ਸਸ਼ਕਤ ਬਣਾਉਣ ਵਿੱਚ ਸਿੱਖਿਆ ਦੀ ਭੂਮਿਕਾ 'ਤੇ ਜ਼ੋਰ ਦਿੱਤਾ। ਇਸ ਮੌਕੇ ਯੂਨੀਵਰਸਿਟੀ ਦੇ ਵਿਕਾਸ ਵਿੱਚ ਪਾਏ ਯੋਗਦਾਨ ਲਈ ਡੀਨ, ਡਾਇਰੈਕਟਰ ਅਤੇ ਵਿਭਾਗਾਂ ਦੇ ਮੁਖੀਆਂ ਨੂੰ ਪ੍ਰਸ਼ੰਸਾ ਪੱਤਰ ਨਾਲ ਸਨਮਾਨਿਤ ਕੀਤਾ ਗਿਆ।ਜੀਵਨ ਵਿਗਿਆਨ ਵਿਭਾਗ ਨੇ ਅੰਤਰਰਾਸ਼ਟਰੀ ਕਾਨਫਰੰਸ-2025 ਦੌਰਾਨ ਆਪਣੇ ਫੈਕਲਟੀ ਮੈਂਬਰਾਂ ਨੂੰ ਉਨ੍ਹਾਂ ਦੇ ਸ਼ਾਨਦਾਰ ਕੰਮ ਲਈ ਸਨਮਾਨਿਤ ਵੀ ਕੀਤਾ।ਇਸ ਮੌਕੇ ਸਾਹਿਲ ਕਪੂਰ, ਸੀਨੀਅਰ ਵਾਈਸ ਪ੍ਰੈਜ਼ੀਡੈਂਟ, ਅਤੇ ਹੋਰ ਸੀਨੀਅਰ ਫੈਕਲਟੀ ਮੈਂਬਰ ਵੀ ਮੌਜੂਦ ਸਨ। ਇਹ ਮੌਕੇ ਵਿਦਿਆਰਥੀਆਂ ਦੁਆਰਾ ਇੱਕ ਸੱਭਿਆਚਾਰਕ ਪ੍ਰੋਗਰਾਮ ਅਤੇ ਸਮਾਵੇਸ਼ੀ ਸਮਾਜ ਨੂੰ ਉਤਸ਼ਾਹਿਤ ਕਰਨ 'ਤੇ ਨੁੱਕੜ ਨਾਟਕ ਖੇਡਿਆ ਗਿਆ। ਇਹ ਜਸ਼ਨ ਇੱਕ ਚਰਚਾ ਨਾਲ ਸਮਾਪਤ ਹੋਇਆ ਜਿੱਥੇ ਵਿਦਿਆਰਥੀਆਂ ਅਤੇ ਫੈਕਲਟੀ ਨੇ ਬੁਲਾਰਿਆਂ ਨਾਲ ਗੱਲਬਾਤ ਕੀਤੀ, ਇੱਕ ਵਧੇਰੇ ਸਮਾਵੇਸ਼ੀ ਸਮਾਜ ਨੂੰ ਉਤਸ਼ਾਹਿਤ ਕਰਨ ਲਈ ਵਿਚਾਰ ਸਾਂਝੇ ਕੀਤੇ।

ਨਵਾਂਸ਼ਹਿਰ

ਬਲਾਚੌਰ

ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ) ਜ਼ਿਲ੍ਹਾ ਨਵਾਂਸ਼ਹਿਰ ਵਿਖੇ ਅੰਤਰਰਾਸ਼ਟਰੀ ਇਸਤਰੀ ਦਿਵਸ ਆਂਗਣਵਾੜੀ, ਆਸ਼ਾ ਵਰਕਰ ਸੰਬੰਧਿਤ ਸੀਟੂ ਅਤੇ ਜਨਵਾਦੀ ਇਸਤਰੀ ਸਭਾ ਵਲੋਂ ਸਾਂਝੇ ਤੌਰ 'ਤੇ ਮਨਾਇਆ ਗਿਆ।ਇਸ ਮੌਕੇ ਬਲਜੀਤ ਕੌਰ, ਸੁਨੀਤਾ ਤਲਵੰਡੀ ਤੇ ਅਮਰਜੀਤ ਕੌਰ ਤੇ ਅਧਾਰਿਤ ਪ੍ਰਧਾਨਗੀ ਮੰਡਲ ਬਣਾਇਆ ਗਿਆ।ਇਸ ਇਕੱਠ ਨੂੰ ਸੰਬੋਧਨ ਕਰਦਿਆਂ ਬਲਜੀਤ ਕੌਰ ਤੇ ਸੁਨੀਤਾ ਤਲਵੰਡੀ ਨੇ ਸਾਂਝੇ ਤੌਰ 'ਤੇ ਕਿਹਾ ਕਿ ਕੌਮਾਂਤਰੀ ਮਹਿਲਾ ਦਿਵਸ ਦੀ ਮਹੱਤਤਾ ਨੂੰ ਜਾਨਣਾ ਹਰ ਵਰਗ ਦੀ ਔਰਤ ਲਈ ਜ਼ਰੂਰੀ ਹੈ।ਉਨ੍ਹਾਂ ਨੇ ਇਸ ਦਿਹਾੜੇ ਦੇ ਇਤਿਹਾਸ ਬਾਰੇ ਚਾਨਣਾ ਪਾਇਆ ਅਤੇ ਔਰਤਾਂ ਨੂੰ ਸੰਗਠਨ ਬਣਾ ਕੇ ਇਕਮੁਠ ਹੋ ਕੇ ਸਾਂਝੇ ਸੰਘਰਸ਼ਾਂ ਵਿੱਚ ਕੁੱਦਣ ਲਈ ਪ੍ਰੇਰਿਤ ਕੀਤਾ ਅਤੇ ਮੌਜੂਦਾ ਸਰਕਾਰ ਦੀਆਂ ਗਲਤ ਨੀਤੀਆਂ ਦਾ ਵਿਰੋਧ ਕਰਨ ਦੀ ਅਪੀਲ ਕੀਤੀ।ਇਸ ਮੌਕੇ ਸੀਟੂ ਪੰਜਾਬ ਦੇ ਪ੍ਰਧਾਨ ਸਾਥੀ ਮਹਾਂ ਸਿੰਘ ਰੌੜੀ ਨੇ ਕਿਹਾ ਕਿ ਅੱਜ ਕੌਮਾਂਤਰੀ ਮਹਿਲਾ ਦਿਵਸ 'ਤੇ ਸਾਨੂੰ ਪ੍ਰਣ ਕਰਕੇ ਜਾਣਾ ਚਾਹੀਦਾ ਹੈ ਕਿ ਔਰਤਾਂ ਦੇ ਹੱਕਾਂ ਹਕੂਕਾਂ ਲਈ ਯੂਨੀਅਨਾਂ ਨੂੰ ਮਜ਼ਬੂਤ ਕਰਾਂਗੇ, ਕੁਲ ਹਿੰਦ ਖੇਤ ਮਜਦੂਰ ਯੂਨੀਅਨ ਦੇ ਸੂਬਾ ਪ੍ਰਧਾਨ ਸਾਥੀ ਰਾਮ ਸਿੰਘ ਨੂਰਪੁਰੀ, ਕਿਸਾਨ ਆਗੂ ਚਰਨਜੀਤ ਸਿੰਘ ਦੌਲਤਪੁਰ ਆਂਗਣਵਾੜੀ ਜ਼ਿਲ੍ਹਾ ਪ੍ਰਧਾਨ ਲਖਵਿੰਦਰ ਕੌਰ ਔੜ ਬਲਾਕ ਦੀ ਪ੍ਰਧਾਨ ਇੰਦਰਜੀਤ ਕੌਰ ਬੰਗਾ ਸਰਕਲ ਦੀ ਪ੍ਰਧਾਨ ਜਸਵੀਰ ਕੌਰ ਅਮਰਜੀਤ ਕੌਰ ਹੰਸਰੋਂ, ਕਮਲਜੀਤ ਕੌਰ ਕੋਟਪੱਤੀ, ਜੀਵਨ ਜੋਤੀ ਜੱਸੋਵਾਲ, ਸਰੋਜ ਜਾਨੀਵਾਲ, ਰੇਖਾ ਰਾਣੀ ਮਜੱਫ਼ਰਨਗਰ ਰੀਮਾ ਜਸਵਿੰਦਰ ਜੈਨਪੁਰ, ਕਮਲਜੀਤ ਕੌਰ ਨਵਾਂਸ਼ਹਿਰ ਸੋਮਾ ਬੰਗਾ ਸੁਰਿੰਦਰ ਰੱਕੜ ਬਲਾਚੌਰ ਖੇਤ ਮਜਦੂਰ ਆਗੂ ਅੱਛਰ ਸਿੰਘ ਟੋਰੋਵਾਲ ਤੇ ਸਰਾਧੂ ਰਾਮ ਤਾਜੋਵਾਲ ਹਾਜ਼ਰ ਸਨ।

ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ) ਬੱਬਰ ਅਕਾਲੀ ਮੈਮੋਰੀਅਲ ਖ਼ਾਲਸਾ ਕਾਲਜ ਗੜ੍ਹਸ਼ੰਕਰ ਵਿਖੇ ਪ੍ਰਿੰਸੀਪਲ ਡਾ. ਅਮਨਦੀਪ ਹੀਰਾ ਦੀ ਅਗਵਾਈ ਹੇਠ ਕਾਲਜ ਦੇ ਵੋਮੈਨ ਸੈੱਲ ਅਤੇ ਰੈੱਡ ਰਿਬਨ ਕਲੱਬ ਵਲੋਂ ਸਾਂਝੇ ਤੌਰ 'ਤੇ ਅੰਤਰਰਾਸ਼ਟਰੀ ਮਹਿਲਾ ਦਿਵਸ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਪ੍ਰਿੰਸੀਪਲ ਡਾ. ਅਮਨਦੀਪ ਹੀਰਾ ਨੇ ਸੰਬੋਧਨ ਕਰਦਿਆਂ ਕਿਹਾ ਕਿ ਮਹਿਲਾ ਦਿਵਸ ਨੂੰ ਮਨਾਉਣ ਦਾ ਮੁੱਖ ਉਦੇਸ਼ ਔਰਤਾਂ ਨੂੰ ਉਨ੍ਹਾਂ ਦੇ ਹੱਕਾਂ ਪ੍ਰਤੀ ਜਾਗਰੂਕ ਕਰਨਾ, ਸਮਾਜ ਵਿਚ ਬਰਾਬਰ ਦਾ ਸਥਾਨ ਦਿਵਾਉਣਾ ਅਤੇ ਉਨ੍ਹਾਂ ਦੀ ਸਮਾਜਿਕ, ਆਰਥਿਕ, ਸਭਿਆਚਾਰਕ ਅਤੇ ਰਾਜਨੀਤਿਕ ਖੇਤਰ ਵਿਚ ਉਨ੍ਹਾਂ ਦੀਆਂ ਪ੍ਰਾਪਤੀਆਂ ਨੂੰ ਯਾਦ ਕਰਨਾ ਹੈ। ਇਸ ਮੌਕੇ ਮੁੱਖ ਬੁਲਾਰੇ ਡਾ. ਸੰਧਾ ਗੁਰਬਖਸ਼ ਕੌਰ ਅਤੇ ਪ੍ਰੋ. ਪ੍ਰਿਯੰਕਾ ਰਾਣੀ ਕੰਵਰ ਨੇ ਮਹਿਲਾ ਦਿਵਸ ਸਬੰਧੀ ਵਿਚਾਰ ਸਾਂਝੇ ਕੀਤੇ। ਡਾ. ਸੰਧਾ ਗੁਰਬਖਸ਼ ਕੌਰ ਨੇ ਜਿਥੇ ਔਰਤ ਦਿਵਸ ਦੇ ਇਤਿਹਾਸ 'ਤੇ ਚਾਨਣਾ ਪਾਇਆ ਉਥੇ ਅਜੋਕੇ ਸਮੇਂ ਵਿਚ ਔਰਤ ਦੀ ਸਥਿਤੀ ਅਤੇ ਸਮਾਜਿਕ ਤੌਰ 'ਤੇ ਬਣਦੇ ਹੱਕਾਂ ਅਤੇ ਅਧਿਕਾਰਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ। ਪ੍ਰੋ. ਪ੍ਰਿਯੰਕਾ ਰਾਣੀ ਕੰਵਰ ਨੇ ਕਿਹਾ ਕਿ ਮਹਿਲਾ ਦਿਵਸ ਦੁਨੀਆਂ ਭਰ ਦੀਆਂ ਔਰਤਾਂ ਦੀਆਂ ਮਹੱਤਵਪੂਰਨ ਪ੍ਰਾਪਤੀਆਂ ਨੂੰ ਮਾਨਤਾ ਦੇਣ ਅਤੇ ਉਨ੍ਹਾਂ ਦਾ ਸਨਮਾਨ ਕਰਨ ਦਾ ਦਿਨ ਹੈ ਤਾਂ ਜੋ ਔਰਤ ਆਪਣੇ ਫ਼ਰਜ਼ਾਂ ਨੂੰ ਨਿਭਾਉਂਦਿਆ ਹੋਇਆ ਆਪਣੀ ਹੋਂਦ ਪ੍ਰਤੀ ਵੀ ਜਾਗਰੂਕ ਰਹੇ। ਵੋਮੈਨ ਸੈੱਲ ਦੇ ਕਨਵੀਨਰ ਡਾ. ਜਾਨਕੀ ਅਗਰਵਾਲ ਨੇ ਸਭ ਦਾ ਧੰਨਵਾਦ ਕੀਤਾ ਤੇ ਸੈੱਲ ਵਲੋਂ ਬੁਲਾਰਿਆਂ ਦਾ ਸਨਮਾਨ ਕੀਤਾ ਗਿਆ। ਡਾ. ਹਰਵਿੰਦਰ ਕੌਰ ਨੇ ਸਟੇਜ ਦੀ ਕਾਰਵਾਈ ਚਲਾਈ। ਇਸ ਮੌਕੇ ਪ੍ਰੋ. ਲਖਵਿੰਦਰਜੀਤ ਕੌਰ, ਪ੍ਰੋ. ਕੰਵਰ ਕੁਲਵੰਤ ਸਿੰਘ ਅਤੇ ਸਮੂਹ ਸਟਾਫ਼ ਹਾਜ਼ਰ ਹੋਇਆ।

ਫਿਲੌਰ

ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)— ਸਰਕਾਰੀ ਆਈ ਟੀ ਆਈ ਹੁਸ਼ਿਆਰਪੁਰ ਵਿਖੇ ਪ੍ਰਿੰਸੀਪਲ ਰੁਪਿੰਦਰ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਕਾਰਜਕਾਰੀ ਪ੍ਰਿੰਸੀਪਲ ਗੁਰਨਾਮ ਸਿੰਘ, ਗੁਰਦੇਵ ਸਿੰਘ ਦੀ ਅਗਵਾਈ ਵਿੱਚ ਟ੍ਰੇਨਿੰਗ ਅਫਸਰ ਸ੍ਰੀਮਤੀ ਪੁਨੀਤ ਕੌਰ, ਸ੍ਰੀਮਤੀ ਰਜਵੰਤ ਕੌਰ, ਨੋਡਲ ਅਫਸਰ ਹੰਸ ਰਾਜ ਵਲੋਂ ਵਿਦਿਆਰਥਣਾਂ ਨੂੰ ਪੜ੍ਹ - ਲਿਖ ਕੇ ਆਤਮ ਨਿਰਭਰ ਬਣਨ ਦੇ ਨਾਲ - ਨਾਲ ਆਪਣੇ ਹੱਕਾਂ ਅਤੇ ਅਧਿਕਾਰਾਂ ਪ੍ਰਤੀ ਜਾਗਰੂਕ ਕਰਨ ਲਈ ਅੰਤਰ-ਰਾਸ਼ਟਰੀ ਮਹਿਲਾ ਦਿਵਸ ਮਨਾਇਆ ਗਿਆ। ਇਸ ਮੌਕੇ ਟ੍ਰੇਨਿੰਗ ਅਫਸਰ ਸ੍ਰੀਮਤੀ ਪੁਨੀਤ ਕੋਰ, ਹੰਸ ਰਾਜ, ਮਸਤ ਰਾਮ, ਸ੍ਰੀਮਤੀ ਕਮਲਪ੍ਰੀਤ ਕੌਰ, ਸ੍ਰੀਮਤੀ ਪੁਰਵਿੰਦਰ ਕੌਰ, ਸ੍ਰੀਮਤੀ ਕਮਲਾ, ਰਵੀਨਾ ਨੇ ਘਰ, ਪਰਵਾਰ ਅਤੇ ਸਮਾਜ ਵਿੱਚ ਔਰਤਾਂ ਦੀ ਮਹੱਤਤਾ ਤੋਂ ਜਾਣੂ ਕਰਵਾਉਂਦਿਆਂ ਉਨ੍ਹਾਂ ਨੂੰ ਪੜ੍ਹ- ਲਿਖ ਕੇ ਆਰਥਿਕ ਤੌਰ 'ਤੇ ਮਜਬੂਤ ਹੋਣ, ਸਮਾਜ ਵਿੱਚ ਔਰਤਾਂ ਵਿਰੋਧੀ ਚੱਲ ਰਹੇ ਭਰੂਣ ਹੱਤਿਆ, ਦਹੇਜ ਪ੍ਰਥਾ, ਔਰਤਾਂ ਨਾਲ ਹੋ ਰਹੇ ਵਿਤਕਰੇ ਦਾ ਵਿਰੋਧ ਕਰਨ, ਔਰਤਾਂ ਦੀ ਮਾਨਸਿਕਤਾ ਨੂੰ ਕਮਜ਼ੋਰ ਕਰਨ ਵਾਲੀਆਂ ਰੂੜੀਵਾਦੀ ਪ੍ਰਥਾਵਾਂ ਨੂੰ ਲਾਂਭੇ ਕਰ ਕੇ ਪੂਰੀ ਦ੍ਰਿੜਤਾ ਨਾਲ ਮੰਜ਼ਿਲ ਵੱਲ ਵੱਧਣ ਲਈ ਪ੍ਰੇਰਿਤ ਕੀਤਾ। ਲਵਪ੍ਰੀਤ, ਹਿਨਾ, ਨੇਹਾ, ਸਵੇਤਾ, ਜਸਪ੍ਰੀਤ, ਯਾਸਮੀਨ ਨੇ ਪੋਸਟਰ ਮੇਕਿੰਗ ਅਤੇ ਭਾਸ਼ਣ ਮੁਕਾਬਲੇ ਵਿੱਚ ਭਾਗ ਲਿਆ। ਇਸ ਮੌਕੇ ਟ੍ਰੇਨਿੰਗ ਅਫਸਰ ਸਤਪਾਲ ਸਿੰਘ, ਅਸ਼ਵਨੀ ਕੁਮਾਰ, ਸਤਪਾਲ, ਸ੍ਰੀਮਤੀ ਕੁਲਦੀਪ ਕੌਰ, ਸ੍ਰੀਮਤੀ ਇੰਦਰਜੀਤ ਕੌਰ, ਜਗਦੀਪ ਸਿੰਘ, ਸ੍ਰੀਮਤੀ ਕੁਲਵਿੰਦਰ ਕੌਰ, ਸ੍ਰੀਮਤੀ ਗਰਿਮਾ, ਸ੍ਰੀਮਤੀ ਸੰਗੀਤਾ, ਸ੍ਰੀਮਤੀ ਅੰਜਨਾ ਸਮੇਤ ਸੰਸਥਾ ਦੀਆਂ ਸਿਖਿਆਰਥੀ ਹਾਜਰ ਸਨ।

ਹੁਸ਼ਿਆਰਪੁਰ

ਡੇਰਾਬੱਸੀ (ਵਿਨੈ ਕੁਮਾਰ ਜੈਨ)— ਸਰਕਾਰੀ ਕਾਲਜ ਡੇਰਾਬਸੀ ਵਿਖੇ ਅੰਤਰਰਾਸ਼ਟਰੀ ਮਹਿਲਾ ਦਿਵਸ ਮੌਕੇ ਪ੍ਰੋਗਰਾਮ ਕਰਵਾਇਆ ਗਿਆ। ਐਨ ਐੱਸ ਐੱਸ ਵੱਲੋਂ ਕਰਵਾਏ ਗਏ ਇਸ ਪ੍ਰੋਗਰਾਮ ਮੌਕੇ ਇਤਿਹਾਸ ਵਿਭਾਗ ਦੇ ਪ੍ਰੋ. ਕੋਮਲ ਦਿਓਲ ਨੇ ਮਹਿਲਾ ਦਿਵਸ ਦੇ ਇਤਿਹਾਸਕ ਪਿਛੋਕੜ ਬਾਰੇ ਜਾਣਕਾਰੀ ਦਿੱਤੀ ਅਤੇ ਅੱਜ ਦੇ ਦਿਨ ਦੇ ਮਹੱਤਵ ਉੱਪਰ ਰੌਸ਼ਨੀ ਪਾਈ। ਉਹਨਾਂ ਨੇ ਸੁਖਵਿੰਦਰ ਅੰਮ੍ਰਿਤ ਦੀ ਕਵਿਤਾ ਦੇ ਹਵਾਲੇ ਨਾਲ ਦੱਸਿਆ ਕਿ ਕਿਵੇਂ ਮਰਦ ਪ੍ਰਧਾਨ ਸਮਾਜ ਵਿਚ ਔਰਤਾਂ ਦੀ ਕਾਬਲੀਅਤ ਬੰਦਿਸ਼ਾਂ ਦਾ ਸ਼ਿਕਾਰ ਹੋ ਕੇ ਰਹਿ ਗਈ ਹੈ। ਇਸ ਮੌਕੇ ਵਿਦਿਆਰਥੀ ਲਵਪ੍ਰੀਤ ਸਿੰਘ ਅਤੇ ਵਿਦਿਆਰਥਣ ਅਕਵੰਤ ਕੌਰ ਨੇ ਮਹਿਲਾਵਾਂ ਦੀ ਸਮਾਜ ਵਿਚ ਸਥਿਤੀ ਅਤੇ ਸੰਘਰਸ਼ ਬਾਰੇ ਕਵਿਤਾਵਾਂ ਪੇਸ਼ ਕੀਤੀਆਂ। ਮੰਚ ਸੰਚਾਲਨ ਪ੍ਰੋ. ਅਵਤਾਰ ਸਿੰਘ ਦੁਆਰਾ ਕੀਤਾ ਗਿਆ। ਉਹਨਾਂ ਨੇ ਔਰਤ ਪ੍ਰਤੀ ਸਮਾਜ ਦੀ ਪਿਛਾਖੜੀ ਸੋਚ ਅਤੇ ਵਿਵਹਾਰ ਨੂੰ ਬਦਲਣ ਉੱਪਰ ਜ਼ੋਰ ਦਿੱਤਾ। ਵਿਦਿਆਰਥੀਆਂ ਨੇ ਇਸ ਮੌਕੇ ਸੌਹ ਵੀ ਚੁੱਕੀ। ਕਾਲਜ ਦੇ ਵਾਈਸ ਪ੍ਰਿੰਸੀਪਲ ਪ੍ਰੋ. ਆਮੀ ਭੱਲਾ ਨੇ ਵਿਦਿਆਰਥੀਆਂ ਨੂੰ ਮੁਖਾਤ

10 Mar Page-9.qxd 3/9/2025 9:19 PM Page 1

ਨਸ਼ੇੜੀਆਂ ਦੇ ਮੁੜ ਵਸੇਬੇ ਲਈ ਹਰ ਸੰਭਵ ਮਦਦ ਕੀਤੀ ਜਾਵੇਗੀ : ਡਿਪਟੀ ਕਮਿਸ਼ਨਰ

ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)- ਪੰਜਾਬ ਸਰਕਾਰ ਵਲੋਂ ਸ਼ੁਰੂ ਕੀਤੀ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਤਹਿਤ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਇਥੇ ਸਿਵਲ, ਪੁਲਸ ਪ੍ਰਸ਼ਾਸਨ ਅਤੇ ਸਿਹਤ ਵਿਭਾਗ ਅਧਿਕਾਰੀਆਂ ਤੋਂ ਨਸ਼ਾ ਛੁਡਾਊ ਅਤੇ ਮੁੜ ਵਸੇਬਾ ਕੇਂਦਰਾਂ ਦੀ ਕਾਰਗੁਜਾਰੀ ਦੀ ਸਮੀਖਿਆ ਕਰਦਿਆਂ ਕਿਹਾ ਕਿ ਨਸ਼ੇ ਦੇ ਜਾਲ ਵਿਚ ਫਸ ਚੁੱਕੇ ਵਿਅਕਤੀਆਂ ਦੇ ਮੁੜ ਵਸੇਬੇ ਲਈ ਜ਼ਿਲ੍ਹਾ ਪ੍ਰਸ਼ਾਸਨ ਹਰ ਸੰਭਵ ਮਦਦ ਯਕੀਨੀ ਬਣਾਵੇਗਾ।ਸਥਾਨਕ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਅਧਿਕਾਰੀਆਂ ਨਾਲ ਗੱਲਬਾਤ ਕਰਦਿਆਂ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਕਿਹਾ ਕਿ ਜ਼ਿਲ੍ਹਾ ਨਸ਼ਾ ਮੁਕਤੀ ਅਤੇ ਮੁੜ ਵਸੇਬਾ ਕੇਂਦਰ ਦੀ ਸਮਰਥਾ ਵਧਾਉਣ ਬਾਰੇ ਲੋੜੀਂਦਾ ਪਲਾਨ ਜਲਦ ਤਿਆਰ ਕੀਤਾ ਜਾਵੇ ਤਾਂ ਜੋ ਸਹੂਲਤਾਂ ਵਿਚ ਹੋਰ ਵਾਧਾ ਕਰਕੇ ਨਸ਼ਿਆਂ ਦੇ ਆਦੀ ਵਿਅਕਤੀਆਂ ਨੂੰ ਸਿਹਤਮੰਦ ਜੀਵਨ ਜਾਂਚ ਵੱਲ ਲਿਆਂਦਾ ਜਾ ਸਕੇ। ਉਨ੍ਹਾਂ ਕਿਹਾ ਕਿ ਮੁੜ ਵਸੇਬਾ ਕੇਂਦਰ ਵਿਚ ਨਸ਼ਾ ਮੁਕਤੀ ਦੇ ਉਪਰਾਲਿਆਂ ਤੋਂ ਇਲਾਵਾ ਇਨ੍ਹਾਂ ਵਿਅਕਤੀਆਂ ਲਈ ਹੁਨਰ ਵਿਕਾਸ ਦੀਆਂ ਕਲਾਸਾਂ ਵੀ ਲਾਈਆਂ ਜਾ ਰਹੀਆਂ ਹਨ ਤਾਂ ਕਿ ਨਸ਼ਿਆਂ ਨੂੰ ਤਿਆਗਣ ਉਪਰੰਤ ਇਹ ਵਿਅਕਤੀ ਆਪਣਾ ਕੰਮਕਾਜ ਚਲਾ ਸਕਣ। ਉਨ੍ਹਾਂ ਨੇ ਅਧਿਕਾਰੀਆਂ ਨੂੰ ਸਾਂਝੇ ਤੌਰ 'ਤੇ ਨਸ਼ਾ ਛੁਡਾਊ ਕੇਂਦਰਾਂ ਅਤੇ ਓਟ ਕਲੀਨਿਕਾਂ ਵਿਖੇ ਜਾ ਕੇ ਸਮੁੱਚੀ ਪ੍ਰਕਿਰਿਆ ਨੂੰ ਰੈਗੂਲਰ ਦੇਖਣ ਦੀ ਲੋੜ 'ਤੇ ਜ਼ੋਰ ਦਿੰਦਿਆਂ ਕਿਹਾ ਕਿ ਇਸ ਨਾਲ ਇਨ੍ਹਾਂ ਕੇਂਦਰਾਂ ਵਿਚਲੀਆਂ ਜ਼ਰੂਰਤਾਂ ਨੂੰ ਪੂਰਾ ਕਰਨ ਦੇ ਨਾਲ-ਨਾਲ ਲੋੜੀਂਦੇ ਸੁਧਾਰ ਕੀਤੇ ਜਾ ਸਕਦੇ ਹਨ।ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਨਿਕਾਸ ਕੁਮਾਰ ਤੋਂ ਇਲਾਵਾ ਐਸ.ਡੀ.ਐਮਜ਼ ਅਤੇ ਹੋਰ ਅਧਿਕਾਰੀ ਮੌਜੂਦ ਸਨ।

ਵਿਸ਼ੇਸ਼ ਲੋੜਾਂ ਵਾਲੇ ਬੱਚਿਆਂ ਦੇ ਸੱਭਿਆਚਾਰਕ ਮੁਕਾਬਲਿਆਂ 'ਚ ਮਤਰੇਈ ਮਾਂ ਵਾਲਾ ਸਲੂਕ

ਜਲੰਧਰ (ਰਾਜੇਸ਼ ਥਾਪਾ)- ਪੰਜਾਬ ਸਰਕਾਰ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਸਿੱਖਿਆ ਵਿਭਾਗ ਦੀ ਅਗਵਾਈ ਹੇਠ ਵਿਸ਼ੇਸ਼ ਜ਼ਰੂਰਤਾਂ ਵਾਲੇ ਬੱਚਿਆਂ ਦੇ ਰਾਜ ਪੱਧਰੀ ਸੱਭਿਆਚਾਰਕ ਅਤੇ ਕਲਾ ਖੋਜ ਮੁਕਾਬਲੇ 6 ਮਾਰਚ ਤੋਂ 7 ਮਾਰਚ ਤੱਕ ਹਰਪਾਲ ਟਿਵਾਣਾ ਯਾਦਗਾਰੀ ਕਲਾ ਕੇਂਦਰ ਪਟਿਆਲਾ ਵਿਖੇ ਕਰਵਾਏ ਗਏ, ਜਿਸ ਵਿੱਚ ਵੱਖ ਵੱਖ ਜ਼ਿਲ੍ਹਿਆਂ ਤੋਂ ਵਿਸ਼ੇਸ਼ ਜ਼ਰੂਰਤਾਂ ਵਾਲੇ ਬੱਚਿਆਂ ਅਤੇ ਉਹਨਾਂ ਦੇ ਅਧਿਆਪਕਾਂ ਦੁਆਰਾ ਭਾਗ ਲਿਆ ਗਿਆ। ਪਰ ਨਮੋਸ਼ੀ ਵਾਲੀ ਗੱਲ ਇਹ ਵੇਖਣ ਨੂੰ ਮਿਲੀ ਕਿ ਸਿੱਖਿਆ ਮੰਤਰੀ ਵੱਲੋਂ ਇਸ ਪ੍ਰੋਗਰਾਮ ਵਿੱਚ ਸ਼ਮੂਲੀਅਤ ਨਹੀਂ ਕੀਤੀ ਗਈ ਅਤੇ ਨਾਲ ਹੀ ਜਿੱਥੇ ਡਾ. ਬਲਵੀਰ ਸਿੰਘ ਸਿਹਤ ਮੰਤਰੀ ਪਟਿਆਲਾ ਜ਼ਿਲ੍ਹੇ ਦੇ ਹੋਣ ਕਰਕੇ ਵੀ ਉਹਨਾਂ ਵੱਲੋਂ ਵੀ ਇਸ ਪ੍ਰੋਗਰਾਮ ਵਿੱਚ ਹਾਜ਼ਰੀ ਨਹੀਂ ਦਿੱਤੀ ਗਈ। ਸਿੱਖਿਆ ਵਿਭਾਗ ਦਾ ਵੀ ਸੂਬਾ ਪੱਧਰੀ ਕੋਈ ਉੱਚ ਅਧਿਕਾਰੀ ਵੀ ਇਸ ਪ੍ਰੋਗਰਾਮ ਵਿੱਚ ਹਾਜ਼ਰ ਨਹੀਂ ਹੋਇਆ। ਜਿੱਥੇ ਇਹਨਾਂ ਬੱਚਿਆਂ ਦੇ ਵਿਸ਼ੇਸ਼ ਅਧਿਆਪਕ ਨਿਗੂਣੀਆਂ ਤਨਖਾਹਾਂ ਅਤੇ ਕੱਚੇ ਕਾਮੇ ਦੇ ਤੌਰ 'ਤੇ ਕੰਮ ਕਰ ਰਹੇ ਹਨ ਅਤੇ ਸਰਕਾਰ ਨੂੰ ਪੱਕੇ ਕਰਨ ਦੀ ਗੁਹਾਰ ਲਾ ਰਹੇ ਹਨ ਤੇ ਸਰਕਾਰ ਉਹਨਾਂ ਦੀਆਂ ਜਾਇਜ਼ ਮੰਗਾਂ ਨੂੰ ਦਰਕਿਨਾਰ ਕਰ ਰਹੀ ਹੈ ਜਿਹਨਾਂ ਨੂੰ ਇਸ ਸੂਬਾ ਪੱਧਰੀ ਪ੍ਰੋਗਰਾਮ ਵਿੱਚ ਸਰਕਾਰ ਅਤੇ ਵਿਭਾਗ ਦੇ ਉੱਚ ਅਧਿਕਾਰੀਆਂ ਵੱਲੋਂ ਨਾ ਪਹੁੰਚਣ ਕਰਕੇ ਹੋਰ ਠੇਸ ਲੱਗੀ, ਜਿਸ ਦਾ ਵਿਸ਼ੇਸ਼ ਜ਼ਰੂਰਤਾਂ ਵਾਲੇ ਬੱਚਿਆਂ ਦੇ ਮਾਪਿਆਂ ਅਤੇ ਅਧਿਆਪਕਾਂ ਵਿੱਚ ਰੋਸ ਪਾਇਆ ਜਾ ਰਿਹਾ ਹੈ। ਸਰਕਾਰ ਨੂੰ ਜਲਦ ਹੀ ਇਹਨਾਂ ਅਧਿਆਪਕਾਂ ਦੀਆਂ ਮੰਗਾਂ ਨੂੰ ਪੂਰਾ ਕਰਨਾ ਚਾਹੀਦਾ ਹੈ ਪਰ 125 ਦਿਨਾਂ ਤੋਂ ਮੁੱਖ ਦਫਤਰ ਮੁਹਾਲੀ ਦੇ ਬਾਹਰ ਬੈਠੇ ਹੁਣ ਤੱਕ ਵੀ ਇਹਨਾਂ ਦੀ ਮੰਗਾਂ ਨੂੰ ਪੂਰਾ ਨਹੀਂ ਕੀਤਾ ਗਿਆ।

ਸੈਣੀ ਨੇ ਵਿਧੀਵਤ ਰੂਪ ਨਾਲ 37ਵੇਂ ਬਸੰਤ ਉਤਸਵ ਦੀ ਕੀਤੀ ਸ਼ੁਰੂਆਤ

ਚੰਡੀਗੜ੍ਹ, (ਕ੍ਰਿਸ਼ਨ ਗਰਗ)- ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਪੰਚਕੂਲਾ ਦੇ ਸੈਕਟਰ ਪੰਜ ਸਥਿਤ ਟਾਊਨ ਪਾਰਕ ਵਿਚ ਵਿਧੀਵਤ ਰੂਪ ਨਾਲ 37ਵੇਂ ਬਸੰਤ ਉਤਸਵ ਦੀ ਸ਼ੁਰੂਆਤ ਕੀਤੀ।ਇਸ ਦੋ ਦਿਨਾਂ ਦੇ ਬਸੰਤ ਉਤਸਵ ਦਾ ਪ੍ਰਬੰਧ ਪੰਚਕੂਲਾ ਮੈਟਰੋਪੋਲੀਟਨ ਡਿਵੇਲਪਮੈਂਟ ਅਥਾਰਿਟੀ ਵੱਲੋਂ ਕੀਤਾ ਜਾ ਰਿਹਾ ਹੈ।ਇਸ ਮੌਕੇ ਮੁੱਖ ਮੰਤਰੀ ਨੇ ਮੌਜੂਦ ਜਨਤਾ ਨੂੰ ਵਧਾਈ ਅਤੇ ਸ਼ੁੱਭਕਾਮਨਾਵਾਂ ਦਿੰਦੇ ਹੋਏ ਕਿਹਾ ਕਿ ਭਾਰਤ ਦੁਨੀਆ ਦਾ ਅਜਿਹਾ ਸੂਬਾ ਹੈ ਜਿਸ ਵਿਚ ਅਨੇਕ ਰੁੱਤਾਂ ਦਾ ਸੰਗਮ ਹੈ ਅਤੇ ਹਰ ਰੁੱਤ ਦਾ ਆਪਣਾ ਮਹਤੱਵ ਹੈ। ਇੱਥੇ ਹਰੇਕ ਰੁੱਤ ਦੇ ਆਉਣ 'ਤੇ ਕੋਈ ਨਾ ਕੋਈ ਉਤਸਵ ਮਨਾਇਆ ਜਾਂਦਾ ਹੈ।ਇਸੀ ਲੜੀ ਵਿਚ ਬਸੰਤ ਦੇ ਆਉਣ 'ਤੇ ਇੱਥੇ 37ਵੇਂ ਬਸੰਤ ਉਤਸਵ ਦਾ ਪ੍ਰਬੰਧ ਸਾਡੀ ਸਭਿਆਚਾਰਕ ਵਿਰਾਸਤ ਦਾ ਪ੍ਰਤੀਕ ਹੈ।ਮੁੱਖ ਮੰਤਰੀ ਨੇ ਕਿਹਾ ਕਿ ਪੰਚਕੂਲਾ ਸ਼ਿਵਾਲਿਕ ਦੀ ਤਲਹਟੀ ਅਤੇ ਮਾਤਾ ਮਨਸਾ ਦੇਵੀ ਦੇ ਚਰਣਾਂ ਵਿਚ ਵਸਿਆ ਆਧੁਨਿਕ ਸ਼ਹਿਰ ਹੈ। ਕੁਦਰਤੀ ਸੁੰਦਰਤਾ ਅਤੇ ਸੁਚਾਰੂ ਵਿਕਾਸ ਲਈ ਪੰਚਕੂਲਾ ਸ਼ਹਿਰ ਜਾਣਿਆ ਜਾਂਦਾ ਹੈ। ਸ੍ਰੀ ਨਾਇਬ ਸਿੰਘ ਸੈਣੀ ਨੇ ਫੇਸਟੀਵਲ ਵਿਚ ਫੁੱਲਾਂ ਦੀ ਵੱਖ-ਵੱਖ ਕਿਸਮਾਂ ਦਾ ਅਵਲੋਕਨ ਕਰਨ ਦੇ ਨਾਲ-ਨਾਲ ਪੌਧਾਰੋਪਣ ਵੀ ਕੀਤਾ। ਉਨ੍ਹਾਂ ਨੇ ਕਿਹਾ ਕਿ ਇਸ ਫੈਸਟੀਵਲ ਵਿਚ ਸਕੂਲੀ ਬੱਚਿਆਂ ਵੱਲੋਂ ਪੇਂਟਿੰਗ, ਫੈਂਸੀ ਡਰੈਸ, ਰੰਗੋਲੀ, ਚਿੱਤਰਕਲਾ, ਲੋਕ ਨਾਚ, ਲੋਕ ਕਲਾਕਾਰਾਂ ਦੀ ਪੇਸ਼ਗੀ ਸਮੇਤ ਵੱਖ-ਵੱਖ ਪ੍ਰੋਗਰਾਮਾਂ ਦਾ ਪ੍ਰਬੰਧ ਕੀਤਾ ਗਿਆ ਹੈ।

ਲਾਇਨਜ਼ ਕਲੱਬ ਨੇ ਲਗਾਇਆ ਆਯੁਰਵੈਦਿਕ ਚੈੱਕਅਪ ਕੈਂਪ

ਡੇਰਾਬੱਸੀ (ਵਿਨੈ ਕੁਮਾਰ ਜੈਨ)— ਲਾਇਨਜ਼ ਕਲੱਬ ਡੇਰਾਬੱਸੀ ਦੁਆਰਾ ਸ਼ਾਰਦਾ ਮਾਤਾ ਮੰਦਰ ਟਰੱਸਟ ਦੇ ਨਾਲ ਮਿਲ ਕੇ ਸਥਾਨਕ ਸਾਧੂ ਨਗਰ ਵਿੱਚ ਸ਼ਾਰਦਾ ਮਾਤਾ ਮੰਦਰ ਵਿੱਚ

ਆਯੁਰਵੇਦਿਕ ਹੈਲਥ ਚੈਕਅੱਪ ਕੈਂਪ ਲਗਾਇਆ ਗਿਆ। ਇਸ ਕੈਂਪ ਵਿੱਚ 220 ਤੋਂ ਵੱਧ ਲੋਕਾਂ ਦੀ ਸਿਹਤ ਦੀ ਜਾਂਚ ਕੀਤੀ ਗਈ।ਕੈਂਪ ਦੌਰਾਨ ਜੋੜਾਂ ਦੇ ਦਰਦ, ਗੰਜਾਪਨ, ਬੀ.ਪੀ., ਸ਼ੂਗਰ, ਸਰਵਾਇਕਲ, ਇਸਤਰੀ ਰੋਗਾਂ ਸਮੇਤ ਹੋਰ ਕਈ ਪ੍ਰਕਾਰ ਦੀਆਂ ਬਿਮਾਰੀਆਂ ਦੀ ਜਾਂਚ ਕੀਤੀ ਗਈ।ਨੇਚਰ ਆਯੁਰਵੇਦ ਸੋਨੀਪਤ ਤੋਂ ਆਈ ਡਾਕਟਰਾਂ ਦੀ ਟੀਮ ਦੁਆਰਾ ਇਹ ਚੈੱਕਅੱਪ ਕੀਤਾ ਗਿਆ। ਇਸ ਮੌਕੇ 'ਤੇ ਆਏ ਡਾਕਟਰਾਂ ਨੇ ਕਿ ਕਿਹਾ ਕਿ ਅਸੀਂ ਆਯੁਰਵੇਦ ਤੋਂ ਆਪਣੀ ਹਰ ਬਿਮਾਰੀ ਨੂੰ ਜੜ੍ਹ ਤੋਂ ਖਤਮ ਕਰ ਸਕਦੇ ਹਾਂ। ਉਨ੍ਹਾਂ ਦੱਸਿਆ ਕਿ ਮਰੀਜ਼ ਦੀ ਨਬਜ਼ ਦੇਖ ਕੇ ਰੋਗੀ ਨੂੰ ਬਿਲਕੁੱਲ ਤੰਦਰੁਸਤ ਬਣਾਇਆ ਜਾਂਦਾ ਹੈ। ਇਸ ਦੇਸੀ ਦਵਾਈ ਤੋਂ ਕੋਈ ਵੀ ਨੁਕਸਾਨ ਨਹੀਂ ਹੁੰਦਾ। ਇਸ ਮੌਕੇ 'ਤੇ ਲਾਇਸਨਜ਼ ਕਲੱਬ ਦੇ ਪ੍ਰਧਾਨ ਨਿਤਿਨ ਜਿੰਦਲ ਡਾਕਟਰ ਬਰਖਾ ਰਾਮ ਤੁਸ਼ਾਰ ਕੌਸ਼ਿਕ ਆਦਿ ਹਾਜ਼ਰ ਸਨ।

ਕਾਲਜ ਵਿਖੇ ਮਹਿਲਾ ਦਿਵਸ ਮਨਾਇਆ

ਕਰਤਾਰਪੁਰ (ਹਰਮੇਸ਼ ਦੱਤ) ਓਮ ਪ੍ਰਕਾਸ਼ ਮੈਮੋਰੀਅਲ ਇੰਚਟੀਚਿਊਟ ਆਫ਼ ਐਜੂਕੇਸ਼ਨ ਦਿਆਲਪੁਰ ਵਿਖੇ ਮਹਿਲਾ ਦਿਵਸ ਮਨਾਇਆ ਗਿਆ। ਪ੍ਰੋ. ਰਣਜੀਤ ਬੈਂਸ ਵੱਲੋਂ ਵਿਦਿਆਰਥੀਆਂ ਨੂੰ ਮਹਿਲਾ ਦਿਵਸ ਦੀ ਮਹੱਤਤਾ ਬਾਰੇ ਜਾਗਰੂਕ ਕੀਤਾ ਅਤੇ ਦੱਸਿਆ ਕਿ ਕਿਸ ਤਰ੍ਹਾਂ ਹਰ ਖੇਤਰ ਵਿੱਚ ਮਹਿਲਾਵਾਂ ਵੱਲੋਂ ਵੱਧ ਤੋਂ ਵੱਧ ਯੋਗਦਾਨ ਪਾਇਆ ਜਾ ਰਿਹਾ ਹੈ। ਵਿਦਿਆਰਥੀਆਂ ਨੇ ਕਵਿਤਾਵਾਂ ਅਤੇ ਭਾਸ਼ਣ ਕਲਾ ਰਾਹੀਂ ਸਮਾਜ ਵਿੱਚ ਮਹਿਲਾਵਾਂ ਦੀ ਭੂਮਿਕਾ ਨੂੰ ਪੇਸ਼ ਕੀਤਾ। ਇਸ ਮੌਕੇ ਵਿਦਿਆਰਥੀਆਂ ਦੇ ਨਾਲ ਸਮੂਹ ਕਾਲਜ ਸਟਾਫ਼ ਮੌਜੂਦ ਸੀ।

ਅੱਖਾਂ ਦੇ ਅਪ੍ਰੇਸ਼ਨਾਂ ਲਈ ਤੇ ਜਨਰਲ ਮੈਡੀਕਲ ਕੈਂਪ ਲਗਾਇਆ

ਬੰਗਾ (ਅਵਤਾਰ ਕਲੇਰ) ਪੰਜਾਬੀ ਗਾਇਕ ਰੇਸ਼ਮ ਸਿੰਘ ਰੇਸ਼ਮ ਯੂਐਸਏ ਵਲੋਂ ਨਿਰਮਲ ਕੁਟੀਆ ਖਟਕੜ ਖੁਰਦ ਵਿਖੇ ਆਪਣੀ ਦਾਦੀ ਬਲਵੰਤ ਕੌਰ ਵੜੈਚ ਅਤੇ ਮਾਤਾ ਨਛੱਤਰ ਕੌਰ ਵੜੈਚ ਦੀ ਯਾਦ ਵਿੱਚ ਡਾ.ਅੰਬੇਡਕਰ ਚੇਤਨਾ ਸੁਸਾਇਟੀ ਬੰਗਾ ਅਤੇ ਬਾਬਾ ਜਵਾਹਰ ਸਿੰਘ ਸੇਵਾ ਸੁਸਾਇਟੀ ਖਟਕੜ ਖੁਰਦ ਦੇ ਸਹਿਯੋਗ ਨਾਲ ਅੱਖਾਂ ਦਾ ਵਿਸ਼ਾਲ ਅਪ੍ਰੇਸ਼ਨ ਕੈਂਪ ਅਤੇ ਜਨਰਲ ਮੈਡੀਕਲ ਕੈਂਪ ਲਗਾਇਆ ਗਿਆ। ਅੱਖਾਂ ਦੇ ਕੈਂਪ ਵਿੱਚ 687 ਮਰੀਜ਼ਾਂ ਦਾ ਚੈਕਅੱਪ ਕੀਤਾ ਗਿਆ। ਜਿਹਨਾਂ ਵਿੱਚੋਂ 142 ਨੂੰ ਅਪ੍ਰੇਸ਼ਨ ਲਈ ਚੁਣਿਆ ਗਿਆ। ਜੈਗ ਲੇਜ਼ਰ ਲਈ 65 ਮਰੀਜ਼ਾਂ ਨੂੰ ਚੁਣਿਆ ਗਿਆ। ਮਰੀਜ਼ਾਂ ਨੂੰ ਮੁਫਤ ਦਵਾਈਆਂ ਅਤੇ 232 ਮਰੀਜ਼ਾਂ ਨੂੰ ਐਨਕਾਂ ਦਿੱਤੀਆਂ ਗਈਆਂ। ਕੈਂਪ ਦਾ ਉਦਘਾਟਨ ਡਾ. ਵੇਦ ਪ੍ਰਕਾਸ਼, ਜਸਵਿੰਦਰ ਜੱਸੀ ਅਤੇ ਡਾ. ਜੇ ਐਲ ਸੇਠ ਨੇ ਸਾਂਝੇ ਤੌਰ 'ਤੇ ਫੀਤਾ ਕੱਟ ਕੇ ਕੀਤਾ ਗਿਆ। ਅੱਖਾਂ ਦੀ ਜਾਂਚ ਡਾ. ਦੇਵ ਅਸ਼ੀਸ਼ ਸੇਠ ਹਸਪਤਾਲ ਬੰਗਾ ਦੀ ਟੀਮ ਵਲੋਂ ਕੀਤੀ ਗਈ। ਜਨਰਲ ਜਾਂਚ ਕੈਂਪ ਵਿੱਚ ਡਾ.ਕਸ਼ਮੀਰ ਚੰਦ ਜਨਰਲ ਸਰਜਨ , ਡਾ.ਨਵਨੀਤ ਸਹਿਗਲ ਡਾ.ਸੁਖਵਿੰਦਰ ਸਿੰਘ ਹੀਰਾ ਸਾਬਕਾ ਸਿਵਲ ਸਰਜਨ, ਡਾ.ਅਮਰੀਕ ਸਿੰਘ ਬੱਚਿਆਂ ਦੇ ਮਾਹਿਰ ਵਲੋਂ ਕੀਤੀ ਗਈ। ਜਨਰਲ ਕੈਂਪ ਵਿੱਚ 380 ਮਰੀਜ਼ਾਂ ਦੀ ਜਾਂਚ ਕੀਤੀ ਗਈ। ਕੈਂਪ ਦੇ ਮੁੱਖ ਪ੍ਰਬੰਧਕ ਲੈਕਚਰਾਰ ਸ਼ੰਕਰ ਦਾਸ ਪ੍ਰਧਾਨ ਬਾਬਾ ਜਵਾਹਰ ਸਿੰਘ ਸੇਵਾ ਸੁਸਾਇਟੀ ਖਟਕੜ ਖੁਰਦ ਅਤੇ ਡਾ. ਵੇਦ ਪ੍ਰਕਾਸ਼ ਨੇ ਦੱਸਿਆ ਕਿ ਗਾਇਕ ਰੇਸ਼ਮ ਸਿੰਘ ਰੇਸ਼ਮ ਵਲੋਂ ਹੋਰ ਬਹੁਤ ਸਾਰੇ ਸੇਵਾ ਦੇ ਕਾਰਜ ਕੀਤੇ ਜਾਂਦੇ ਹਨ। ਕੈਂਪ 'ਚ ਰੇਸ਼ਮ ਸਿੰਘ ਰੇਸ਼ਮ ਕਿਸੇ ਨਿਜੀ ਰੁਝੇਵਿਆਂ ਕਾਰਨ ਅਮਰੀਕਾ ਤੋਂ ਪਹੁੰਚ ਨਹੀਂ ਸਕੇ। ਇਸ ਕੈਂਪ ਨੂੰ ਸਫਲ ਬਣਾਉਣ ਲਈ ਸੁਰਿੰਦਰ ਮੋਹਨ ,ਹਰਜਿੰਦਰ ਸਿੰਘ,ਜਗਦੀਪ ਸਿੰਘ, ਸਰਬਜੀਤ ਕੌਰ, ਜਸਵੀਰ ਕੌਰ, ਸੁਖਵਿੰਦਰ ਕੌਰ, ਮਨਜੀਤ ਕੌਰ ,ਕੁਲਜੀਤ ਕੌਰ, ਚਰਨਜੀਤ ਕੌਰ, ਪ੍ਰਿੰਸੀਪਲ ਸੰਤੋਖ ਦਾਸ, ਗਗਨ ਵੜੈਚ,ਤੇਜਵੀਰ ਸਿੰਘ, ਤਰਨਦੀਪ, ਮਨਦੀਪ ਸਿੰਘ,ਇਕਬਾਲ ਸਿੰਘ ਜੱਥੋਵਾਲ, ਪ੍ਰੇਮ ਸਿੰਘ ਸੂਰਾਪੁਰੀ,ਸਤਨਾਮ ਵੜੈਚ,ਮੈਨੇਜਰ ਸੇਵਾ ਦਾਸ, ਚੰਨਣ ਸਿੰਘ ਫੌਜੀ ,ਸੁਭਾਸ਼ ਸੱਲਵੀ, ਦਵਿੰਦਰ ਸਿੰਘ,ਹਰਬਲਾਸ ਬੰਗਾ ,ਬਲਿਹਾਰ ਚੰਦ, ਰਵਿੰਦਰ ਰਵੀ,ਅਮਰੀਕ ਕੌਰ ਸਰਪੰਚ ਆਦਿ ਹਾਜ਼ਰ ਸਨ।

ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਬੜਾ ਪਿੰਡ ਨੂੰ 'ਉੱਤਮ ਸਕੂਲ ਪੁਰਸਕਾਰ' ਮਿਲਿਆ

ਗੁਰਾਇਆ (ਬਿੰਦਰ ਸੁੰਮਨ)- ਰਾਜ ਦੇ ਉੱਤਮ ਪ੍ਰਾਇਮਰੀ, ਮਿਡਲ, ਹਾਈ ਅਤੇ ਸੀਨੀਅਰ ਸੈਕੰਡਰੀ ਸਕੂਲਾਂ ਨੂੰ ਸਨਮਾਨਿਤ ਕਰਨ ਲਈ 'ਬੈਸਟ ਸਕੂਲ ਐਵਾਰਡ 2024-25' ਸਮਾਰੋਹ ਦਾ ਆਯੋਜਨ ਚੰਡੀਗੜ੍ਹ ਵਿਖੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਦੀ ਰਹਿਨੁਮਾਈ ਹੇਠਾਂ ਕਰਵਾਇਆ ਗਿਆ। ਇਸ ਐਵਾਰਡ ਦੇ ਤਹਿਤ ਪੰਜਾਬ ਸਰਕਾਰ ਵਲੋਂ ਸੈਕੰਡਰੀ ਸਕੂਲ ਨੂੰ 1000000 (ਦੱਸ ਲੱਖ) ਰੁਪਏ ਦੀ ਰਾਸ਼ੀ ਇਨਾਮ ਵਜੋਂ ਦਿੱਤੀ ਜਾਣੀ ਹੈ। ਸਕੂਲ ਸਿੱਖਿਆ ਵਿਭਾਗ ਪੰਜਾਬ ਵਲੋਂ ਪੰਜਾਬ ਰਾਜ ਦੇ ਜ਼ਿਲ੍ਹਾ ਜਲੰਧਰ ਵਿਚ ਸ਼ਲਾਘਾਯੋਗ ਕਾਰਗੁਜ਼ਾਰੀ ਵਾਲੇ ਸਰਕਾਰੀ ਕੰਨਿਆਂ ਸੀਨੀਅਰ ਸੈਕੰਡਰੀ ਸਕੂਲ ਬੜਾ ਪਿੰਡ ਨੂੰ ਸਾਲ 2024-25 ਲਈ ਬੈਸਟ ਸਕੂਲ ਐਵਾਰਡ ਨਾਲ ਨਿਵਾਜਿਆ ਗਿਆ। ਸਕੂਲ ਇੰਚਾਰਜ ਵਿਸ਼ਵਿੰਦਰ ਦੱਤ ਨੇ ਦੱਸਿਆ ਕਿ ਸਿੱਖਿਆ ਮੰਤਰੀ ਬੈਂਸ ਦੀ ਸੁਚਾਰੂ ਸੋਚ ਅਤੇ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ. ਸਿ.) ਜਲੰਧਰ ਡਾ. ਸ੍ਰੀਮਤੀ ਗੁਰਿੰਦਰਜੀਤ ਕੌਰ ਦੀ ਯੋਗ ਅਗਵਾਈ ਹੇਠ ਸਕੂਲ ਵਿਖੇ ਵਿਦਿਆਰਥੀਆਂ ਦੀਆਂ ਅਕਾਦਮਿਕ ਅਤੇ ਸਹਿ-ਅਕਾਦਮਿਕ ਪ੍ਰਾਪਤੀਆਂ ,ਅਧਿਆਪਕਾਂ ਦੀ ਕਾਰਗੁਜ਼ਾਰੀ ਅਤੇ ਸਕੂਲ ਦੇ ਬੁਨਿਆਦੀ ਢਾਂਚੇ ਦੇ ਮੁਲਾਂਕਣ ਅਨੁਸਾਰ ਸਕੂਲ ਨੂੰ 2024-25 ਲਈ 'ਉੱਤਮ ਸਕੂਲ ਪੁਰਸਕਾਰ' ਨਾਲ ਸਨਮਾਨਿਤ ਕੀਤਾ ਗਿਆ। ਇਸ ਸਮਾਰੋਹ ਵਿਚ 'ਬੈਸਟ ਸਕੂਲ ਐਵਾਰਡ' ਪ੍ਰਾਪਤ ਕਰਨ ਲਈ ਸਕੂਲ ਇੰਚਾਰਜ ਵਿਸ਼ਵਿੰਦਰ ਦੱਤ ਅਤੇ ਮਾਨਯੋਗ ਜ਼ਿਲ੍ਹਾ ਸਿੱਖਿਆ (ਸੈ. ਸਿ.) ਜਲੰਧਰ ਡਾ. ਸ੍ਰੀਮਤੀ ਗੁਰਿੰਦਰਜੀਤ ਕੌਰ ਪੁੱਜੇ ਹੋਏ ਸਨ।

ਨਾਇਬ ਸਿੰਘ ਸੈਣੀ ਨੇ ਸਤਪਾਲ ਸਾਂਗਵਾਨ ਨੂੰ ਦਿੱਤੀ ਸ਼ਰਧਾਂਜਲੀ

ਚੰਡੀਗੜ੍ਹ, (ਕ੍ਰਿਸ਼ਨ ਗਰਗ) ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਐਤਵਾਰ ਨੂੰ ਸਾਬਕਾ ਮੰਤਰੀ ਸਤਪਾਲ ਸਾਂਗਵਾਨ ਨੂੰ ਸ਼ਰਧਾਂਜਲੀ ਦੇਣ ਲਈ ਉਨ੍ਹਾਂ ਦੇ ਦਾਦਰੀ ਸਥਿਤ ਆਵਾਸ 'ਤੇ ਪਹੁੰਚੇ।ਮੁੱਖ ਮੰਤਰੀ ਨੇ ਸੁਰਗਵਾਸੀ ਸਤਪਾਲ ਸਾਂਗਵਾਨ ਦੀ ਧਰਮਪਤੀ, ਉਨ੍ਹਾਂ ਦੇ ਸਪੁੱਤਰ ਵਿਧਾਇਕ ਸੁਨੀਲ ਸਾਂਗਵਾਨ ਅਤੇ ਪੂਰੇ ਪਰਵਾਰ ਨਾਲ ਸੰਵੇਦਨਾ ਵਿਅਕਤੀ ਕੀਤੀ।ਮੁੱਖ ਮੰਤਰੀ ਨੇ ਸੋਗ ਸੰਦੇਸ਼ ਵਿੱਚ

10-MAR-PAGE-10.qxd 3/9/2025 8:49 PM Page 1

ਪਾਵਰਕਾਮ ਟਰਾਂਸਕੋ ਪੈਨਸ਼ਨਰਜ਼ ਯੂਨੀਅਨ ਮੰਗਾਂ ਦੀ ਪ੍ਰਾਪਤੀ ਲਈ ਤਿੱਖਾ ਸੰਘਰਸ਼ ਵਿੱਢੇਗੀ : ਨਾਹਰ, ਕੈਲਾ

ਮੋਗਾ (ਇਕਬਾਲ ਸਿੰਘ ਖਹਿਰਾ)

ਪਾਵਰਕਾਮ ਟਰਾਂਸਕੋ ਪੈਨਸ਼ਨਰਜ਼ ਯੂਨੀਅਨ ਮੋਗਾ ਦੇ ਸ਼ਹਿਰੀ ਤੇ ਦਿਹਾਤੀ ਯੂਨਿਟ ਦੀ ਮਹੀਨਾਵਾਰ ਮੀਟਿੰਗ ਪੈਨਸ਼ਨਰ ਸੀਨੀਅਰ ਨੇਤਾ ਦਿਆਲ ਸਿੰਘ ਕੈਲਾ ਤੇ ਗੁਰਮੇਲ ਸਿੰਘ ਨਾਹਰ ਦੀ ਸਾਂਝੀ ਪ੍ਰਧਾਨਗੀ ਹੇਠ ਸ਼ਹੀਦ ਕਾਮਰੇਡ ਨਛੱਤਰ ਸਿੰਘ ਧਾਲੀਵਾਲ ਯਾਦਗਾਰੀ ਭਵਨ ਦੇ ਸ਼ਹੀਦ ਸਤੀਸ਼ ਲੂੰਬਾ ਭਵਨ ਵਿਖੇ ਹੋਈ।ਇਸ ਮੌਕੇ ਸੂਬਾ ਪੱਧਰੀ ਯੂਨੀਅਨ ਨੇਤਾ ਗੁਰਮੇਲ ਸਿੰਘ ਨਾਹਰ ਸਕੱਤਰ, ਦਿਆਲ ਸਿੰਘ ਕੈਲਾ ਪ੍ਰਧਾਨ, ਗੁਰਮੀਤ ਸਿੰਘ ਧਾਲੀਵਾਲ, ਜਸਵਿੰਦਰ ਸਿੰਘ, ਜੋਗਿੰਦਰ ਸਿੰਘ, ਸਵਰਨਜੀਤ ਸਿੰਘ ਨਾਹਰ, ਤੇਜਾ ਸਿੰਘ ਬਰਾੜ ਤੇ ਯੂਨੀਅਨ ਦੇ ਹੋਰ ਨੇਤਾਵਾਂ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਪੈਨਸ਼ਨਰ ਦੀਆਂ ਜਾਇਜ਼ ਮੰਗਾਂ ਤੇ ਪੰਜਾਬ ਸਰਕਾਰ ਤੇ ਪਾਵਰਕਾਮ ਟ੍ਰਾਂਸਕੋ ਮੈਨੇਜਮੈਂਟ ਦੀ ਡੰਗ ਟਪਾਊ ਨੀਤੀ ਸਬੰਧੀ ਵਿਰੋਧ ਪ੍ਰਗਟ ਕੀਤਾ। ਇਸ ਤੋਂ ਇਲਾਵਾ ਪੰਜਾਬ ਸਰਕਾਰ ਨੇ ਦਿੱਲੀ ਦੀ ਕਰਾਰੀ ਹਾਰ ਤੋਂ ਬਾਅਦ ਤੇ ਮਾਣਨਯੋਗ ਉੱਚ ਅਦਾਲਤਾਂ ਦੀ ਸਖ਼ਤ ਤਾੜਨਾ ਤੋਂ ਬਾਅਦ ਅੰਦਾਜ਼ਨ 14000 ਕਰੋੜ ਰੁਪਏ ਦੇ ਰੀਵਾਇਜਡ ਪੈਨਸ਼ਨ ਤੇ ਤਣਖਾਹ, ਮੰਹਿਗਾਈ ਭੱਤੇ ਦੇ ਬਕਾਏ ਬੇਤਹਾਸ਼ਾ ਕਿਸ਼ਤਾਂ ਵਿੱਚ ਦੇਣ ਲਈ ਪੈਨਸ਼ਨਰਜ਼ ਤੇ ਮੁਲਾਜ਼ਮਾਂ ਨਾਲ ਕੋਝਾ ਮਜ਼ਾਕ ਕੀਤਾ ਹੈ, ਜਿਸ ਦਾ ਸਮੂਹ ਜਥੇਬੰਦਿਆਂ ਨੇ ਸਖਤ ਸ਼ਬਦਾਂ ਵਿੱਚ ਨਿਖੇਧੀ ਕਰਦਿਆਂ ਇਸ ਤੋਹਫ਼ੇ ਨੂੰ ਸਿਰੇ ਤੋਂ ਨਕਾਰ ਦਿੱਤਾ ਹੈ।ਇਸ ਦੇ ਨਾਲ ਨਾਲ ਪੰਜਾਬ ਸਰਕਾਰ ਤੇ ਮੈਨੇਜਮੈਂਟ ਵੱਲੋਂ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਜਾਇਜ਼ ਮੰਗਾਂ ਨੂੰ ਵਿਚਾਰਨ ਲਈ ਮੀਟਿੰਗ ਦਾ ਸਮਾਂ ਦੇ ਕੇ ਲੰਬਿਤ/ਰੱਦ ਕਰ ਦਿੱਤਾ ਜਾਂਦਾ ਹੈ।ਇਸ ਤੋਂ ਸਪੱਸ਼ਟ ਹੈ ਕਿ ਪੰਜਾਬ ਸਰਕਾਰ ਤੇ ਪਾਵਰਕਾਮ ਮੈਨੇਜਮੈਂਟ ਕਰਮਚਾਰੀਆਂ ਤੇ ਪੈਨਸ਼ਨਰਾਂ ਦੀਆਂ ਜਾਇਜ਼ ਮੰਗਾਂ ਨੂੰ ਗੰਭੀਰਤਾ ਨਾਲ ਨਹੀਂ ਲੈ ਰਹੀ ਅਤੇ ਪਿਛਲੇ ਕਾਫੀ ਲੰਬੇ ਸਮੇਂ ਤੋਂ ਟਾਲ ਮਟੋਲ ਦੀ ਨੀਤੀ ਅਪਣਾ ਰਹੀ ਹੈ।ਕਰਮਚਾਰੀ ਤੇ ਪੈਨਸ਼ਨਰਜ਼ ਵੱਲੋਂ ਪੰਜਾਬ ਸਰਕਾਰ ਦੀਆਂ ਪੈਨਸ਼ਨਰ ਵਿਰੋਧੀ ਨੀਤੀਆਂ ਤੋਂ ਤੰਗ ਆ ਕੇ ਉੱਚ ਅਦਾਲਤਾਂ ਤੋਂ ਨਿਆ ਪ੍ਰਾਪਤ ਕਰਨ ਲਈ ਰਿੱਟ ਪਟੀਸ਼ਨਾਂ ਦਾਖਲ ਕੀਤੀਆਂ ਜਾ ਰਹੀਆਂ ਹਨ ਤੇ ਮਾਨਯੋਗ ਉੱਚ ਅਦਾਲਤਾਂ ਵੱਲੋਂ ਕਰਮਚਾਰੀਆਂ ਤੇ ਪੈਨਸ਼ਨਰਾਂ ਦੇ ਹੱਕ ਵਿੱਚ ਫੈਸਲਾ ਦੇਣ ਦੇ ਬਾਵਜੂਦ ਪੰਜਾਬ ਸਰਕਾਰ ਇਨ੍ਹਾਂ ਨੂੰ ਲਾਗੂ ਕਰਨ ਦੀ ਬਜਾਏ ਅਗਲੀਆਂ ਉੱਚ ਅਦਾਲਤਾਂ ਵਿੱਚ ਡਬਲ ਬੈਂਚ ਵਿੱਚ ਅਪੀਲਾਂ ਦਾਇਰ ਕਰਕੇ ਸਮਾਂ ਟਪਾਉਣ ਦੀ ਕੋਸ਼ਿਸ਼ ਕਰ ਰਹੀ ਹੈ, ਜਿਸ ਤੋਂ ਸਪੱਸ਼ਟ ਹੈ ਕਿ ਸਰਕਾਰ ਆਪਣੇ ਕੀਤੇ ਹੋਏ ਵਾਅਦਿਆਂ ਤੇ ਜਾਇਜ਼ ਮੰਗਾਂ ਨੂੰ ਮੰਨਣ ਲਈ ਤਿਆਰ ਨਹੀਂ ਹੈ।ਆਮ ਆਦਮੀ ਪਾਰਟੀ ਦੀ ਪੰਜਾਬ ਸਰਕਾਰ ਨੂੰ ਇਹ ਚੰਗੀ ਤਰ੍ਹਾਂ ਸਮਝ ਲੈਣਾ ਚਾਹੀਦਾ ਹੈ ਕਿ ਜੇਕਰ ਸਰਕਾਰ ਪੈਨਸ਼ਨਰਜ਼ ਤੇ ਮੁਲਾਜ਼ਮਾਂ ਪ੍ਰਤੀ ਗੰਭੀਰ ਨਾ ਹੋਈ ਤਾਂ 2027 ਦੀਆਂ ਚੋਣਾਂ ਵਿੱਚ ਦਿੱਲੀ ਵਾਂਗ 62 ਤੋਂ 22 ਵਾਲਾ ਹੀ ਹਾਲ ਹੋਵੇਗਾ।ਇਸ ਲਈ ਉਨ੍ਹਾਂ ਦੀਆਂ ਜਾਇਜ਼ ਮੰਗਾਂ 'ਤੇ ਹਮਦਰਦੀ ਨਾਲ ਵਿਚਾਰ ਕਰਕੇ ਉਹ੍ਹਾਂ ਨੂੰ ਤੁਰੰਤ ਲਾਗੂ ਕੀਤਾ ਜਾਵੇ।ਅਜਿਹਾ ਨਾ ਕਰਨ ਦੀ ਸੂਰਤ ਵਿੱਚ ਕਰਮਚਾਰੀ ਤੇ ਪੈਨਸ਼ਨਰਜ਼ ਨੂੰ ਤਿੱਖਾ ਸੰਘਰਸ਼ ਕਰਨ ਲਈ ਮਜਬੂਰ ਹੋਣਾ ਪਵੇਗਾ, ਜਿਸ ਲਈ ਪੰਜਾਬ ਸਰਕਾਰ ਤੇ ਪਾਵਰਕਾਮ ਟ੍ਰਾਂਸਕੋ ਪੈਨਸ਼ਨਰ ਮੈਨੇਜਮੈਂਟ ਖੁਦ ਜ਼ਿੰਮੇਵਾਰ ਹੋਵੇਗੀ।ਇਸ ਮੌਕੇ ਗੁਰਮੀਤ ਸਿੰਘ ਧਾਲੀਵਾਲ, ਜੋਗਿੰਦਰ ਸਿੰਘ, ਸਵਰਨਜੀਤ ਸਿੰਘ ਨਾਹਰ, ਜਸਵਿੰਦਰ ਸਿੰਘ, ਤੇਜਾ ਸਿੰਘ ਬਰਾੜ, ਬਿੱਕਰ ਸਿੰਘ, ਜਸਵੀਰ ਸਿੰਘ, ਬਲਦੇਵ ਸਿੰਘ ਝੰਡਿਆਣਾ, ਗੁਰਨਾਮ ਸਿੰਘ, ਅੰਗਰੇਜ ਸਿੰਘ, ਗੁਰਦੇਵ ਸਿੰਘ, ਗੁਰਸੇਵਕ ਸਿੰਘ, ਗੁਰਦੇਵ ਸਿੰਘ, ਦਰਬਾਰਾ ਸਿੰਘ ਡਾਲਾ, ਦਰਸ਼ਨ ਸਿੰਘ, ਸਵਰਨ ਸਿੰਘ, ਬਲਦੇਵ ਸਿੰਘ, ਮਲਕੀਤ ਸਿੰਘ, ਗੁਰਚਰਨ ਸਿੰਘ, ਜਗਜੀਤ ਸਿੰਘ, ਬਲਵੀਰ ਸਿੰਘ, ਗੁਰਮੀਤ ਸਿੰਘ ਕਮਾਲ ਕੇ, ਮਦਨ, ਅਜਮੇਰ ਸਿੰਘ, ਅਵਤਾਰ ਸਿੰਘ, ਸਭਾਪਤੀ, ਹਰਮੇਲ ਸਿੰਘ, ਬਲਕਾਰ ਸਿੰਘ, ਕਰਮ ਸਿੰਘ, ਜੱਸਾ ਸਿੰਘ, ਕ੍ਰਿਸ਼ਨ ਸਿੰਘ, ਭਰਤ ਸਿੰਘ, ਮਨਜਿੰਦਰ ਸਿੰਘ, ਕਪੂਰ ਸਿੰਘ ਇੰਦਰਜੀਤ ਸਿੰਘ, ਹਰਭਜਨ ਸਿੰਘ, ਗੁਰਦੀਪ ਸਿੰਘ, ਅੰਗਰੇਜ ਸਿੰਘ, ਆਦਿ ਉਚੇਚੇ ਤੌਰ 'ਤੇ ਹਾਜ਼ਰ ਰਹੇ।

ਸੜਕ ਹਾਦਸੇ 'ਚ ਇੱਕ ਦੀ ਮੌਤ, ਇੱਕ ਜ਼ਖ਼ਮੀ

ਮਾਛੀਵਾੜਾ ਸਾਹਿਬ (ਸ਼ੈਕੀ ਸ਼ਰਮਾ, ਜਗਦੀਸ਼ ਰਾਏ)-ਸਥਾਨਕ ਸਮਰਾਲਾ ਰੋਡ 'ਤੇ ਨਾਗਰਾ ਪੈਲੇਸ ਨੇੜੇ ਬੀਤੀ ਦੇਰ ਰਾਤ ਵਾਪਰੇ ਸੜਕ ਹਾਦਸੇ ਵਿੱਚ ਮੋਟਰਸਾਈਕਲ ਸਵਾਰ ਸੁਖਦੇਵ ਸਿੰਘ (42) ਵਾਸੀ ਕੋਟਾਲਾ ਢਾਹਾ ਦੀ ਮੌਤ ਹੋ ਗਈ, ਜਦਕਿ ਉਸ ਦਾ ਸਾਥੀ ਦੀਪਕ ਜ਼ਖ਼ਮੀ ਹੋ ਗਿਆ। ਮ੍ਰਿਤਕ ਦੇ ਭਰਾ ਕੁਲਵਿੰਦਰ ਸਿੰਘ ਨੇ ਦੱਸਿਆ ਕਿ ਸੁਖਦੇਵ ਸਿੰਘ ਇੱਕ ਫੈਕਟਰੀ ਵਿੱਚ ਕੰਮ ਕਰਦਾ ਸੀ ਤੇ ਬੀਤੀ ਰਾਤ ਉਹ ਆਪਣੇ ਸਾਥੀ ਦੀਪਕ ਦੇ ਮੋਟਰਸਾਈਕਲ 'ਤੇ ਸਵਾਰ ਹੋ ਕੇ ਮਾਛੀਵਾੜਾ ਤੋਂ ਸਮਰਾਲਾ ਵੱਲ ਜਾ ਰਿਹਾ ਸੀ। ਨਾਗਰਾ ਪੈਲੇਸ ਨੇੜੇ ਇੱਕਦਮ ਮੋਟਰਸਾਈਕਲ ਸਵਾਰ ਨੇ ਉਨ੍ਹਾਂ ਨੂੰ ਟੱਕਰ ਮਾਰੀ, ਜਿਸ ਨਾਲ ਉਸ ਦਾ ਭਰਾ ਸੁਖਦੇਵ ਸਿੰਘ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਿਆ। ਸੁਖਦੇਵ ਸਿੰਘ ਨੂੰ ਜਦੋਂ ਇਲਾਜ ਲਈ ਹਸਪਤਾਲ ਲਿਜਾਇਆ ਜਾ ਰਿਹਾ ਸੀ ਤਾਂ ਉਹ ਰਸਤੇ ਵਿੱਚ ਹੀ ਦਮ ਤੋੜ ਗਿਆ, ਜਦਕਿ ਦੀਪਕ ਦੇ ਵੀ ਸੱਟਾਂ ਲੱਗੀਆਂ। ਮਾਛੀਵਾੜਾ ਪੁਲਸ ਵੱਲੋਂ ਸੁਖਦੇਵ ਸਿੰਘ ਦੀ ਲਾਸ਼ ਨੂੰ ਕਬਜ਼ੇ 'ਚ ਕਰ ਪੋਸਟ ਮਾਰਟਮ ਲਈ ਭਿਜਵਾ ਦਿੱਤਾ ਹੈ ਤੇ ਪਰਿਵਾਰਕ ਮੈਂਬਰਾਂ ਵੱਲੋਂ ਦਿੱਤੇ ਬਿਆਨਾਂ ਦੇ ਅਧਾਰ 'ਤੇ ਟੱਕਰ ਮਾਰਨ ਵਾਲੇ ਮੋਟਰਸਾਈਕਲ ਚਾਲਕ ਖਿਲਾਫ਼ ਕਾਨੂੰਨੀ ਕਾਰਵਾਈ ਕੀਤੀ ਜਾ ਰਹੀ ਹੈ।

ਸੜਕ ਹਾਦਸੇ 'ਚ ਮਜ਼ਦੂਰ ਦੀ ਮੌਤ

ਮਾਛੀਵਾੜਾ ਸਾਹਿਬ (ਸ਼ੈਕੀ ਸ਼ਰਮਾ, ਜਗਦੀਸ਼ ਰਾਏ)-ਪਿੰਡ ਰਾਈਆਂ ਵਿਖੇ ਅਣਪਛਾਤੇ ਵਾਹਨ ਦੀ ਚਪੇਟ 'ਚ ਆ ਕੇ ਵਿਸ਼ਾਲ ਵਾਸੀ ਸਾਹਨੇਵਾਲ ਦੀ ਮੌਤ ਹੋ ਗਈ, ਜਦਕਿ ਇਸ ਹਾਦਸੇ ਵਿੱਚ ਇੱਕ ਵਿਅਕਤੀ ਜ਼ਖ਼ਮੀ ਹੋ ਗਿਆ। ਇਸ ਸਬੰਧੀ ਕੁੰਮਕਲਾਂ ਪੁਲਸ ਕੋਲ ਬਿਆਨ ਦਰਜ ਕਰਵਾਉਂਦਿਆਂ ਤਰਲੋਕੀ ਪ੍ਰਸ਼ਾਦ ਨੇ ਦੱਸਿਆ ਕਿ ਉਸ ਦਾ ਲੜਕਾ ਵਿਸ਼ਾਲ ਜੋ ਕਿ ਕੁਹਾੜਾ ਵਿਖੇ ਕੰਬਲ ਫੈਕਟਰੀ ਵਿੱਚ ਕੰਮ ਕਰਦਾ ਹੈ ਤੇ ਕੱਲ੍ਹ ਸ਼ਾਮ 7.30 ਵਜੇ ਉਹ ਠੇਕੇਦਾਰ ਤੋਂ ਪੈਸੇ ਲੈਣ ਲਈ ਆਪਣੇ ਦੋਸਤ ਰਮੇਸ਼ ਨਾਲ ਐਕਟਿਵਾ 'ਤੇ ਸਵਾਰ ਹੋ ਕੇ ਫੈਕਟਰੀ ਗਿਆ ਸੀ, ਪਰ ਉੱਥੇ ਕਿਸੇ ਅਣਪਛਾਤੇ ਵਾਹਨ ਨੇ ਇਨ੍ਹਾਂ ਦੀ ਸਕੂਟਰੀ ਨੂੰ ਫੇਟ ਮਾਰ ਦਿੱਤੀ। ਇਸ ਹਾਦਸੇ ਵਿੱਚ ਜ਼ਿਆਦਾ ਸੱਟਾਂ ਲੱਗਣ ਕਾਰਨ ਉਸ ਦੇ ਲੜਕੇ ਵਿਸ਼ਾਲ ਦੀ ਮੌਤ ਹੋ ਗਈ, ਜਦਕਿ ਰਮੇਸ਼ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਿਆ ਜੋ ਕਿ ਹਸਪਤਾਲ ਵਿੱਚ ਇਲਾਜ ਅਧੀਨ ਹੈ। ਕੁੰਮਕਲਾਂ ਪੁਲਸ ਵੱਲੋਂ ਅਣਪਛਾਤੇ ਵਾਹਨ ਖਿਲਾਫ਼ ਮਾਮਲਾ ਦਰਜ ਕਰ ਲਿਆ ਹੈ।

ਲਾਇਨਜ਼ ਕਲੱਬ ਵੱਲੋਂ ਅੱਖਾਂ ਦਾ ਮੁਫ਼ਤ ਚੈੱਕਅਪ ਤੇ ਅਪ੍ਰੇਸ਼ਨ ਕੈਂਪ 16 ਨੂੰ

ਜਗਰਾਉਂ (ਸੰਜੀਵ ਅਰੋੜਾ, ਅਮਿਤ ਖੰਨਾ)-ਇਲਾਕੇ ਦੀ ਸਿਰਮੌਰ ਸੰਸਥਾ ਲਾਇਨਜ਼ ਕਲੱਬ ਜਗਰਾਉਂ ਮੇਨ ਵੱਲੋਂ ਕਰਨਲ ਗੁਰਦੀਪ ਸਿੰਘ ਦੀ ਨਿੱਘੀ ਯਾਦ ਵਿੱਚ ਇੱਕ ਅੱਖਾਂ ਦਾ ਮੁਫ਼ਤ ਚੈੱਕਅਪ ਤੇ ਆਪ੍ਰੇਸ਼ਨ ਕੈਂਪ 16 ਮਾਰਚ ਨੂੰ ਸਤਲੁਜ ਅੱਖਾਂ ਦੇ ਹਸਪਤਾਲ ਦੇ ਸਹਿਯੋਗ ਨਾਲ ਸਤਲੁਜ ਹਸਪਤਾਲ ਕੱਚਾ ਮਲਕ ਰੋਡ ਵਿਖੇ ਸਵੇਰੇ 10 ਵਜੇ ਤੋਂ ਲੈ ਕੇ 1 ਵਜੇ ਤੱਕ ਲਗਾਇਆ ਜਾ ਰਿਹਾ ਹੈ। ਡਾਕਟਰ ਗੁਰਪਾਲ ਸਿੰਘ ਪੰਜਾਬ ਆਈ ਹਸਪਤਾਲ ਵਾਲੇ ਆਪਣੀ ਟੀਮ ਨਾਲ ਅੱਖਾਂ ਦਾ ਚੈੱਕਅਪ ਕਰਨਗੇ। ਇਸ ਲਈ ਲਾਇਨਜ਼ ਕਲੱਬ ਜਗਰਾਉਂ ਮੇਨ ਦੀ ਬੋਰਡ ਆਫ ਡਾਇਰੈਕਟਰ ਦੀ ਇਕ ਐਮਰਜੈਂਸੀ ਮੀਟਿੰਗ ਸਿੱਧੂ ਅਲਾਏ ਜੀ.ਟੀ ਰੋਡ ਲੁਧਿਆਣਾ ਸਾਈਡ ਵਿਖੇ ਹੋਈ। ਇਸ ਵਿੱਚ ਕੈਂਪ ਨੂੰ ਸਫ਼ਲ ਬਣਾਉਣ ਲਈ ਮੈਂਬਰਾਂ ਦੀਆਂ ਡਿਊਟੀਆਂ ਲਗਾਈਆਂ ਗਈਆਂ। ਇਸ ਮੌਕੇ ਕਲੱਬ ਪ੍ਰਧਾਨ ਲਾਇਨ ਪਰਮਿੰਦਰ ਸਿੰਘ, ਕਲੱਬ ਸੈਕਟਰੀ ਲਾਇਨ ਸ਼ਰਨਦੀਪ ਸਿੰਘ ਬੈਨੀਪਾਲ, ਰੀਜਨ ਚੇਅਰਮੈਨ ਲਾਇਨ ਦਵਿੰਦਰ ਸਿੰਘ ਤੂਰ, ਐਡਵੋਕੇਟ ਲਾਇਨ ਮਹਿੰਦਰ ਸਿੰਘ ਸਿੱਧਵਾਂ, ਲਾਇਨ ਅਮਰਿੰਦਰ ਸਿੰਘ, ਲਾਇਨ ਨਿਰਭੈ ਸਿੱਧੂ, ਲਾਇਨ ਹਰਮਿੰਦਰ ਸਿੰਘ, ਲਾਇਨ ਪਰਮਵੀਰ ਗਿੱਲ, ਲਾਇਨ ਇੰਦਰਪਾਲ ਸਿੰਘ ਢਿੱਲੋ, ਲਾਇਨ ਜਸਜੀਤ ਮੱਲੀ, ਲਾਇਨ ਮਨਜੀਤ ਮਠਾੜੂ, ਲਾਇਨ ਭੁਪਿੰਦਰ ਸਿੰਘ ਰਾਣਾ ਅਤੇ ਲਾਇਨ ਹਰਪ੍ਰੀਤ ਸਿੰਘ ਸੱਗੂ ਆਦਿ ਹਾਜ਼ਰ ਸਨ।

ਕੌਮੀ ਲੋਕ ਅਦਾਲਤ 'ਚ 5100 ਕੇਸਾਂ ਦਾ ਨਿਪਟਾਰਾ

ਫਰੀਦਕੋਟ (ਐਲਿਗਜੇਂਡਰ ਡਿਸੂਜਾ)-ਨੈਸ਼ਨਲ ਲੀਗਲ ਸਰਵਿਸਜ਼ ਅਥਾਰਟੀ ਦਿੱਲੀ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸਾਰੇ ਭਾਰਤ ਵਿੱਚ ਕੌਮੀ ਲੋਕ ਅਦਾਲਤ ਲਗਾਈ ਗਈ।ਇਨ੍ਹਾਂ ਦਿਸ਼ਾ ਨਿਰਦੇਸ਼ਾਂ ਅਨੁਸਾਰ ਮਿਸਟਰ ਜਸਟਿਸ ਸ੍ਰੀ ਅਰੁਣ ਪੱਲੀ, ਜੱਜ ਪੰਜਾਬ ਤੇ ਹਰਿਆਣਾ ਹਾਈ ਕੋਰਟ ਸਹਿਤ ਕਾਰਜਕਾਰੀ ਚੇਅਰਮੈਨ, ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਮੋਹਾਲੀ ਦੇ ਦਿਸ਼ਾ ਨਿਰਦੇਸ਼ਾਂ ਦੀ ਪਾਲਣਾ ਕਰਦੇ ਹੋਏ ਮਿਸ ਨਵਜੋਤ ਕੌਰ ਜ਼ਿਲ੍ਹਾ ਤੇ ਸੈਸ਼ਨਜ਼ ਜੱਜ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਮਿਸ ਗੁਰਪ੍ਰੀਤ ਕੌਰ, ਚੀਫ ਜੁਡੀਸ਼ੀਅਲ ਮੈਜਿਸਟ੍ਰੇਟ ਸਹਿਤ ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਫਰੀਦਕੋਟ ਵੱਲੋਂ ਇਸ ਜ਼ਿਲ੍ਹੇ ਦੀਆਂ ਅਦਾਲਤਾਂ ਵਿੱਚ ਕੌਮੀ ਲੋਕ ਅਦਾਲਤ ਦਾ ਆਯੋਜਨ ਕੀਤਾ ਗਿਆ, ਜਿਸ ਦੇ ਤਹਿਤ ਜ਼ਿਲ੍ਹਾ ਫਰੀਦਕੋਟ ਦੀਆਂ ਅਦਾਲਤਾਂ ਵਿੱਚ 8 ਬੈਂਚ, ਸਥਾਈ ਲੋਕ ਅਦਾਲਤ ਵਿਖੇ 1 ਬੈਂਚ ਤੇ ਸਬ ਡਵੀਜ਼ਨ ਜੈਤੋ ਵਿਖੇ 1 ਬੈਂਚ ਬਣਾਇਆ ਗਿਆ।

ਇਸ ਤੋਂ ਇਲਾਵਾ ਰੈਵੇਨਿਊ ਅਦਾਲਤਾਂ ਦੇ ਵੀ ਬੈਂਚ ਲਗਾਏ ਗਏ।ਇਸ ਲੋਕ ਅਦਾਲਤ ਵਿੱਚ 7610 ਕੇਸਾਂ ਵਿੱਚੋਂ 5100 ਕੇਸਾਂ ਦਾ ਨਿਪਟਾਰਾ ਕਰਕੇ 24,01,12,527 ਰੁਪਏ ਤੇ ਇਸ ਵਿੱਚੋਂ ਪ੍ਰੀ ਲਿਟੀਗੇਸ਼ਨ ਸਟੇਜ ਤੇ 6230 ਕੇਸਾਂ ਵਿੱਚੋਂ 4474 ਕੇਸਾਂ ਦਾ ਨਿਪਟਾਰਾ ਕਰਕੇ 41,43,704/-ਰੁਪਏ ਦਾ ਅਵਾਰਡ ਪਾਸ ਕੀਤਾ ਗਿਆ।ਇਸ ਲੋਕ ਅਦਾਲਤ ਵਿੱਚ ਵੱਖ ਵੱਖ ਤਰ੍ਹਾਂ ਦੇ ਕੇਸਾਂ ਦਾ ਜਿਵੇਂ ਕਿ ਦੀਵਾਨੀ ਕੇਸ, ਰਾਜ਼ੀਨਾਮਾ ਹੋਣ ਯੋਗ ਫੌਜਦਾਰੀ ਕੇਸ, ਚੈੱਕ ਬਾਊਂਸ, ਰਿਕਵਰੀ ਦੇ ਕੇਸ, ਟ੍ਰੈਫਿਕ ਚਲਾਨ ਤੇ ਘਰੇਲੂ ਝਗੜਿਆਂ ਦੇ ਕੇਸ ਅਤੇ ਪ੍ਰੀ ਲਿਟੀਗੇਟਿਵ ਕੇਸਾਂ ਦਾ ਨਿਪਟਾਰਾ ਧਿਰਾਂ ਦੀ ਆਪਸੀ ਸਹਿਮਤੀ ਨਾਲ ਕੀਤਾ ਗਿਆ।ਇਸ ਮੌਕੇ ਵਧੀਕ ਸੈਸ਼ਨਜ਼ ਜੱਜ ਸਾਹਿਬ ਨੇ ਸੰਬੋਧਨ ਕਰਦਿਆਂ ਦੱਸਿਆ ਕਿ ਲੋਕ ਅਦਾਲਤ ਵਿੱਚ ਫੈਸਲਾ ਹੋਏ ਕੇਸਾਂ ਦੀ ਕੋਈ ਅਪੀਲ ਦਲੀਲ ਨਹੀਂ ਹੈ।ਲੋਕ ਅਦਾਲਤ ਵਿੱਚ ਹੋਏ ਫੈਸਲੇ ਨੂੰ ਡਿਕਰੀ ਦੀ ਮਾਨਤਾ ਪ੍ਰਾਪਤ ਹੈ ਤੇ ਇਹ ਫੈਸਲੇ ਤਸੱਲੀਬਖਸ਼ ਹੁੰਦੇ ਹਨ ਅਤੇ ਧਿਰਾਂ ਨੂੰ ਮੁੱਕਦਮੇਬਾਜ਼ੀ ਤੋਂ ਮੁਕਤੀ ਮਿਲਦੀ ਹੈ ਅਤੇ ਹੋਰ ਕਈ ਮਾਨਸਿਕ ਪ੍ਰੇਸ਼ਾਨੀਆਂ ਤੋਂ ਧਿਰਾਂ ਨੂੰ ਮੁਕਤੀ ਮਿਲਦੀ ਹੈ।ਇਸ ਤੋਂ ਇਲਾਵਾ ਸ੍ਰੀਮਤੀ ਦਮਨਦੀਪ ਕਮਲ ਹੀਰਾ ਸਿਵਲ ਜੱਜ ਜੂਨੀਅਰ ਡਵੀਜ਼ਨ, ਫਰੀਦਕੋਟ ਵਿਖੇ ਇੱਕ ਪੈਸੇ ਦੇ ਲੈਣ ਦੇਣ ਦਾ ਦੀਵਾਨੀ ਕੇਸ ਆਇਆ, ਜੋ ਕਿ ਲਗਭਗ 9 ਸਾਲ 4 ਮਹੀਨੇ ਪੁਰਾਣਾ ਕੇਸ ਸੀ।ਇਸ ਕੇਸ ਵਿੱਚ ਸਬੰਧਤ ਜੱਜ ਸਾਹਿਬ ਨੇ ਆਪਣੇ ਸਦਯਤਨਾਂ ਸਦਕਾ 27,00,000 (ਸਤਾਈ ਲੱਖ) ਰੁਪਏ ਦਾ ਰਾਜ਼ੀਨਾਮਾ ਕਰਵਾ ਕੇ ਇਨ੍ਹਾਂ ਪਾਰਟੀਆਂ ਵਿਚਕਾਰ ਆਪਸੀ ਤਕਰਾਰ ਖਤਮ ਕਰ ਦਿੱਤਾ ਗਿਆ।ਇਸ ਦੇ ਨਾਲ ਹੀ ਸੀ. ਜੇ. ਐੱਮ. ਮਿਸ ਗੁਰਪ੍ਰੀਤ ਕੌਰ ਵੱਲੋਂ ਦਫ਼ਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਫਰੀਦਕੋਟ ਵੱਲੋਂ ਦਿੱਤੀਆਂ ਜਾਂਦੀਆਂ ਸੁਵਿਧਾਵਾਂ ਬਾਰੇ ਵੀ ਲੋਕਾਂ ਨੂੰ ਜਾਗਰੂਕ ਕੀਤਾ ਗਿਆ।

ਕਰੇਮੋਨਾ ਵਿਖੇ ਗੁਰਪੁਰਬ ਸੰਬੰਧੀ ਸਮਾਗਮ 16 ਨੂੰ

ਰੋਮ (ਨ ਜ਼ ਸ)-ਗੁਰਦੁਆਰਾ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਕਾਪੈਲਾ ਪਚਨਾਰਦੀ ਕਰੇਮੋਨਾ (ਇਟਲੀ) ਵਿਖੇ ਸਮੂਹ ਸੰਗਤ ਦੇ ਸਹਿਯੋਗ ਨਾਲ ਸਤਿਗੁਰੂ ਰਵਿਦਾਸ ਮਹਾਰਾਜ ਜੀ ਦਾ 648ਵਾਂ ਪ੍ਰਕਾਸ਼ ਦਿਹਾੜਾ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ-ਛਾਇਆ ਹੇਠ 16 ਮਾਰਚ ਨੂੰ ਬੜੀ ਸ਼ਰਧਾਪੂਰਵਕ ਮਨਾਇਆ ਜਾ ਰਿਹਾ ਹੈ।14 ਮਾਰਚ ਨੂੰ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਹੋਣਗੇ, 16 ਮਾਰਚ ਨੂੰ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਉਪਰੰਤ ਵਿਸ਼ੇਸ਼ ਦੀਵਾਨ ਸਜੇਗਾ, ਜਿਸ ਵਿੱਚ ਪੰਜਾਬ ਤੋਂ ਉਚੇਚੇ ਤੌਰ 'ਤੇ ਪਹੁੰਚੇ ਸੰਤ ਕਿਰਪਾਲ ਦਾਸ ਜੀ ਭਾਰਟਾ ਗਣੇਸ਼ਪੁਰ ਆਈਆਂ ਸੰਗਤਾਂ ਨੂੰ ਆਪਣੇ ਪ੍ਰਵਚਨਾਂ ਤੇ ਰਸਭਿੰਨਾ ਕੀਰਤਨ ਕਰਕੇ ਨਿਹਾਲ ਕਰਨਗੇ।ਉਨ੍ਹਾਂ ਸੰਗਤਾਂ ਨੂੰ ਬੇ

10-March-11-Page-Majha-25.qxd 3/9/2025 10:15 PM Page 1

ਗੜੇਮਾਰੀ ਨਾਲ ਪ੍ਰਭਾਵਿਤ ਕਿਸਾਨਾਂ ਦੇ ਪਸ਼ੂ ਧਨ ਲਈ ਚਾਰਾ ਵੰਡਿਆ

ਚੇਤਨਪੁਰਾ (ਸੁਖਵੰਤ ਚੇਤਨਪੁਰੀ)-ਬੀਤੇ ਦਿਨੀਂ ਰਾਜਾਸਾਂਸੀ ਅਤੇ ਅਜਨਾਲਾ ਹਲਕੇ ਵਿੱਚ ਭਾਰੀ ਗੜੇਮਾਰੀ ਕਾਰਨ ਫਸਲਾਂ ਦੇ ਹੋਏ ਨੁਕਸਾਨ ਦੇ ਨਾਲ ਨਾਲ ਪਸ਼ੂ ਧਨ ਲਈ ਬੀਜਿਆ ਗਿਆ ਚਾਰਾ ਵੀ ਨਸ਼ਟ ਹੋ ਗਿਆ ਸੀ।ਪਿਛਲੇ ਦਿਨੀਂ ਗੜੇਮਾਰੀ ਦੀ ਮਾਰ ਹੇਠ ਆਏ ਇਲਾਕਿਆਂ ਦਾ ਦੌਰਾ ਕਰਦਿਆਂ ਸਮੇਂ ਕੈਬਨਿਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨੇ ਕਿਸਾਨਾਂ ਨਾਲ ਦੁੱਖ ਸਾਂਝਾ ਕਰਦੇ ਹੋਏ ਭਰੋਸਾ ਦਿੱਤਾ ਸੀ ਕਿ ਪਸ਼ੂਆਂ ਲਈ ਚਾਰੇ ਦਾ ਪ੍ਰਬੰਧ ਕੀਤਾ ਜਾਵੇਗਾ, ਸੋ ਅੱਜ ਉਨ੍ਹਾਂ ਨੇ ਪੰਜਾਬ ਐਗਰੋ ਦੇ ਫੋਡਰ ਸਟੋਕ ਤੋਂ 2500 ਦੇ ਕਰੀਬ ਪਸ਼ੂਆਂ ਲਈ ਚਾਰਾ ਕਿਸਾਨਾਂ ਨੂੰ ਵੰਡਿਆ।ਉਨ੍ਹਾਂ ਦੱਸਿਆ ਕਿ ਸਾਡੇ ਸਰਵੇ ਦੇ ਅਨੁਸਾਰ 3600 ਦੇ ਕਰੀਬ ਪਸ਼ੂ ਇਸ ਇਲਾਕੇ ਵਿੱਚ ਚਾਰੇ ਦੀ ਥੋੜ ਤੋਂ ਪੀੜਤ ਹੋਏ ਹਨ।ਅਸੀਂ ਹੁਣ ਤੱਕ 2500 ਪਸ਼ੂਆਂ ਨੂੰ ਚਾਰਾ ਵੰਡ ਚੁੱਕੇ ਹਾਂ ਅਤੇ ਬਾਕੀ ਪਸ਼ੂਆਂ ਨੂੰ ਵੀ ਚਾਰਾ ਛੇਤੀ ਭੇਜ ਦਿੱਤਾ ਜਾਵੇਗਾ।ਉਨ੍ਹਾਂ ਕਿਹਾ ਕਿ ਇਸ ਇਲਾਕੇ ਦੇ ਵਿੱਚ ਗਿਰਦਾਵਰੀ ਦਾ ਕੰਮ ਮੁਕੰਮਲ ਹੋ ਚੁੱਕਾ ਹੈ ਅਤੇ ਛੇਤੀ ਹੀ ਕਿਸਾਨਾਂ ਨੂੰ ਫਸਲਾਂ ਦਾ ਮੁਆਵਜ਼ਾ ਵੀ ਜਾਰੀ ਕਰ ਦਿੱਤਾ ਜਾਵੇਗਾ।ਇੱਕ ਸਵਾਲ ਦੇ ਜਵਾਬ ਵਿੱਚ ਉਨ੍ਹਾਂ ਨੇ ਕਿਹਾ ਕਿ ਮੁਆਵਜ਼ੇ ਦੀ ਵੰਡ ਵਿੱਚ ਕਿਸੇ ਵੀ ਤਰ੍ਹਾਂ ਦੀ ਕੋਈ ਸਿਫਾਰਸ਼ ਜਾਂ ਕਾਣੀ ਵੰਡ ਨਹੀਂ ਹੋਵੇਗੀ, ਜਿਸ ਵੀ ਕਿਸਾਨ ਦਾ ਜਿੰਨਾ ਵੀ ਨੁਕਸਾਨ ਹੋਇਆ ਹੈ, ਉਸ ਹਿਸਾਬ ਨਾਲ ਉਸ ਦੇ ਖਾਤੇ ਵਿੱਚ ਪੈਸੇ ਪਾ ਦਿੱਤੇ ਜਾਣਗੇ।ਇਸ ਮੌਕੇ ਜਸਪਾਲ ਸਿੰਘ ਅਜਨਾਲਾ ਤੋਂ ਇਲਾਵਾ ਪੰਜਾਬ ਐਗਰੋ ਦੇ ਸੀਨੀਅਰ ਅਧਿਕਾਰੀ ਵੀ ਹਾਜ਼ਰ ਸਨ।

ਕ੍ਰਿਸ਼ੀ ਵਿਗਿਆਨ ਕੇਂਦਰ ਨਾਗਾ ਕਲਾਂ ਵਿਖੇ ਕਿਸਾਨ ਮੇਲਾ ਅੱਜ

* ਮੇਲੇ 'ਚ ਕੈਬਨਿਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਮੁੱਖ ਮਹਿਮਾਨ ਵਜੋਂ ਕਰਨਗੇ ਸ਼ਿਰਕਤ

ਮਜੀਠਾ (ਸੋਇਮ ਆਨੰਦ)-ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਵੱਲੋਂ ਸਾਉਣੀ ਦੇ ਕਿਸਾਨ ਮੇਲਿਆਂ ਦੀ ਲੜੀ ਤਹਿਤ ਕ੍ਰਿਸ਼ੀ ਵਿਗਿਆਨ ਕੇਂਦਰ ਨਾਗਾ ਕਲਾਂ ਅੰਮ੍ਰਿਤਸਰ ਵਿਖੇ ਕਿਸਾਨ ਮੇਲਾ 10 ਮਾਰਚ ਦਿਨ ਸੋਮਵਾਰ ਨੂੰ ਲਗਾਇਆ ਜਾ ਰਿਹਾ ਹੈ। ਡਾ. ਬਿਕਰਮਜੀਤ ਸਿੰਘ ਸਹਿਯੋਗੀ ਨਿਰਦੇਸ਼ਕ ਕ੍ਰਿਸ਼ੀ ਵਿਗਿਆਨ ਕੇਂਦਰ ਨਾਗ ਕਲਾਂ-ਜਹਾਂਗੀਰ ਵਲੋਂ ਦੱਸਿਆ ਗਿਆ ਕਿ ਕਿਸਾਨ ਮੇਲੇ ਵਿੱਚ ਵੱਖ-ਵੱਖ ਵਿਸ਼ਿਆਂ ਦੇ ਮਾਹਿਰ ਤਕਨੀਕੀ ਜਾਣਕਾਰੀ ਕਿਸਾਨਾਂ ਨਾਲ ਸਾਂਝੀ ਕਰਨਗੇ ਅਤੇ ਉਨ੍ਹਾਂ ਵੱਲੋਂ ਪੁੱਛੇ ਗਏ ਸਵਾਲਾਂ ਦੇ ਜਵਾਬ ਵੀ ਦੇਣਗੇ।ਉਨ੍ਹਾਂ ਕਿਹਾ ਕਿ ਇਸ ਵਾਰ ਮੇਲੇ ਦਾ ਮੁੱਖ ਵਿਸ਼ਾ ਨਵੀਆਂ ਖੇਤੀ ਤਕਨੀਕਾਂ ਅਪਣਾਉ, ਖਰਚ ਘਟਾਓ ਝਾੜ ਵਧਾਉ ਰਹੇਗਾ।ਇਸ ਮੇਲੇ ਦੌਰਾਨ ਸਾਉਣੀ ਰੁੱਤ ਵਿੱਚ ਬੀਜੀਆਂ ਜਾਣ ਵਾਲੀਆਂ ਫਸਲਾਂ ਦੀਆਂ ਸੁਧਰੀਆਂ ਕਿਸਮਾਂ ਦੇ ਬੀਜ, ਫਲਦਾਰ ਬੂਟੇ ਅਤੇ ਸਬਜੀਆਂ ਦੇ ਬੀਜਾਂ ਦੀਆਂ ਕਿੱਟਾਂ ਵੀ ਦਿੱਤੀਆਂ ਜਾਣਗੀਆਂ।ਇਸ ਮੇਲੇ ਦੀ ਪ੍ਰਧਾਨਗੀ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਡਾ. ਸਤਿਬੀਰ ਸਿੰਘ ਗੋਸਲ ਕਰਨਗੇ ਤੇ ਮੁੱਖ ਮਹਿਮਾਨ ਕੈਬਨਿਟ ਮੰਤਰੀ ਪੰਜਾਬ ਕੁਲਦੀਪ ਸਿੰਘ ਧਾਲੀਵਾਲ ਹੋਣਗੇ।ਉਨ੍ਹਾਂ ਵੱਲੋਂ ਕਿਸਾਨ ਭਰਾਵਾਂ ਨੂੰ ਇਸ ਮੇਲੇ ਵਿੱਚ ਵੱਧ ਤੋਂ ਵੱਧ ਸ਼ਿਰਕਤ ਕਰਕੇ ਲਾਭ ਲੈਣ ਲਈ ਕਿਹਾ।

ਸ਼ਹੀਦ ਭਗਤ ਸਿੰਘ ਦਾ ਸ਼ਹੀਦੀ ਦਿਹਾੜਾ 23 ਨੂੰ ਮਨਾਇਆ ਜਾਵੇਗਾ : ਐਡ. ਕੰਵਲਜੀਤ ਕੌਰ

ਅੰਮ੍ਰਿਤਸਰ ਸਾਹਿਬ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਸੀਟੂ ਨਾਲ ਸੰਬੰਧਿਤ ਜਥੇਬੰਦੀਆਂ ਮਿਡ ਡੇ ਮੀਲ ਵਰਕਰ ਯੂਨੀਅਨ ਸੀਟੂ, ਆਸ਼ਾ ਵਰਕਰ ਫਸੀਲੀਟੇਟਰ ਯੂਨੀਅਨ ਸੀਟੂ, ਆਂਗਨਵਾੜੀ ਮੁਲਾਜ਼ਮ ਯੂਨੀਅਨ ਸੀਟੂ, ਮਨਰੇਗਾ ਵਰਕਰ ਯੂਨੀਅਨ ਸੀਟੂ ਅਤੇ ਜਨਵਾਦੀ ਇਸਤਰੀ ਸਭਾ ਵੱਲੋਂ ਸਾਂਝੇ ਤੌਰ 'ਤੇ ਪੁਤਲੀਘਰ ਸੀਟੂ ਦਫਤਰ ਵਿਖੇ ਵਿਸ਼ਾਲ ਇਕੱਠ ਐਡਵੋਕੇਟ ਕੰਵਲਜੀਤ ਕੌਰ, ਚਰਨਜੀਤ ਕੌਰ, ਸਰੋਜ ਬਾਲਾ, ਸੁਮਨ ਰਾਣੀ ਅਤੇ ਤਰਸੇਮ ਟਪਿਆਲਾ ਦੀ ਅਗਵਾਈ ਹੇਠ ਕੀਤਾ ਗਿਆ।ਇਸ ਮੌਕੇ ਦੇ ਸੰਬੋਧਨ ਕਰਦਿਆਂ ਸੀਟੂ ਦੇ ਸੂਬਾਈ ਵਿੱਤ ਸਕੱਤਰ ਕਾਮਰੇਡ ਸੁੱਚਾ ਸਿੰਘ ਅਜਨਾਲਾ, ਆਂਗਨਵਾੜੀ ਮੁਲਾਜ਼ਮ ਯੂਨੀਅਨ ਦੀ ਸੂਬਾਈ ਜੋਇੰਟ ਸਕੱਤਰ ਗੁਰਵਿੰਦਰ ਕੌਰ ਹਰੀਆ , ਆਸ਼ਾ ਵਰਕਰ ਫਸੀਲੀਟੇਟਰ ਯੂਨੀਅਨ ਦੀ ਸੂਬਾਈ ਪ੍ਰਧਾਨ ਸਰੋਜ ਬਾਲਾ,ਮਿਡ ਡੇ ਮੀਲ ਵਰਕਰ ਯੂਨੀਅਨ ਦੀ ਜਨਰਲ ਸਕੱਤਰ ਸੁਮਨ ਰਾਣੀ, ਐਡਵਾ ਦੇ ਸੂਬਾਈ ਮੀਤ ਪ੍ਰਧਾਨ ਐਡਵੋਕੇਟ ਕੰਵਲਜੀਤ ਕੌਰ ਅਤੇ ਮਨਰੇਗਾ ਵਰਕਰ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਤਰਸੇਮ ਟਪਿਆਲਾ ਨੇ ਸੰਬੋਧਨ ਕਰਦਿਆਂ ਇਸਤਰੀ ਜਾਤੀ ਤੇ ਹੋ ਰਹੇ ਹਮਲਿਆਂ ਬਾਰੇ ਵਿਸਤਾਰ ਨਾਲ ਵਿਆਖਿਆ ਕੀਤੀ।ਉਹਨਾਂ ਕਿਹਾ ਕਿ ਕੇਂਦਰੀ ਦੀ ਸਰਕਾਰ ਵੱਲੋਂ ਇਸਤਰੀ ਜਾਤੀ ਉਤੇ ਹਮਲੇ ਲਗਾਤਾਰ ਹੋ ਰਹੇ ਹਨ। ਬਲਾਤਕਾਰ, ਕਤਲ ਅਤੇ ਦਾਜ ਦੀ ਬਲੀ ਦੇ ਕੇਸਾਂ ਵਿੱਚ ਵਾਧਾ ਹੋ ਰਿਹਾ ਹੈ। ਭਾਜਪਾ ਦੀਆਂ ਸਰਕਾਰਾਂ ਵਿੱਚ ਇਹ ਘਟਨਾਵਾਂ ਵੱਧ ਰਹੀਆਂ ਹਨ। ਸਕੀਮ ਵਰਕਰਾਂ ਨੂੰ ਤਿਗੁਣਾ ਮਾਨ ਭੱਤਾ ਦਿੱਤਾ ਜਾਂਦਾ ਹੈ। ਜਿਵੇਂ ਕਿ ਕੁੱਕ ਨੂੰ 3000 ਰੁਪਏ, ਆਸ਼ਾ ਵਰਕਰ ਨੂੰ 2500 ਰੁਪਏ, ਆਂਗਣ ਵਾਲੀ ਵਰਕਰ ਨੂੰ ਸਿਰਫ 1000 ਰੁਪਏ ਦਿੱਤੇ ਜਾਂਦੇ ਹਨ। ਮਨਰੇਗਾ ਵਰਕਰ ਨੂੰ ਤਾਂ 100 ਰੁਪਏ ਦਿਨ ਕੰਮ ਦਿੱਤਾ ਜਾਂਦਾ ਹੈ। ਉਨਾਂ ਦੀ ਦਿਹਾੜੀ 322 ਰੁਪਏ ਹੈ ਕੀ ਇਸਤਰੀ ਜਾਤੀ ਦੀ ਸੁਰੱਖਿਆ ਦਾ ਪੂਰਾ ਪ੍ਰਬੰਧ ਕੀਤਾ ਜਾਵੇ।ਇਸ ਵਰਕਰ ਨੂੰ ਤਨਖਾਹ ਘੱਟੋ ਘੱਟ 26 ਹਜਾਰ ਰੁਪਏ ਮਹੀਨਾ ਦਿੱਤਾ ਜਾਵੇ।ਡਿਊਟੀ ਪੰਜ ਵਜੇ ਤੋਂ ਬਾਅਦ ਨਾ ਲਈ ਜਾਵੇ।ਇਸ ਮੌਕੇ ਚਰਨਜੀਤ ਮਜੀਠਾ, ਰਘਬੀਰ ਕੌਰ ਨਾਗ, ਸਪਨਾ ਰਾਣੀ, ਗੁਰਮੀਤ ਕੌਰ, ਮਨਦੀਪ ਕੌਰ, ਪਰਮਜੀਤ ਕੌਰ, ਸੋਣੀਆਂ, ਵਿਜੇ ਕੁਮਾਰ, ਕਿਰਪਾ ਰਾਮ, ਨਰਿੰਦਰ ਚਮਿਆਰੀ, ਆਦੀ ਨੇ ਸੰਬੋਧਨ ਕੀਤਾ।ਇਸ ਮੌਕੇ ਚਾਹ ਦਾ ਲੰਗਰ ਵੀ ਲਗਾਇਆ ਗਿਆ। 23 ਮਾਰਚ ਨੂੰ ਸ਼ਹੀਦ ਭਗਤ ਸਿੰਘ ਰਾਜਗੁਰੂ ਸੁਖਦੇਵ ਦਾ ਸ਼ਹੀਦੀ ਦਿਹਾੜਾ ਵੀ ਮਨਾਇਆ ਜਾਏਗਾ।

ਨਵ-ਨਿਯੁਕਤ ਜਥੇਦਾਰ ਗਿਆਨੀ ਕੁਲਦੀਪ ਸਿੰਘ ਅੱਜ ਸੰਭਾਲਣਗੇ ਸੇਵਾ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਵੱਲੋਂ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਨਿਯੁਕਤ ਕੀਤੇ ਗਏ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ 10 ਮਾਰਚ ਨੂੰ ਸੇਵਾ ਸੰਭਾਲਣਗੇ।ਸ਼੍ਰੋਮਣੀ ਕਮੇਟੀ ਦੇ ਸਕੱਤਰ ਪ੍ਰਤਾਪ ਸਿੰਘ ਨੇ ਦੱਸਿਆ ਕਿ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਦੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਵਜੋਂ ਸੇਵਾ ਸੰਭਾਲਣ ਸਬੰਧੀ 10 ਮਾਰਚ ਨੂੰ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਸ੍ਰੀ ਅਨੰਦਪੁਰ ਸਾਹਿਬ ਵਿਖੇ ਸਵੇਰੇ 10:00 ਵਜੇ ਸਮਾਗਮ ਰੱਖਿਆ ਗਿਆ ਹੈ, ਜਿਸ ਵਿਚ ਸਮੂਹ ਪੰਥਕ ਜਥੇਬੰਦੀਆਂ, ਨਿਹੰਗ ਸਿੰਘ ਦਲਾਂ, ਸਿੱਖ ਸੰਪਰਦਾਵਾਂ, ਗੁਰਮਤਿ ਟਕਸਾਲਾਂ, ਸਿੱਖ ਸੰਸਥਾਵਾਂ ਦੇ ਨੁਮਾਇੰਦਿਆਂ ਸਣੇ ਪੰਥਕ ਆਗੂ, ਸੰਤ-ਮਹਾਪੁਰਸ਼ ਤੇ ਸੰਗਤ ਸ਼ਾਮਲ ਹੋਵੇਗੀ। ਸ. ਪ੍ਰਤਾਪ ਸਿੰਘ ਨੇ ਪੰਥਕ ਸ਼ਖਸੀਅਤਾਂ ਨੂੰ ਸਮਾਗਮ ਵਿੱਚ ਪਹੁੰਚਣ ਦੀ ਅਪੀਲ ਕੀਤੀ।ਉਨ੍ਹਾਂ ਦੱਸਿਆ ਕਿ ਸ਼੍ਰੋਮਣੀ ਕਮੇਟੀ ਵੱਲੋਂ ਸੇਵਾ ਸੰਭਾਲ ਸਮਾਗਮ ਦੀਆਂ ਤਿਆਰੀਆਂ ਕੀਤੀਆਂ ਜਾ ਰਹੀਆਂ ਹਨ, ਜਿਸ ਸਬੰਧ ਵਿੱਚ ਸਮੂਹ ਤਖ਼ਤ ਸਾਹਿਬਾਨ ਦੇ ਸਿੰਘ ਸਾਹਿਬ ਅਤੇ ਪੰਥਕ ਜਥੇਬੰਦੀਆਂ ਨੂੰ ਸੱਦੇ ਪੱਤਰ ਭੇਜੇ ਜਾ ਚੁੱਕੇ ਹਨ।

ਮਹਿਲਾ ਦਿਵਸ ਮੌਕੇ ਔਰਤਾਂ ਦੀ ਸਿਹਤ ਤੇ ਰੋਜ਼ਗਾਰ ਲਈ ਮੈਗਾ ਕੈਂਪ

* ਵਿਧਾਇਕ ਮਨਜਿੰਦਰ ਸਿੰਘ ਲਾਲਪੁਰਾ ਨੇ ਮੁੱਖ ਮਹਿਮਾਨ ਵਜੋਂ ਕੀਤੀ ਸ਼ਿਰਕਤ

ਤਰਨ ਤਾਰਨ (ਪ੍ਰਿਤਪਾਲ ਸਿੰਘ)-ਡਿਪਟੀ ਕਮਿਸ਼ਨਰ ਤਰਨ ਤਾਰਨ ਸ੍ਰੀ ਰਾਹੁਲ ਆਈ. ਏ. ਐੱਸ. ਦੇ ਦਿਸ਼ਾ ਨਰਦੇਸ਼ਾਂ ਹੇਠ ਅਤੇ ਰਾਹੁਲ ਅਰੋੜਾ ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਤਰਨ ਤਾਰਨ ਦੀ ਅਗਵਾਈ ਵਿੱਚ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਅਲਾਦੀਨਪੁਰ ਵਿਖੇ ਅੱਜ ਅੰਤਰਰਾਸ਼ਟਰੀ ਮਹਿਲਾ ਦਿਵਸ ਮੌਕੇ ਬੇਟੀ ਬਚਾਓ ਬੇਟੀ ਪੜ੍ਹਾਓ ਮੁਹਿਮ ਅਧੀਨ ਜਿਲ੍ਹਾ ਪੱਧਰੀ ਔਰਤਾਂ ਦੀ ਸਿਹਤ ਅਤੇ ਰੋਜ਼ਗਾਰ ਲਈ ਮੈਗਾ ਕੈਂਪ ਲਗਾਇਆ ਗਿਆ, ਜਿਸ ਵਿੱਚ ਸ. ਮਨਜਿੰਦਰ ਸਿੰਘ ਲਾਲਪੁਰਾ ਐਮ. ਐਲ. ਏ. ਹਲਕਾ ਖਡੂਰ ਸਾਹਿਬ ਮੁੱਖ ਮਹਿਮਾਨ ਵਜੋਂ ਤੇ ਸ਼ਾਮਿਲ ਹੋਏ।ਇਸ ਕੈਂਪ ਵਿੱਚ ਵੱਖ-ਵੱਖ ਵਿਭਾਗਾਂ ਵੱਲੋਂ ਔਰਤਾਂ ਅਤੇ ਬੱਚਿਆਂ ਲਈ ਚਲਾਈਆਂ ਜਾ ਰਹੀਆਂ ਸਕੀਮਾਂ ਬਾਰੇ ਜਾਣਕਾਰੀ ਦਿੱਤੀ ਗਈ ਅਤੇ ਮਹਿਲਾਵਾਂ ਦੇ ਸਸ਼ਕਤੀਕਰਨ ਲਈ ਸੈਲਫ਼ ਹੈਲਪ ਗਰੁੱਪ, ਰੋਜ਼ਗਾਰ ਦਫ਼ਤਰ, ਬੈਂਕਾਂ ਵੱਲੋਂ ਸਟਾਲ ਵੀ ਲਗਾਈਆਂ ਗਈਆਂ।ਇਸ ਤੋਂ ਇਲਾਵਾ ਰਾਜੇਸ਼ ਕੁਮਾਰ ਜ਼ਿਲ੍ਹਾ ਬਾਲ ਸੁਰੱਖਿਆ ਅਫ਼ਸਰ ਤਰਨ ਤਾਰਨ ਵਲੋਂ ਬੱਚਿਆਂ ਦੀ ਸੁਰੱਖਿਆ ਅਤੇ ਦੇਖਭਾਲ ਲਈ ਚਲਾਈਆਂ ਜਾ ਰਹੀਆਂ ਸਕੀਮਾਂ ਬਾਰੇ ਜਾਣਕਾਰੀ ਦਿੱਤੀ ਗਈ।ਅਨੀਤਾ ਰੰਜਨ ਵਲੋਂ ਔਰਤਾਂ ਅਤੇ ਲੜਕੀਆਂ ਨੂੰ ਘਰੇਲੂ ਹਿੰਸਾ ਦਾ ਸ਼ਿਕਾਰ ਔਰਤਾਂ ਨੂੰ ਵਨ ਸਟਾਪ ਸੈਂਟਰ ਵੱਲੋਂ ਦਿੱਤੀਆਂ ਜਾਣ ਵਾਲੀਆਂ ਸਕੀਮਾਂ ਬਾਰੇ ਜਾਣਕਾਰੀ ਦਿੱਤੀ।ਇਸ ਕੈਂਪ ਵਿੱਚ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਸਿਹਤ ਵਿਭਾਗ, ਮੁੱਖ ਮੰਤਰੀ ਯੋਗਸ਼ਾਲਾ, ਜ਼ਿਲ੍ਹਾ ਰੋਜਗਾਰ ਦਫ਼ਤਰ, ਪੋਸਟ ਆਫਿਸ, ਜਰਨਲ ਮੈਨੇਜਰ ਜ਼ਿਲ੍ਹਾ ਉਦਯੋਗ ਤਰਨ ਤਾਰਨ ਵਲੋਂ ਵੀ ਸਟਾਲ ਲਗਾਈ ਗਈ।ਇਸ ਮੈਗਾ ਕੈਂਪ ਵਿੱਚ ਸਿਹਤ ਵਿਭਾਗ ਵਲੋਂ ਫ੍ਰੀ ਕੈਂਸਰ ਸਕੋਨਿੰਗ, ਬਲਡ ਚੈੱਕਅੱਪ, ਬਲਡ ਪ੍ਰੇਸ਼ਰ, ਸ਼ੂਗਰ ਟੈਸਟ ਅਤੇ ਹੋਰ ਲੋੜੀਂਦਾ ਚੈੱਕ-ਅੱਪ ਗਰਭ ਨਿਰੋਧਕ ਢੰਗ, ਬਾਂਝਪਨ, ਮਾਹਵਾਰੀ, ਕਿਸ਼ੋਰੀ ਸ਼ਕਤੀ, ਸਬੰਧੀ ਜਾਣਕਾਰੀ ਦਿੱਤੀ ਗਈ। ਔਰਤਾਂ ਦੇ ਰੋਜਗਾਰ ਉਪਲੱਬਧ ਕਰਾਉਣ ਲਈ ਬੈਂਕਾਂ ਵਲੋਂ ਦਿੱਤੀਆਂ ਜਾਣ ਵਾਲੀਆਂ ਲੋੜੀਂਦਾ ਵਿੱਤੀ ਸਹਾਇਤਾ ਬਾਰੇ ਜਾਣਕਾਰੀ ਦਿੱਤੀ ਗਈ। ਇਸ ਮੈਗਾ ਕੈਂਪ ਵਿੱਚ ਜਿਲ੍ਹੇ ਦੀ ਹੋਣਹਾਰ ਬੇਟੀਆਂ ਅਤੇ ਮਹਿਲਾਵਾਂ ਜਿਨ੍ਹਾਂ ਨੇ ਕੌਮਾਂਤਰੀ ਪੱਧਰ ਦੇ ਮੱਲਾਂ ਮਾਰੀਆਂ ਅਤੇ ਉਚ ਅਹੁਦਿਆਂ ਤੇ ਆਪਣੀ ਸੇਵਾਵਾਂ ਨਿਭਾ ਰਹੀਆਂ ਹਨ, ਉਨ੍ਹਾਂ ਨੂੰ ਵੀ ਸਨਮਾਨਿਤ ਕੀਤਾ ਗਿਆ।ਇਸ ਮੌਕੇ ਸੰਬੋਧਨ ਕਰਦਿਆਂ ਮੁੱਖ ਮਹਿਮਾਨ ਮਨਜਿੰਦਰ ਸਿੰਘ ਲਾਲਪੁਰਾ ਐੱਮ. ਐੱਲ. ਏ. ਹਲਕਾ ਖਡੂਰ ਸਾਹਿਬ ਨੇ ਅੰਤਰ ਰਾਸ਼ਟਰੀ ਮਹਿਲਾ ਦਿਵਸ ਦੀ ਵਧਾਈ ਦਿੰਦਿਆਂ ਕਿਹਾ ਕਿ ਜਿਸ ਦੇਸ਼ ਦੀ ਔਰਤ ਸ਼ਸ਼ਕਤ ਹੋਵੇਗੀ, ਉਹ ਦੇਸ਼ ਉਨ੍ਹਾਂ ਹੀ ਮਜਬੂਤ ਹੋਵੇਗਾ। ਉਨ੍ਹਾਂ ਕਿਹਾ ਕਿ ਔਰਤਾਂ ਦੀ ਸੁਰੱਖਿਆ, ਸਿੱਖਿਆ ਅਤੇ ਉਨ੍ਹਾਂ ਨੂੰ ਬਰਾਬਰ ਦੇ ਮੌਕੇ ਪ੍ਰਦਾਨ ਕਰਨ ਨਾਲ ਹੀ ਦੇਸ਼ ਅਤੇ ਸਮਾਜ ਤਰੱਕੀ ਕਰ ਸਕਦਾ ਹੈ।ਇਸ ਮੌਕੇ ਉਨ੍ਹਾਂ ਔਰਤਾਂ ਅਤੇ ਲੜਕੀਆਂ ਨੂੰ ਇਸ ਕੈਂਪ ਰਾਹੀ ਦੱਸਿਆ ਕਿ ਮੌਜੂਦਾ ਸਰਕਾਰ ਵੱਲੋਂ ਔਰਤਾਂ ਅਤੇ ਲੜਕੀਆਂ ਨੂੰ ਪਹਿਲ ਦੇ ਆਧਾਰ ਤੇ ਸੁਰੱਖਿਆ, ਸਿੱਖਿਆ ਅਤੇ ਰੋਜ਼ਗਾਰ ਮੁਹੱਈਆ ਕਰਵਾਉਣ ਲਈ ਹਮੇਸ਼ਾ ਪਹਿਲ ਕਦਮੀ ਕੀਤੀ ਹੈ ਅਤੇ ਇਸੇ ਤਰ੍ਹਾਂ ਦੇ ਕੈਂਪ ਲਗਾਤਾਰ ਲਗਾਏ ਜਾਣਗੇ ਅਤੇ ਮੌਕੇ ਤੇ ਹੀ ਸਹਾਇਤਾ ਮੁਹੱਈਆ ਕਰਵਾਈਆ ਜਾਣਗੀਆਂ।ਸ਼੍ਰੀ ਰਾਹੁਲ ਅਰੋੜਾ ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਤਰਨ ਤਾਰਨ ਨੇ ਦੱਸਿਆ ਕਿ ਡਾ. ਬਲਜੀਤ ਕੌਰ ਕੈਬਨਿਟ ਮੰਤਰੀ, ਸਮਾਜਿਕ ਸੁਰੱਖਿਆ ਇਸਤਰੀ ਤੇ ਬਾਲ ਵਿਕਾਸ ਵਿਭਾਗ ਪੰਜਾਬ ਚੰਡੀਗੜ੍ਹ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸਾਰੇ ਪੰਜਾਬ ਵਿੱਚ ਔਰਤਾਂ ਅਤੇ ਲੜਕੀਆਂ ਦੀ ਸਿਹਤ ਸੁਰੱਖਿਆ ਅਤੇ ਰੋਜ਼ਗਾਰ ਲਈ ਇਸ ਤਰ੍ਹਾਂ ਦੇ ਮੈਗਾ ਕੈਂਪ ਲਗਾਏ ਜਾ ਰਹੇ ਹਨ, ਜਿਸ ਦਾ ਲਾਭ ਹਰ ਕੋਈ ਔਰਤ ਅਤੇ ਲੜਕੀ ਪ੍ਰਾਪਤ ਕਰ ਸਕਦੀ ਹੈ । ਜਿਲ੍ਹੇ ਵਿੱਚ ਔਰਤਾਂ ਅਤੇ ਲੜਕੀਆਂ 0 ਤੋਂ 18 ਸਾਲ ਦੇ ਬੱਚਿਆਂ ਲਈ ਚਲਾਈ ਜਾ ਰਹੀ ਸਕੀਮਾਂ ਬਾਰੇ ਜਾਣਕਾਰੀ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਕਮਰਾ ਨੰ 318 ਤੀਜੀ ਮੰਜ਼ਿਲ ਤੇ ਸਥਾਪਿਤ ਦਫ਼ਤਰ ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਤੋਂ ਪ੍ਰਾਪਤ ਕੀਤੀ ਜਾ ਸਕਦੀ ਹੈ ।

ਤਖ਼ਤ ਸਾਹਿਬਾਨ ਦੀ ਸਰਬਉੱਚਤਾ ਨੂੰ ਸਿਆਸਤਦਾਨ ਢਾਅ ਲਗਾ ਰਹੇ: ਪੰਜ ਸਿੰਘ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)-ਸ਼੍ਰੋਮਣੀ ਕਮੇਟੀ ਵੱਲੋਂ ਬਰਖ਼ਾਸਤ ਕੀਤੇ ਗਏ ਪੰਜ ਪਿਆਰਿਆਂ ਨੇ ਕਿਹਾ ਕਿ ਪਿਛਲੇ ਲੰਮੇ ਸਮੇਂ ਤੋਂ ਅਕਾਲੀ ਸਿਆਸਤ ਆਪਣੇ ਨਿੱਜੀ ਹਿੱਤਾਂ ਦੀ ਪੂਰਤੀ ਲਈ ਤਖ਼ਤ ਸਾਹਿਬਾਨ ਅਤੇ ਜਥੇਦਾਰਾਂ ਤੇ ਭਾਰੂ ਹੈ ਜਿਸਦੇ ਕਾਰਨ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਰਬਉੱਚ

ਜਰਨਲਿਸਟ ਪ੍ਰੈੱਸ ਕਲੱਬ (ਰਜਿ.) ਪੰਜਾਬ ਦੀ 11ਵੀਂ ਵਰ੍ਹੇਗੰਢ 'ਤੇ ਵਿਸ਼ੇਸ਼ ਸਪਲੀਮੈਂਟ

ਜਰਨਲਿਸਟ ਪ੍ਰੈੱਸ ਕਲੱਬ (ਰਜਿ.) ਪੰਜਾਬ ਦੀ 11ਵੀਂ ਵਰ੍ਹੇਗੰਢ ਦੀਆਂ ਲੱਖ-ਲੱਖ ਮੁਬਾਰਕਾਂ

ਪ੍ਰੀਤ ਸੰਗੋਜਲਾ ਜ਼ਿਲ੍ਹਾ ਪ੍ਰਧਾਨ
ਜੋਗਿੰਦਰ ਸਿਘ ਜਾਤੀਕੇ ਜ਼ਿਲ੍ਹਾ ਚੇਅਰਮੇਨ
ਸੁਖਵਿੰਦਰ ਸੋਹੀ ਜਨਰਲ ਸੈਕਟਰੀ
ਬਰਿੰਦਰ ਚਾਨਾ ਸੀਨੀ. ਆਗੂ ਪ੍ਰੇਸ ਕਲੱਬ
ਗੌਰਵ ਮੜੀਆ ਉਪ ਪ੍ਰਧਾਨ
ਦੀਪਕ ਮਰਵਾਹਾ ਉਪ ਚੇਅਰਮੇਨ
ਜਗਜੀਤ ਸਿਘ ਜਨਰਲ ਸਕੱਤਰ, ਨਡਾਲਾ
ਸੁਰਿੰਦਰ ਸੱਭਰਵਾਲ ਸੀਨੀ. ਆਗੂ
ਸੁਰਜੀਤ ਸਿਘ ਗੌਰਾ ਪੱਤਰਕਾਰ
ਰਜਿੰਦਰ ਸ਼ਰਮਾ ਉਪ ਪ੍ਰਧਾਨ
ਰੋਬਿਨ ਖੰਨਾ ਪੱਤਰਕਾਰ
ਪਰਮਜੀਤ ਸਿਘ ਚੌਹਾਨ ਸਰਪ੍ਰਸਤ ਸ੍ਰੀ ਮੁਕਤਸਰ ਸਾਹਿਬ
ਸਵਰਨ ਸਿਘ ਚੰਦੀ ਪ੍ਰਧਾਨ ਲੈਂਗੀਆਂ ਯੂਨਿਟ
ਪ੍ਰੀਤਮ ਸਿਘ ਬਿੰਦ ਜਨਰਲ ਸੈਕਟਰੀ
ਜਤਿੰਦਰ ਸੇਠੀ ਪ੍ਰਧਾਨ, ਸੁਲਤਾਨਪੁਰਲੋਧੀ
ਬਲਵਿੰਦਰ ਸਿਘ ਲਾਡੀ ਚੇਅਰਮੇਨ, ਸੁਲਤਾਨਪੁਰਲੋਧੀ
ਨਰੇਸ਼ ਹੈਪੀ ਜਨਰਲ ਸਕੱਤਰ, ਸੁਲਤਾਨਪੁਰਲੋਧੀ
ਗੋਬਿੰਦ ਰਾਏ ਬਲਾਕ ਪ੍ਰਧਾਨ, ਨਕੋਦਰ
ਗੁਰਦੀਪ ਸਿਘ ਹੀਰਾ ਸੀਨੀ. ਆਗੂ ਜਲੰਧਰ
ਜਗਦੀਸ਼ ਸਿਘ ਮਹੇੜੂ ਸੀਨੀ. ਆਗੂ ਪ੍ਰੇਸ ਕਲੱਬ
ਅਮਰਜੀਤ ਸਿਘ ਢੋਟ ਸਰਪ੍ਰਸਤ
ਜਸਬੀਰ ਸਿਘ ਸਿੱਧੂ ਚੇਅਰਮੇਨ ਮਾਲਵਾ ਜੋਨ ਬਠਿੰਡਾ
ਰਾਜੇਸ਼ ਕੁਮਾਰ ਕੈਸ਼ੀਅਰ
ਗੁਰਮਿੰਦਰਪਾਲ ਸਿਘ ਕੰਡਾ ਵਾਇਸ ਪ੍ਰਧਾਨ

ਜਰਨਲਿਸਟ ਪ੍ਰੈੱਸ ਕਲੱਬ (ਰਜਿ.) ਪੰਜਾਬ ਦੀ 11ਵੀਂ ਵਰ੍ਹੇਗੰਢ ਮੌਕੇ ਪੱਤਰਕਾਰ ਪ੍ਰੀਤ ਸੰਗੋਜਲਾ ਵੱਲੋਂ ਸਪਲੀਮੈਂਟ ਕੱਢਣ 'ਤੇ ਮੁਬਾਰਕਾਂ

ਅਮਿਤ ਕੁਮਾਰ ਪੰਢਾਲ ਡੀ ਸੀ, ਕਪੂਰਥਲਾ
ਗੌਰਵ ਤੂਰਾ ਐਸ ਐਸ ਪੀ ਕਪੂਰਥਲਾ
ਗੁਰਪ੍ਰੀਤ ਸਿਘ ਗਿੱਲ ਐਸ ਪੀ ਪੇਂਡੂਆਂਚਰਜ
ਸਰਬਜੀਤ ਸਿਘ ਰਾਏ ਐਸ ਪੀ ਡੀ, ਕਪੂਰਥਲਾ
ਅਮਨਦੀਪ ਨਾਹਰ ਇੰਸਪੈਕਟਰ

ਜਰਨਲਿਸਟ ਪ੍ਰੈੱਸ ਕਲੱਬ (ਰਜਿ.) ਪੰਜਾਬ ਦੀ 11ਵੀਂ ਵਰ੍ਹੇਗੰਢ ਮੌਕੇ ਪੱਤਰਕਾਰ ਪ੍ਰੀਤ ਸੰਗੋਜਲਾ ਵੱਲੋਂ ਸਪਲੀਮੈਂਟ ਕੱਢਣ 'ਤੇ ਮੁਬਾਰਕਾਂ

ਦੀਪਕਰਨ ਸਿਘ ਡੀ ਐਸ ਪੀ ਕਪੂਰਥਲਾ
ਸੁਖਪਾਲ ਸਿਘ ਡੀ ਐਸ ਪੀ ਨਕੋਦਰ
ਕਰਨੈਲ ਸਿਘ ਡੀ ਐਸ ਪੀ ਭੁਲੱਥ
ਸਰਵਨ ਸਿਘ ਬੱਲ ਡੀ ਐਸ ਪੀ ਫਿਲੌਰ

ਜਰਨਲਿਸਟ ਪ੍ਰੈੱਸ ਕਲੱਬ (ਰਜਿ.) ਪੰਜਾਬ ਦੀ 11ਵੀਂ ਵਰ੍ਹੇਗੰਢ ਮੌਕੇ ਪੱਤਰਕਾਰ ਪ੍ਰੀਤ ਸੰਗੋਜਲਾ ਵੱਲੋਂ ਸਪਲੀਮੈਂਟ ਕੱਢਣ 'ਤੇ ਮੁਬਾਰਕਾਂ

ਵਿਕਾਸ ਸੱਭਰਵਾਲ ਏ ਡੀ ਏ ਕਪੂਰਥਲਾ
ਮਨਜੀਤ ਮਾਨ ਸੂਬਾ ਪ੍ਰਧਾਨ, ਜਰਨਲਿਸਟ ਪ੍ਰੈਸ ਕਲੱਬ ਪੰਜਾਬ
ਪ੍ਰੀਤ ਸੰਗੋਜਲਾ ਜ਼ਿਲ੍ਹਾ ਪ੍ਰਧਾਨ ਕਪੂਰਥਲਾ, ਜਰਨਲਿਸਟ ਪ੍ਰੈਸ ਕਲੱਬ ਪੰਜਾਬ

ਲਾਲ ਵਿਸ਼ਵਾਸ਼ ਐਸ ਡੀ ਐਮ, ਨਕੋਦਰ
ਕੁਲਜੀਤ ਸਿਘ ਗੀਡਰ, ਕਪੂਰਥਲਾ
ਗੁਰਮੀਤ ਸਿਘ ਮਾਨ ਐਸ ਡੀ ਐਮ ਜੀਰਾ



ਜਰਨਲਿਸਟ ਪ੍ਰੈੱਸ ਕਲੱਬ (ਰਜਿ.) ਪੰਜਾਬ ਦੀ 11ਵੀਂ ਵਰ੍ਹੇਗੰਢ ਮੌਕੇ ਪੱਤਰਕਾਰ ਪ੍ਰੀਤ ਸੰਗੋਜਲਾ ਵੱਲੋਂ ਸਪਲੀਮੈਂਟ ਕੱਢਣ 'ਤੇ ਮੁਬਾਰਕਾਂ

ਹਰਜਿੰਦਰ ਸਿਘ ਸੰਧੂ ਡੀ ਡੀ ਪੀ ਓ
ਸੁਖਜਿੰਦਰ ਸਿਘ ਪੰਚਾਇਤ ਅਫ਼ਸਰ, ਕਪੂਰਥਲਾ

ਜਰਨਲਿਸਟ ਪ੍ਰੈੱਸ ਕਲੱਬ (ਰਜਿ.) ਪੰਜਾਬ ਦੀ 11ਵੀਂ ਵਰ੍ਹੇਗੰਢ ਮੌਕੇ ਪੱਤਰਕਾਰ ਪ੍ਰੀਤ ਸੰਗੋਜਲਾ ਵੱਲੋਂ ਸਪਲੀਮੈਂਟ ਕੱਢਣ 'ਤੇ ਮੁਬਾਰਕਾਂ

ਬਲਤੇਜ ਸਿਘ ਢਿੱਲੋਂ ਸੀਨੀ. ਐਡਵੋਕੇਟ
ਜੋਬਨਪ੍ਰੀਤ ਸਿਘ ਸੰਗੋਜਲਾ ਐਡਵੋਕੇਟ, ਯੂ ਕੇ
ਮਨਜੀਤ ਸਿਘ ਸੰਗੋਜਲਾ ਸਾਬਕਾ ਸਰਪੰਚ
ਸਵਿੰਦਰਪਾਲ ਸਿਘ ਚਾਹਲ ਸਮਾਜ ਸੇਵਕ

ਜਰਨਲਿਸਟ ਪ੍ਰੈੱਸ ਕਲੱਬ (ਰਜਿ.) ਪੰਜਾਬ ਦੀ 11ਵੀਂ ਵਰ੍ਹੇਗੰਢ ਮੌਕੇ ਸਪਲੀਮੈਂਟ ਕੱਢਣ 'ਤੇ ਮੁਬਾਰਕਾਂ

ਮਨਜੀਤ ਮਾਨ ਸੂਬਾ ਪ੍ਰਧਾਨ
ਜੋ ਐਸ ਸੰਧੂ ਸੂਬਾ ਸਰਪ੍ਰਸਤ
ਰਾਕੇਸ਼ ਖੰਨਾ ਸੂਬਾ ਚੇਅਰਮੇਨ
ਪ੍ਰੀਤ ਸੰਗੋਜਲਾ ਜ਼ਿਲ੍ਹਾ ਪ੍ਰਧਾਨ
ਰਾਮ ਸਿਘ ਭੱਟੀ ਮੁੱਖ ਬੁਲਾਰਾ, ਪੰਜਾਬ
ਚੰਦਰ ਸ਼ੇਖਰ ਸ਼ਰਮਾ ਸੂਬਾ ਕਾਨੂੰਨੀ ਸਲਾਹਕਾਰ
ਦੀਪਕ ਸ਼ਰਮਾ ਸੂਬਾ ਕਾਨੂੰਨੀ ਸਲਾਹਕਾਰ
ਪ੍ਰਿਤਪਾਲ ਸਿਘ ਕੁਆਰਡੀਨੇਟਰ

ਵੱਲੋਂ : ਜਰਨਲਿਸਟ ਪ੍ਰੈੱਸ ਕਲੱਬ (ਰਜਿ.) ਪੰਜਾਬ, ਕਪੂਰਥਲਾ

ਜਰਨਲਿਸਟ ਪ੍ਰੈੱਸ ਕਲੱਬ (ਰਜਿ.) ਪੰਜਾਬ ਦੀ 11ਵੀਂ ਵਰ੍ਹੇਗੰਢ ਮੌਕੇ ਪੱਤਰਕਾਰ ਪ੍ਰੀਤ ਸੰਗੋਜਲਾ ਵੱਲੋਂ ਸਪਲੀਮੈਂਟ ਕੱਢਣ 'ਤੇ ਮੁਬਾਰਕਾਂ

ਅਮਰਪ੍ਰੀਤ ਕੌਰ ਜ਼ਿਲ੍ਹਾ ਪ੍ਰਧਾਨ ਮਹਿਲਾ ਵਿੰਗ ਜਲੰਧਰ
ਰਜਨੀ ਬਾਲਾ ਜ਼ਿਲ੍ਹਾ ਪ੍ਰਧਾਨ ਮਹਿਲਾ ਵਿੰਗ ਕਪੂਰਥਲਾ
ਸੋਨਮਦੀਪ ਕੌਰ ਇੰਸਪੈਕਟਰ ਕਪੂਰਥਲਾ
ਮਨਦੀਪ ਕੌਰ ਇੰਸਪੈਕਟਰ ਕਪੂਰਥਲਾ

ਜਰਨਲਿਸਟ ਪ੍ਰੈੱਸ ਕਲੱਬ (ਰਜਿ.) ਪੰਜਾਬ ਦੀ 11ਵੀਂ ਵਰ੍ਹੇਗੰਢ ਮੌਕੇ ਪੱਤਰਕਾਰ ਪ੍ਰੀਤ ਸੰਗੋਜਲਾ ਵੱਲੋਂ ਸਪਲੀਮੈਂਟ ਕੱਢਣ 'ਤੇ ਮੁਬਾਰਕਾਂ

ਐਡਵੋਕੇਟ ਜੋਬਨਪ੍ਰੀਤ ਸਿਘ ਸੰਗੋਜਲਾ ਯੂ ਕੇ
ਮਹਿਕਦੀਪ ਸੰਗੋਜਲਾ

ਜਰਨਲਿਸਟ ਪ੍ਰੈੱਸ ਕਲੱਬ (ਰਜਿ.) ਪੰਜਾਬ ਦੀ 11ਵੀਂ ਵਰ੍ਹੇਗੰਢ ਮੌਕੇ ਪੱਤਰਕਾਰ ਪ੍ਰੀਤ ਸੰਗੋਜਲਾ ਵੱਲੋਂ ਸਪਲੀਮੈਂਟ ਕੱਢਣ 'ਤੇ ਮੁਬਾਰਕਾਂ

ਚਰਨਜੀਤ ਸਿਘ ਪੰਚ ਮਿਆਣੀ ਭੱਗੂਪੁਰੀਆ
ਯੋਗਰਾਜ ਪੁਰੀ ਜਲੰਧਰ
ਰਣਜੋਧ ਸਿਘ ਸੋਧੂ ਸੂਬਾ ਪ੍ਰਧਾਨ ਐਨ ਆਰ ਆਈ ਵਿੰਗ
ਅਵਿਨਾਸ਼ ਕਪੂਰਥਲਾ
ਗੁਰਦੀਪ ਸਿਘ ਸੰਧੂ ਤਹਿਸੀਲਦਾਰ ਨਕੋਦਰ
ਰਜੀਵ ਖੋਸਲਾ ਨਾਇਬ ਤਹਿਸੀਲਦਾਰ ਕਪੂਰਥਲਾ
ਨਵਜੋਤ ਕੌਰ ਕਾਨੂੰਗੋ, ਕਪੂਰਥਲਾ
ਮਨਦੀਪ ਸਿਘ ਪਟਵਾਰੀ
ਸਨੀ ਭਾਟੀਆ ਕਪੂਰਥਲਾ
ਭਾਈ ਅਵਤਾਰ ਸਿਘ ਹਜ਼ੂਰੀ ਰਬਾਬੀ ਗੁ. ਸ੍ਰੀ ਬਾਬਾ ਕਾਹਨਦਾਸ ਜੀ

Shaping Young Minds Since 2010

MERRY LAND INTERNATIONAL PUBLIC SCHOOL
VPO-Alampur, Miani to Dasuya Road, Distt. Hoshiarpur -144202.
Affiliated to CBSE, New Delhi Code: 1631113

15th ANNIVERSARY
DECADE AND HALF OF EXCELLENCE IN EDUCATION
CBSE CURRICULUM
Admission OPEN For 2025-26
PLAYWAY TO 9TH & 11TH (ALL STREAMS)

MANAGED BY
OAKLAND EDUCATION SOCIETY

- Innovative Curriculum
- Creative Experiential Learning
- State of the Art Infrastructure
- English Zone
- Cultural Activity Rooms
- Well Equipped Labs

For Admission Call : +91-75892-00102 | 99881-80054

abhimanu IAS
Education with Commitment
COLUMBIAN ACADEMY
CRACK ACADEMY
abhimanu IAS
in association with Crack Academy
PCS 2025
Abhimanu IAS and Crack Academy
OFFLINE & ONLINE CLASSES IN JALANDHAR CITY
Course Features:-
- Pre Cum Mains Batch
- Daily Classes
- Mock Tests (sectional and Full Length)
- Separate Mentorship and Doubt Classes
- Mains Answer Writing Practice
- Weekly CSAT Classes
- Weekly Current Affairs Classes

PARVEEN BANSALSIR FOUNDER OF abhimanu IAS
7-DAYS NO QUESTIONS ASKED 100% MONEY BACK GUANTEE
If you don't like our course in 7- days of joining, you will get 100% Fee Back, No Questions Asked!
Tajinderjit Singh CAREER CONSULTANT
COLUMBIAN ACADEMY
CREATE OPPORTUNITIES
44, COLUBIAN ACDEMY, CENTRAL MARKET, NR. CINEMA, JALANDHAR 75994-75994

ਧੰਨਵਾਦ

ਮਨਜੀਤ ਮਾਨ
ਸੂਬਾ ਪ੍ਰਧਾਨ ਜਰਨਲਿਸਟ ਪ੍ਰੈਸ ਕਲੱਬ ਰਜਿ. ਪੰਜਾਬ
ਮੋਬਾ. 98728-88955

ਜਰਨਲਿਸਟ ਪ੍ਰੈੱਸ ਕਲੱਬ (ਰਜਿ.) ਪੰਜਾਬ ਦੀ 11ਵੀਂ ਵਰ੍ਹੇਗੰਢ ਮੌਕੇ ਜਿਨ੍ਹਾਂ ਵੀਰਾਂ ਸੱਜਣਾਂ ਨੇ ਕਪੂਰਥਲਾ ਵਿਸ਼ੇਸ਼ ਸਪਲੀਮੈਂਟ ਕੱਢਣ 'ਚ ਮੇਰਾ ਦਿਲੋਂ ਸਹਿਯੋਗ ਕੀਤਾ, ਮੈਂ ਉਨ੍ਹਾਂ ਸੱਜਣਾਂ ਦਾ ਤਹਿ ਦਿਲੋਂ ਧੰਨਵਾਦੀ ਹਾਂ ਅਤੇ ਆਸ ਕਰਦਾ ਹਾਂ ਕਿ ਉਹ ਅੱਗੇ ਤੋਂ ਵੀ ਇਸੇ ਤਰ੍ਹਾਂ ਮੇਰਾ ਸਾਥ ਦਿੰਦੇ ਰਹਿਣਗੇ।

ਪ੍ਰੀਤ ਸੰਗੋਜਲਾ
ਪੱਤਰਕਾਰ ਤੇ ਜ਼ਿਲ੍ਹਾ ਪ੍ਰਧਾਨ ਕਪੂਰਥਲਾ, ਜਰਨਲਿਸਟ ਪ੍ਰੈਸ ਕਲੱਬ ਰਜਿ. ਪੰਜਾਬ
ਮੋਬਾ. 99143-35663

ਜਨਮ ਦਿਨ ਮੁਬਾਰਕ

ਸੁਖਮਨਪ੍ਰੀਤ ਕੌਰ
ਪਿਤਾ : ਮਨਜੀਤ ਮਾਨ
ਮਾਤਾ : ਸ਼ੈਤੋਸ਼ ਕੁਮਾਰੀ
ਵਾਸੀ : ਕਪੂਰਥਲਾ

ਵਰ੍ਹੇਗੰਢ ਮੁਬਾਰਕ

ਬਲਦੇਵ ਰਾਜ ਪਤਨੀ ਬਲਵਿੰਦਰ ਕੌਰ ਵਾਸੀ ਸੀਤਲਪੁਰ ਨੇ ਆਪਣੇ ਵਿਆਹ ਦੀ 30ਵੀਂ ਵਰ੍ਹੇਗੰਢ ਮਨਾਈ।

ਇਕਬਾਲ ਸਿਘ ਖਹਿਰਾ ਅਤੇ ਮਨਮਿੰਦਰ ਕੌਰ ਖਹਿਰਾ ਨੇ ਆਪਣੇ ਵਿਆਹ ਦੀ 34ਵੀਂ ਵਰ੍ਹੇਗੰਢ ਮਨਾਈ।

ਗੁਰਮੁੱਖ ਸਿਘ ਭੋਜੋ ਮਾਜਰੀ ਅਤੇ ਪਰਮਜੀਤ ਕੌਰ ਬਨਭੌਰੀ ਵਾਸੀ ਨਾਭਾ ਦੀ ਵਿਆਹ ਦੀ 35ਵੀਂ ਵਰ੍ਹੇਗੰਢ ਦੀਆਂ ਮੁਬਾਰਕਾਂ।

ਪਰਮਿੰਦਰ ਸਿਘ ਅਤੇ ਗੁਰਮੀਤ ਕੌਰ ਵਾਸੀ ਹੁਸ਼ਿਆਰਪੁਰ ਨੇ ਆਪਣੇ ਵਿਆਹ ਦੀ 25ਵੀਂ ਵਰ੍ਹੇਗੰਢ ਮਨਾਈ।

ਜਰਨਲਿਸਟ ਪ੍ਰੈੱਸ ਕਲੱਬ ਪੰਜਾਬ ਪੱਤਰਕਾਰ ਸਾਥੀਆਂ ਦੇ ਹੱਕਾਂ ਤੇ ਜਬਰ ਜ਼ੁਲਮ ਖਿਲਾਫ ਸੰਘਰਸ਼ ਕਰਦੀ ਰਹੇਗੀ : ਮਾਨ, ਸੰਗੋਜਲਾ

ਕਪੂਰਥਲਾ (ਪੱਤਰ ਪ੍ਰੇਰਕ) ਜਨਰਲਿਸਟ ਪ੍ਰੈੱਸ ਕਲੱਬ ਪੰਜਾਬ (ਰਜਿ.) ਸਮੂਹ ਪੱਤਰਕਾਰ ਭਰਚਾਰੇ ਦੀ ਪੰਜਾਬ ਪੱਧਰੀ ਇੱਕ ਅਜਿਹੀ ਸਿਰਮੌਰ ਸੰਸਥਾ ਹੈ, ਜਿਸ ਨੇ ਬਹੁਤ ਘੱਟ ਸਮੇਂ 'ਚ ਪੱਤਰਕਾਰਤਾ ਦੇ ਖ਼ੇਤਰ ਵਿੱਚ ਆਪਣੀ ਇਕ ਨਾਵੇਕਲੀ ਥਾਂ ਬਣਾਈ ਹੈ। ਇਸ ਸੰਸਥਾ ਦੇ ਸੂਬਾ ਪ੍ਰਧਾਨ ਮਨਜੀਤ ਮਾਨ ਤੇ ਪ੍ਰੀਤ ਸੰਗੋਜਲਾ ਜ਼ਿਲ੍ਹਾ ਪ੍ਰਧਾਨ ਕਪੂਰਥਲਾ ਬਹੁਤ ਹੀ ਸੁਲਝੇ ਅਤੇ ਬਹੁਤ ਹੀ ਤਜਰਬੇਕਾਰ, ਜ਼ਮੀਨੀ ਹਕੀਕਤਾਂ ਅਤੇ ਪੱਤਰਕਾਰ ਭਾਈਚਾਰੇ ਦੀ ਸਮੱਸਿਆ ਤੋਂ ਭਲੀ-ਭਾਂਤ ਜਾਣੂ ਹੋਣ ਕਰਕੇ ਉਨ੍ਹਾਂ ਮੀਡੀਆ ਦੀ ਆਜ਼ਾਦੀ ਅਤੇ ਮਜਬੂਤੀ ਲਈ ਪ੍ਰਸੰਸਾਯੋਗ ਕੰਮ ਕੀਤੇ ਹਨ ਜਨਰਲਿਸਟ ਪ੍ਰੈਸ ਕਲੱਬ ਪੰਜਾਬ (ਰਜਿ:) ਨੇ ਪੱਤਰਕਾਰ ਵੀਰਾਂ 'ਤੇ ਹੋ ਰਹੇ ਜਬਰ ਜ਼ੁਲਮ ਦੇ ਖਿਲਾਫ ਹਮੇਸ਼ਾ ਹੀ ਨਿਰਪੱਖਤਾ ਅਤੇ ਨਿਡਰਤਾ ਨਾਲ ਆਵਾਜ਼ ਬੁਲੰਦ ਕੀਤੀ ਹੈ ਅਤੇ ਹਜ਼ਾਰਾਂ ਮੀਡੀਆ ਕਰਮੀਆਂ ਨੂੰ ਹੁਣ ਤੱਕ ਇਨਸਾਫ ਦੁਵਾਇਆ ਹੈ ਅਤੇ ਇਹ ਮੁਹਿੰਮ ਅੱਗੇ ਤੋਂ ਵੀ ਜਾਰੀ ਰਹੇਗੀ। ਇਸ ਤੋਂ ਇਲਵਾ ਇਸ ਸੰਸਥਾ ਦਾ ਜਿੱਥੇ ਪੰਜਾਬ ਵਿੱਚ ਇੱਕ ਮਜਬੂਤ ਅਤੇ ਸੰਗਠਨਾਤਮਕ ਢਾਂਚਾ ਹੈ ਉਥੇ ਹੁਣ ਪੰਜਾਬ ਦੇ ਬਾਹਰ ਵੀ ਇਸ ਦੇ ਯੂਨਿਟ ਵੱਡੇ ਪੱਧਰ 'ਤੇ ਬਣਾਏ ਜਾ ਰਹੇ ਹਨ। ਆਉਣ ਵਾਲੇ ਸਮੇਂ ਵਿੱਚ ਸਾਰੇ ਭਾਰਤ ਵਿੱਚ ਇਹ ਸੰਸਥਾ ਆਪਣੇ ਯੂਨਿਟ ਤਿਆਰ ਕਰਕੇ ਪ੍ਰੈੱਸ ਦੀ ਆਜ਼ਾਦੀ ਅਤੇ ਮਜ਼ਬੂਤੀ ਲਈ ਕੰਮ ਕਰਦੀ ਰਹੇਗੀ।

ਸੂਰੇਵਾਲ ਤੋਂ ਐਲਗਰਾ ਤੱਕ ਟੁੱਟੀ ਹੋਈ ਸੜਕ ਦੀ ਹੋਈ ਮੁਰੰਮਤ

ਭਲਾਣ - (ਹਰਭਜਨ ਢਿੱਲੋਂ) ਸੂਰੇਵਾਲ ਤੋਂ ਐਲਗਰਾਂ ਤੱਕ ਟੁੱਟੀ ਹੋਈ ਸੜਕ ਦੀ ਮੁਰੰਮਤ ਹੋਣ ਨਾਲ ਲੋਕਾਂ ਨੇ ਸੁੱਖ ਦਾ ਸਾਹ ਲਿਆ ਹੈ।ਜ਼ਿਕਰਯੋਗ ਹੈ ਕਿ ਸੂਰੇਵਾਲ ਤੋਂ ਲੈ ਕੇ ਐਲਗਰਾਂ ਤੱਕ ਭਾਰੀ ਵਾਹਨ ਚਲਦੇ ਸੀ।ਜਿਸ ਕਾਰਨ ਸੜਕ ਟੁੱਟ ਰਹੀ ਸੀ ਤੇ ਪੈਚ ਨਾ ਲੱਗਣ ਕਰਕੇ ਸੜਕ ਦਿਨੋ ਦਿਨ ਟੁੱਟਦੀ ਜਾ ਰਹੀ ਸੀ।ਇਸ ਸੜਕ ਉੱਤੇ ਛੋਟੇ ਖੱਡੇ ਭਾਰੀ ਵਾਹਨ ਲੰਘਣ ਕਰਕੇ ਵੱਡੇ ਰੂਪ ਧਾਰਨ ਕਰ ਰਹੇ ਸਨ।ਸਿਆਣਿਆਂ ਦੇ ਕਥਨ ਅਨੁਸਾਰ ਜੇਕਰ ਪਾਟੇ ਹੋਏ ਕੱਪੜੇ ਨੂੰ ਸੀ ਏ ਨਾ ਤੇ ਉਹ ਪਾਟਦਿਆਂ ਪਾਟਦਿਆਂ ਪਾਟ ਜਾਂਦਾ ਹੈ।ਇਸ ਤਰ੍ਹਾਂ ਇਹ ਛੋਟੇ ਖੱਡੇ ਵੱਡੇ ਖੱਡੇ ਬਣ ਗਏ ਸਨ।ਹੁਣ ਸੰਬੰਧਿਤ ਮਹਿਕਮੇ ਵੱਲੋਂ ਛੋਟੇ ਵੱਡੇ ਸਾਰੇ ਪੈਚਾਂ ਦੀ ਲੁੱਕ ਬਜਰੀ ਪਾ ਕੇ ਰਿਪੇਅਰ ਕਰ ਦਿੱਤੀ ਹੈ।ਜਿਸ ਨਾਲ ਛੋਟੇ ਵੱਡੇ ਵਾਹਨਾਂ ਨੂੰ ਆਰਾਮ ਨਾਲ ਚੱਲਣ ਵਿੱਚ ਮਦਦ ਮਿਲੇਗੀ। ਜਿਹੜੀਆਂ ਸੰਗਤਾਂ ਆਪਣੇ ਵਹੀਕਲਾਂ ਉੱਤੇ ਹੋਲੇ ਮਹੱਲੇ ਲਈ ਸ੍ਰੀ ਅਨੰਦਪੁਰ ਸਾਹਿਬ, ਕੀਰਤਪੁਰ ਸਾਹਿਬ ਅਤੇ ਸ੍ਰੀ ਨੈਣਾਂ ਦੇਵੀ ਦੇ ਦਰਸ਼ਨ ਕਰਨ ਲਈ ਹੁਸ਼ਿਆਰਪੁਰ ਜਾਂ ਹਿਮਾਚਲ ਪ੍ਰਦੇਸ਼ ਤੋਂ ਆਉਂਦੀਆਂ ਹਨ। ਉਹਨਾਂ ਲਈ ਇਸ ਸੜਕ 'ਤੇ ਚੱਲਣਾ ਆਸਾਨ ਹੋ ਗਿਆ ਹੈ।

ਨਸ਼ਿਆਂ ਵਿਰੁੱਧ ਜੰਗ ਪੰਜਾਬ ਸਰਕਾਰ ਦਾ ਸਾਰਥਕ ਉਪਰਾਲਾ : ਸੰਦੀਪ ਸੈਣੀ

ਹੁਸ਼ਿਆਰਪੁਰ, (ਬਲਵੀਰ ਸਿਘ ਸੈਣੀ)- ਪੰਜਾਬ ਸਰਕਾਰ ਵੱਲੋਂ ਸੂਬੇ ਨੂੰ ਨਸ਼ਾ ਮੁਕਤ ਬਣਾਉਣ ਲਈ ਜੰਗੀ ਪੱਧਰ 'ਤੇ ਸ਼ੁਰੂ ਕੀਤੀ ਗਈ ਮੁਹਿੰਮ ਨਸ਼ਿਆਂ ਵਿਰੁੱਧ ਸਾਰਥਕ ਉਪਰਾਲਾ ਹੈ। ਆਮ ਲੋਕਾਂ ਨੂੰ ਇਸ ਮੁਹਿੰਮ ਵਿੱਚ ਪੂਰਾ ਸਹਿਯੋਗ ਦੇਣਾ ਚਾਹੀਦਾ ਹੈ ਤਾਂ ਜੋ ਇਸ ਦੀ ਸਫਲਤਾ ਜ਼ਮੀਨੀ ਪੱਧਰ ਤੱਕ ਮਹਿਸੂਸ ਕੀਤੀ ਜਾ ਸਕੇ ਅਤੇ ਸਮਾਜ ਵਿੱਚ ਵੱਡੀ ਤਬਦੀਲੀ ਆ ਸਕੇ।ਇਹ ਵਿਚਾਰ ਬੈਂਕਫਿੰਕੋ ਪੰਜਾਬ ਦੇ ਚੇਅਰਮੈਨ ਸੰਦੀਪ ਸੈਣੀ ਨੇ ਇੱਥੇ ਜਾਰੀ ਪ੍ਰੈਸ ਬਿਆਨ ਵਿੱਚ ਪ੍ਰਗਟ ਕੀਤੇ। ਉਨ੍ਹਾਂ ਕਿਹਾ ਕਿ ਇਸ ਮੁਹਿੰਮ ਦੀ ਸਫ਼ਲਤਾ ਜਨਤਾ ਦੇ ਸਹਿਯੋਗ 'ਤੇ ਨਿਰਭਰ ਕਰਦੀ ਹੈ। ਜੇਕਰ ਜਨਤਾ ਪੁਲਸ ਅਤੇ ਸਰਕਾਰ ਨਾਲ ਨਸ਼ਾ ਵੇਚਣ ਵਾਲਿਆਂ ਬਾਰੇ ਸਹੀ ਜਾਣਕਾਰੀ ਸਾਂਝੀ ਕਰੇ ਤਾਂ ਉਨ੍ਹਾਂ ਨੂੰ ਸਲਾਖਾਂ ਪਿੱਛੇ ਡੱਕਣਾ ਆਸਾਨ ਹੋ ਜਾਵੇਗਾ। ਇਸ ਲਈ ਬਿਨਾਂ ਕਿਸੇ ਡਰ ਤੋਂ ਨਸ਼ਾ ਤਸਕਰਾਂ ਬਾਰੇ ਜਾਣਕਾਰੀ ਦਿੱਤੀ ਜਾਵੇ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ ਇਸ ਮਾਮਲੇ ਵਿੱਚ ਪੂਰੀ ਤਰ੍ਹਾਂ ਸਖ਼ਤ ਰਵੱਈਆ ਅਪਣਾਇਆ ਹੋਇਆ ਹੈ ਅਤੇ ਨਸ਼ਾ ਤਸਕਰਾਂ ਦੇ ਘਰਾਂ ਨੂੰ ਵੀ ਢਾਹੁਣਾ ਸ਼ੁਰੂ ਕਰ ਦਿੱਤਾ ਗਿਆ ਹੈ । ਸੈਣੀ ਨੇ ਕਿਹਾ ਕਿ ਨਸ਼ਿਆਂ ਨੇ ਪੰਜਾਬ ਨੂੰ ਏਨਾ ਬਦਨਾਮ ਕਰ ਦਿੱਤਾ ਹੈ ਕਿ ਦੂਜੇ ਸੂਬੇ ਸਾਡੇ ਸੂਬੇ ਨ